8-APRIL-PAGE-1.qxd 4/7/2024 10:15 PM Page 1

ਸੋਮਵਾਰ, 8 ਅਪ੍ਰੈਲ, 2024
26 ਚੇਤ { ਨਾਨਕਸ਼ਾਹੀ 556 / ਬਿਕਰਮੀ 2080
ਜਿਲਦ/VOL. : 72
ਅੰਕ/NO. : 308

ਨਵਾਂ ਜ਼ਮਾਨਾ

DAILY NAWAN ZAMANA • MONDAY, 8 APRIL, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਮੋਦੀ ਵੱਲੋਂ ਭਾਜਪਾ ਨੂੰ ਰੱਬ ਦੇ ਬਰਾਬਰ ਤੋਲਣ ਦੇ ਯਤਨ : ਤੇਜਸਵੀ ਯਾਦਵ

ਹਾਰ ਤੋਂ ਡਰੇ ਨੂੰ ਸਾਰੀਆਂ ਆਪੋਜ਼ੀਸ਼ਨ ਪਾਰਟੀਆਂ ਸਨਾਤਨ ਧਰਮ ਵਿਰੋਧੀ ਲਗਦੀਆਂ

ਪਟਨਾ : ਰਾਜਦ ਆਗੂ ਤੇ ਬਿਹਾਰ ਦੇ ਸਾਬਕਾ ਉਪ ਮੁੱਖ ਮੰਤਰੀ ਤੇਜਸਵੀ ਯਾਦਵ ਨੇ ਐਤਵਾਰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪੋਜ਼ੀਸ਼ਨ ਪਾਰਟੀਆਂ ਨੂੰ ਸਨਾਤਨ ਧਰਮ ਵਿਰੋਧੀ ਗਰਦਾਨ ਕੇ ਭਾਜਪਾ ਨੂੰ ਰੱਬ ਦੇ ਬਰਾਬਰ ਤੋਲ ਰਹੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਤੇਜਸਵੀ ਨੇ ਕਿਹਾ ਕਿ ਲੋਕਾਂ ਵਿਚਲੀ ਉਪਰਾਮਤਾ ਤੇ ਇਸ ਦੇ ਲੋਕ ਸਭਾ ਚੋਣਾਂ 'ਤੇ ਅਸਰ ਨੇ ਪ੍ਰਧਾਨ ਮੰਤਰੀ ਨੂੰ ਡਰਾ ਦਿੱਤਾ ਹੈ, ਇਸੇ ਕਰਕੇ ਉਹ ਜਿੱਤ ਦੀ ਭਵਿੱਖਬਾਣੀ ਕਰਨ ਦੇ ਬਾਅਦ ਵੀ ਗੇੜੇ 'ਤੇ ਗੇੜੇ ਮਾਰ ਰਹੇ ਹਨ।

ਉਨ੍ਹਾ ਕਿਹਾ—ਪ੍ਰਧਾਨ ਮੰਤਰੀ ਨੂੰ ਨਵਾਦਾ ਜ਼ਿਲ੍ਹੇ ਦੀ ਰੈਲੀ ਵਿਚ ਕਾਂਗਰਸ ਤੇ ਇਸ ਦੇ ਇਤਿਹਾਦੀਆਂ ਨੂੰ ਸਨਾਤਨ ਧਰਮ ਵਿਰੋਧੀ ਕਰਾਰ ਦੇਣਾ ਸ਼ੋਭਾ ਨਹੀਂ ਦਿੰਦਾ। ਸਭ ਜਾਣਦੇ ਹਨ ਕਿ ਮੇਰੇ ਘਰ ਛੋਟਾ ਮੰਦਰ ਹੈ, ਜਿੱਥੇ ਮੇਰੇ ਪਰਵਾਰ ਦੇ ਸਭ ਲੋਕ ਪੂਜਾ ਕਰਦੇ ਹਨ, ਪਰ ਇਹ ਸ਼ੋਅ ਕਰਨ ਵਾਲੀ ਗੱਲ ਨਹੀਂ। ਮੈਂ ਹੈਰਾਨ ਹਾਂ, ਜਿਹੜਾ ਭਾਜਪਾ ਦਾ ਵਿਰੋਧ ਕਰਦਾ ਹੈ, ਪ੍ਰਧਾਨ ਮੰਤਰੀ ਉਸ ਨੂੰ ਧਰਮ ਵਿਰੋਧੀ ਗਰਦਾਨ ਦਿੰਦੇ ਹਨ। ਤੇਜਸਵੀ ਨੇ ਕਿਹਾ ਕਿ ਨਵਾਦਾ ਰੈਲੀ ਤੋਂ ਪਹਿਲਾਂ ਉਨ੍ਹਾ ਪ੍ਰਧਾਨ ਮੰਤਰੀ ਨੂੰ ਸਵਾਲ ਕੀਤੇ ਸਨ ਕਿ ਉਹ ਭਾਜਪਾ ਦੇ ਭ੍ਰਿਸ਼ਟਾਚਾਰ ਨੂੰ ਲੁਕਾਉਣ ਲਈ ਹਮੇਸ਼ਾ ਆਪੋਜ਼ੀਸ਼ਨ ਤੇ ਆਪੋਜ਼ੀਸ਼ਨ ਦੇ ਆਗੂਆਂ ਨੂੰ ਹੀ ਭ੍ਰਿਸ਼ਟਾਚਾਰੀ ਤੇ ਘੁਟਾਲੇਬਾਜ਼ ਕਿਉਂ ਦੱਸਦੇ ਰਹਿੰਦੇ ਹਨ? ਪ੍ਰਧਾਨ ਮੰਤਰੀ ਦੱਸਣ ਕਿ ਕਿਵੇਂ ਆਪੋਜ਼ੀਸ਼ਨ ਦੇ ਸਾਰੇ ਕਥਿਤ ਭ੍ਰਿਸ਼ਟ ਆਗੂਆਂ ਨੇ ਸੀ ਬੀ ਆਈ, ਈ ਡੀ ਤੇ ਇਨਕਮ ਟੈਕਸ ਵਿਭਾਗ ਦੀ ਮਦਦ ਨਾਲ ਭਾਜਪਾ ਜੁਆਇਨ ਕੀਤੀ? ਪ੍ਰਧਾਨ ਮੰਤਰੀ ਦੱਸਣਗੇ ਕਿ ਕਿਵੇਂ ਤੇ ਕਿਉਂ ਕਥਿਤ ਭ੍ਰਿਸ਼ਟਾਚਾਰੀ ਕਮਲ ਛਾਪ ਸਾਬਣ ਨਾਲ ਨਹਾਉਣ ਤੇ ਨਾਰੰਗੀ ਵਾਸ਼ਿੰਗ ਮਸ਼ੀਨ ਵਿਚ ਧੁਲਣ ਦੇ ਬਾਅਦ ਬੇਈਮਾਨ, ਭ੍ਰਿਸ਼ਟ ਤੇ ਨਕਾਰੇ ਤੋਂ ਇਮਾਨਦਾਰ ਤੇ ਸੁਯੋਗ ਬਣ ਕੇ ਸਾਰੇ ਕੇਸਾਂ ਤੋਂ ਬਰੀ ਹੋ ਜਾਂਦੇ ਹਨ? ਪ੍ਰਧਾਨ ਮੰਤਰੀ ਦੱਸਣ ਕਿ ਜਾਂਚ ਏਜੰਸੀਆਂ ਦੇ ਛਾਪਿਆਂ ਤੋਂ ਬਾਅਦ ਇਲੈਕਟੋਰਲ ਬਾਂਡ ਰਾਹੀਂ ਕਿਵੇਂ ਤੇ ਕਿਉਂ ਵੱਡੀਆਂ ਕੰਪਨੀਆਂ ਹਜ਼ਾਰਾਂ ਕਰੋੜ ਰੁਪਏ ਭਾਜਪਾ ਦੇ ਖਾਤੇ ਵਿਚ ਪਾਉਂਦੀਆਂ ਹਨ? ਪ੍ਰਧਾਨ ਮੰਤਰੀ ਦੱਸਣ ਕਿ ਭਾਜਪਾ ਨੇ ਦੇਸ਼ ਵਿਚ ਸਭ ਤੋਂ ਵੱਧ ਪਰਵਾਰਵਾਦੀ ਆਗੂਆਂ ਨੂੰ ਟਿਕਟਾਂ ਕਿਉਂ ਦਿੱਤੀਆਂ?

ਤੇਜਸਵੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਨਵਾਦਾ ਦੀ ਰੈਲੀ ਵਿਚ ਇਨ੍ਹਾਂ ਵਿੱਚੋਂ ਕਿਸੇ ਸਵਾਲ ਦਾ ਜਵਾਬ ਨਹੀਂ ਦਿੱਤਾ। ਉਨ੍ਹਾ ਅੱਗੇ ਕਿਹਾ—ਮੈਨੂੰ ਖੁਸ਼ੀ ਹੈ ਕਿ ਜਦੋਂ ਤੋਂ ਮੈਂ ਭਾਜਪਾ ਦੀ ਅਗਵਾਈ ਵਾਲੀ ਕੁਲੀਸ਼ਨ ਵਿਚ ਸਿਆਸੀ ਪਰਵਾਰਵਾਦੀਆਂ ਦਾ ਮੁੱਦਾ ਚੁੱਕਣਾ ਸ਼ੁਰੂ ਕੀਤਾ ਹੈ, ਪ੍ਰਧਾਨ ਮੰਤਰੀ ਨੇ ਪਰਵਾਰਵਾਦ ਖਿਲਾਫ ਰਾਗ ਅਲਾਪਣਾ ਬੰਦ ਕਰ ਦਿੱਤਾ ਹੈ। ਪ੍ਰਧਾਨ ਮੰਤਰੀ ਨੇ ਬਿਹਾਰ ਵਿਚ ਜਿਸ ਉਮੀਦਵਾਰ ਦੇ ਹੱਕ ਵਿਚ ਪ੍ਰਚਾਰ ਕੀਤਾ, ਉਹ ਸਿਆਸੀ ਪਰਵਾਰ ਵਿੱਚੋਂ ਹੀ ਹੈ।

ਤੇਜਸਵੀ ਨੇ ਪ੍ਰਧਾਨ ਮੰਤਰੀ ਦੇ ਇਸ ਦਾਅਵੇ ਦੀ ਵੀ ਖਿੱਲੀ ਉਡਾਈ ਕਿ ਉਹ ਜਿੱਤ ਬਾਰੇ ਆਸਵੰਦ ਹੋਣ ਦੇ ਬਾਵਜੂਦ ਰੈਲੀਆਂ ਵਿਚ ਲੋਕਾਂ ਦੇ ਦਰਸ਼ਨ ਕਰਨ ਆਉਂਦੇ ਹਨ। ਜੇ ਇੰਜ ਹੈ ਤਾਂ ਪ੍ਰਧਾਨ ਮੰਤਰੀ ਚੋਣਾਂ ਵਿਚ ਹੀ ਕਿਉਂ ਦਰਸ਼ਨ ਕਰਨ ਆ ਰਹੇ ਹਨ।

ਹਕੀਕਤ ਇਹ ਹੈ ਕਿ ਉਹ ਡਰੇ ਹੋਏ ਹਨ। ਉਹ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਉਹ ਝੂਠ ਦੇ ਨਿਰਮਾਤਾ, ਡਿਸਟ੍ਰੀਬਿਊਟਰ ਤੇ ਹੋਲਸੇਲਰ ਹਨ।

ਈ ਡੀ ਨੇ ਸੋਰੇਨ ਖਿਲਾਫ ਚਾਰਜਸ਼ੀਟ 'ਚ ਫਰਿੱਜ ਤੇ ਟੀ ਵੀ ਦੇ ਬਿੱਲ ਲਾਏ

ਰਾਂਚੀ : ਐਨਫੋਰਸਮੈਂਟ ਡਾਇਰੈਕਟੋਰੇਟ ਨੇ ਆਪਣੇ ਇਸ ਦਾਅਵੇ ਦੇ ਸਮਰਥਨ 'ਚ ਇਕ ਫਰਿੱਜ ਤੇ ਸਮਾਰਟ ਟੀ ਵੀ ਦਾ ਬਿੱਲ ਸਬੂਤਾਂ ਵਜੋਂ ਸ਼ਾਮਲ ਕੀਤਾ ਹੈ ਕਿ ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਹੇਮੰਤ ਸੋਰੇਨ ਨੇ 31 ਕਰੋੜ ਰੁਪਏ ਤੋਂ ਜ਼ਿਆਦਾ ਕੀਮਤ ਦੀ 8.86 ਏਕੜ ਜ਼ਮੀਨ ਨਾਜਾਇਜ਼ ਢੰਗ ਨਾਲ ਹਾਸਲ ਕੀਤੀ ਸੀ। ਕੇਂਦਰੀ ਏਜੰਸੀ ਨੇ ਰਾਂਚੀ ਸਥਿਤ ਦੋ ਡੀਲਰਾਂ ਕੋਲੋਂ ਇਹ ਰਸੀਦਾਂ ਪ੍ਰਾਪਤ ਕੀਤੀਆਂ ਅਤੇ ਉਨ੍ਹਾਂ ਨੂੰ ਪਿਛਲੇ ਮਹੀਨੇ 48 ਸਾਲਾ ਝਾਰਖੰਡ ਮੁਕਤੀ ਮੋਰਚਾ ਦੇ ਆਗੂ ਅਤੇ ਚਾਰ ਹੋਰਾਂ ਖਿਲਾਫ ਦਾਇਰ ਆਪਣੀ ਚਾਰਜਸ਼ੀਟ 'ਚ ਸ਼ਾਮਲ ਕੀਤਾ।

ਹਿਮਾਚਲ 'ਚ ਸੱਚ ਦੀ ਜਿੱਤ ਹੋਵੇਗੀ : ਪ੍ਰਿਅੰਕਾ

ਨਵੀਂ ਦਿੱਲੀ : ਹਿਮਾਚਲ ਪ੍ਰਦੇਸ਼ 'ਚ ਇੱਕੋ ਸਮੇਂ ਹੋਣ ਵਾਲੀਆਂ ਲੋਕ ਸਭਾ ਚੋਣਾਂ ਅਤੇ ਵਿਧਾਨ ਸਭਾ ਦੀਆਂ ਜ਼ਿਮਨੀ ਚੋਣਾਂ ਤੋਂ ਪਹਿਲਾਂ ਕਾਂਗਰਸ ਦੀ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਨੇ ਐਤਵਾਰ ਭਰੋਸਾ ਪ੍ਰਗਟਾਇਆ ਕਿ ਸੂਬੇ ਦੇ ਲੋਕ ਉਨ੍ਹਾ ਦੀ ਪਾਰਟੀ ਨੂੰ ਸਮਰਥਨ ਦੇਣਗੇ ਅਤੇ ਸੱਚ ਦੀ ਜਿੱਤ ਹੋਵੇਗੀ। ਉਨ੍ਹਾ ਕਿਹਾ ਕਿ ਇਕ ਪਾਸੇ ਸੱਤਾ ਲਈ ਪੈਸੇ ਤੇ ਏਜੰਸੀਆਂ ਰਾਹੀਂ ਲੋਕਤੰਤਰ ਨੂੰ ਖਤਮ ਕਰਨ ਵਾਲੀ ਭਾਜਪਾ ਦੀ ਰਾਜਨੀਤੀ ਹੈ ਜਦਕਿ ਦੂਜੇ ਪਾਸੇ ਸੱਚ, ਹਿੰਮਤ ਅਤੇ ਧੀਰਜ ਨਾਲ ਜਨਤਾ ਲਈ ਬਿਨਾਂ ਥੱਕੇ ਮਿਹਨਤ ਕਰਨ ਦਾ ਕਾਂਗਰਸ ਦਾ ਸੰਕਲਪ ਹੈ। ਉਨ੍ਹਾ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' ਉੱਤੇ ਲਿਖਿਆ-ਮੈਂ ਹਿਮਾਚਲ ਪ੍ਰਦੇਸ਼ 'ਚ ਕਾਂਗਰਸ ਪਾਰਟੀ ਦੇ ਸਾਰੇ ਆਗੂਆਂ ਨੂੰ ਮਿਲੀ। ਉਨ੍ਹਾਂ ਦੀ ਇਕਜੁੱਟਤਾ, ਮਿਹਨਤ ਤੇ ਮਜ਼ਬੂਤੀ ਨਾਲ ਚੋਣ ਲੜਨ ਦੇ ਜਜ਼ਬੇ ਅਤੇ ਜਨਤਾ ਪ੍ਰਤੀ ਉਨ੍ਹਾਂ ਦੇ ਸਮਰਪਣ 'ਤੇ ਮੈਨੂੰ ਮਾਣ ਹੈ।

ਕੇਜਰੀਵਾਲ ਦੀ ਗ੍ਰਿਫ਼ਤਾਰੀ ਖਿਲਾਫ ਭੁੱਖ ਹੜਤਾਲ

ਬੰਗਾ (ਅਵਤਾਰ ਕਲੇਰ)-ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦੇ ਵਿਰੋਧ 'ਚ ਐਤਵਾਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕਈ ਹੋਰ 'ਆਪ' ਆਗੂ ਸ਼ਹੀਦੇ-ਆਜ਼ਮ ਭਗਤ ਸਿੰਘ ਦੇ ਪਿੰਡ ਖਟਕੜ ਕਲਾਂ 'ਚ ਸਮੂਹਿਕ ਭੁੱਖ ਹੜਤਾਲ 'ਤੇ ਬੈਠੇ। ਪਾਰਟੀ ਦੇ ਮੁੱਖ ਆਗੂਆਂ ਇਕ ਦਿਨ ਲਈ ਕਈ ਸੂਬਿਆਂ 'ਚ ਸਮੂਹਕ ਵਰਤ ਰੱਖਿਆ। ਪਾਰਟੀ ਆਗੂਆਂ ਨੇ ਕਿਹਾ ਕਿ ਹੋਰ ਸੂਬਿਆਂ ਦੇ ਨਾਲ-ਨਾਲ ਵਿਦੇਸ਼ਾਂ 'ਚ ਵੀ ਭਾਰਤੀ ਨਾਗਰਿਕਾਂ ਨੇ ਇਸ ਤਰ੍ਹਾਂ ਦਾ ਵਿਰੋਧ ਪ੍ਰਦਰਸ਼ਨ ਕੀਤਾ, ਜਿਨ੍ਹਾਂ ਵਿੱਚੋਂ ਬੋਸਟਨ 'ਚ ਹਾਰਵਰਡ ਸਕੁਐਰ, ਲਾਸ ਏਂਜਲਸ 'ਚ ਹੌਲੀਵੁੱਡ ਸਾਈਨ, ਵਾਸ਼ਿੰਗਟਨ 'ਚ ਭਾਰਤੀ ਦੂਤਾਵਾਸ ਦੇ ਬਾਹਰ, ਨਿਊਯਾਰਕ ਟਾਈਮਜ਼ ਸਕੁਐਰ ਅਤੇ ਟੋਰੰਟੋ, ਲੰਡਨ ਤੇ ਮੈਲਬੋਰਨ ਸਣੇ ਕਈ ਸਥਾਨ ਸ਼ਾਮਲ ਹਨ। ਦਿੱਲੀ 'ਚ ਦਿੱਲੀ ਵਿਧਾਨ ਸਭਾ ਦੇ ਸਪੀਕਰ ਰਾਮ ਨਿਵਾਸ ਗੋਇਲ, ਮੀਤ ਪ੍ਰਧਾਨ ਰਾਘੀ ਬਿਡਲਾਨ, ਮੰਤਰੀ ਆਤਿਸ਼ੀ, ਗੋਪਾਲ ਰਾਏ ਅਤੇ ਇਮਰਾਨ ਹੁਸੈਨ ਸਣੇ 'ਆਪ' ਦੇ ਕਈ ਸੀਨੀਅਰ ਆਗੂ ਸਵੇਰੇ 11 ਵਜੇ ਜੰਤਰ-ਮੰਤਰ 'ਤੇ ਸਮੂਹਕ ਭੁੱਖ ਹੜਤਾਲ 'ਤੇ ਬੈਠੇ।

ਜਲੰਧਰ ਸੀਟ ਕਿਸੇ ਵੀ ਕੀਮਤ 'ਤੇ ਜਿੱਤਾਂਗੇ : ਮਾਨ

ਜਲੰਧਰ (ਸ਼ੈਲੀ ਐਲਬਰਟ)-'ਆਪ' ਜਲੰਧਰ ਦੀ ਆਪਣੀ ਜਿੱਤੀ ਹੋਈ ਸੀਟ ਕਿਸੇ ਵੀ ਕੀਮਤ 'ਤੇ ਵਾਪਸ ਜਿੱਤਣਾ ਚਾਹੁੰਦੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਨੂੰ ਜਲੰਧਰ 'ਚ ਪਾਰਟੀ ਵਿਧਾਇਕਾਂ ਅਤੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਨਾਲ ਚੋਣ ਰਣਨੀਤੀ 'ਤੇ ਚਰਚਾ ਕੀਤੀ।

ਮੀਟਿੰਗ ਦੌਰਾਨ ਮਾਨ ਨੇ ਪਾਰਟੀ ਵਿਧਾਇਕਾਂ, ਆਗੂਆਂ ਅਤੇ ਅਹੁਦੇਦਾਰਾਂ ਨੂੰ ਕਿਹਾ ਕਿ ਉਹ 'ਆਪ' ਸਰਕਾਰ ਦੇ ਦੋ ਸਾਲਾਂ ਦੇ ਲੋਕ ਪੱਖੀ ਕੰਮਾਂ ਅਤੇ ਫੈਸਲਿਆਂ ਬਾਰੇ ਲੋਕਾਂ ਨੂੰ ਦੱਸਣ ਅਤੇ ਉਨ੍ਹਾਂ ਦਾ ਜ਼ੋਰਦਾਰ ਪ੍ਰਚਾਰ ਕਰਨ। ਉਨ੍ਹਾ ਕਿਹਾ ਕਿ ਸਾਡੀ ਸਰਕਾਰ ਨੇ ਸਿਰਫ਼ ਦੋ ਸਾਲਾਂ ਵਿੱਚ ਏਨਾ ਕੰਮ ਕੀਤਾ ਹੈ, ਜੋ ਪਿਛਲੀਆਂ ਸਰਕਾਰਾਂ ਨੇ ਪਿਛਲੇ ਸੱਤਰ ਸਾਲਾਂ ਵਿੱਚ ਨਹੀਂ ਕੀਤਾ, ਇਸ ਲਈ ਸਾਨੂੰ ਆਪਣੇ ਕੰਮ ਨੂੰ ਫੈਲਾਉਣ ਦੀ ਲੋੜ ਹੈ। ਮਾਨ ਨੇ ਕਿਹਾ ਕਿ ਪਹਿਲਾਂ ਸੰਗਰੂਰ ਲੋਕ ਸਭਾ ਹਲਕਾ ਆਮ ਆਦਮੀ ਪਾਰਟੀ ਦਾ ਗੜ੍ਹ ਹੁੰਦਾ ਸੀ, ਹੁਣ ਜਲੰਧਰ ਵੀ ਸੰਗਰੂਰ ਨਾਲ ਜੁੜ ਗਿਆ ਹੈ। ਹੁਣ ਦੋਵੇਂ ਸੀਟਾਂ ਸਾਡੇ ਲਈ ਬਹੁਤ ਮਹੱਤਵਪੂਰਨ ਹਨ। ਸਾਡਾ ਦੋਵਾਂ 'ਤੇ ਖਾਸ ਧਿਆਨ ਹੈ ● ਬਾਕੀ ਸਫ਼ਾ 2 'ਤੇ

ਮੁਕਾਬਲੇ 'ਚ ਦੋ ਗੈਂਗਸਟਰ ਗ੍ਰਿਫ਼ਤਾਰ

ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)

ਫਰੀਦਕੋਟ ਵਿਚ ਐਤਵਾਰ ਪੁਲਸ ਅਤੇ ਦੋ ਗੈਂਗਸਟਰਾਂ ਵਿਚਕਾਰ ਮੁਕਾਬਲੇ 'ਚ ਦੋ ਗੈਂਗਸਟਰ ਜ਼ਖਮੀ ਹੋ ਗਏ। ਪੁਲਸ ਦਾ ਦਾਅਵਾ ਹੈ ਕਿ ਇਹ ਗੈਂਗਸਟਰ ਫਰੀਦਕੋਟ ਵਾਸੀ ਪੀ ਐੱਸ ਪੀ ਸੀ ਐੱਲ ਦੇ ਇਕ ਵੱਡੇ ਅਧਿਕਾਰੀ ਉਪਰ ਹਮਲਾ ਕਰਨ ਦੀ ਤਾਕ ਵਿਚ ਸਨ।

ਐੱਸ ਪੀ ਇਨਵੈਸਟੀਗੇਸ਼ਨ ਫਰੀਦਕੋਟ ਜਸਮੀਤ ਸਿੰਘ ਨੇ ਦੱਸਿਆ ਕਿ ਕਰੀਬ 3 ਮਹੀਨੇ ਪਹਿਲਾਂ ਫਰੀਦਕੋਟ ਵਾਸੀ ਇਕ ਪੀ ਐੱਸ ਪੀ ਸੀ ਐੱਲ ਦੇ ਵੱਡੇ ਅਧਿਕਾਰੀ ਦੇ ਘਰ 'ਤੇ ਫਾਇਰਿੰਗ ਹੋਈ ਅਤੇ ਉਸ ਤੋਂ ਬਾਅਦ ਉਸ ਤੋਂ ਫਿਰੌਤੀ ਦੀ ਮੰਗ ਕੀਤੀ ਗਈ ਸੀ, ਜਿਸ ਸੰਬੰਧੀ ਪੁਲਸ ਵੱਲੋਂ ਇਕ ਮੁਕੱਦਮਾ ਅਣਪਛਾਤੇ ਲੋਕਾਂ ਖਿਲਾਫ ਦਰਜ ਕੀਤਾ ਗਿਆ ਸੀ। ਤਫਤੀਸ਼ ਦੌਰਾਨ ਸ਼ਨੀਵਾਰ ਇਕ ਨੌਜਵਾਨ ਨੂੰ ਗ੍ਰਿਫਤਾਰ ਕੀਤਾ ਗਿਆ, ਜਿਸ ਦੀ ਨਿਸ਼ਾਨਦੇਹੀ 'ਤੇ ਸਵੇਰੇ ਇਕ ਹੋਰ ਸ਼ਖਸ ਨੂੰ ਗ੍ਰਿਫਤਾਰ ਕੀਤਾ ਗਿਆ। ਉਸ ਨੇ ਪੁਛਗਿੱਛ ਵਿਚ ਮੰਨਿਆ ਸੀ ਕਿ ਉਸ ਦੇ ਦੋ ਸਾਥੀ ਅੱਜ ਪੀ ਐੱਸ ਪੀ ਸੀ ਐੱਲ ਦੇ ਅਧਿਕਾਰੀ ਉਪਰ ਹਮਲਾ ਕਰਨ ਲਈ ਫਰੀਦਕੋਟ ਆਏ ਹੋਏ ਹਨ। ਐੱਸ ਪੀ ਨੇ ਦੱਸਿਆ ਕਿ ਫੜੇ ਗਏ ਸ਼ਖਸ ਦੀ ਨਿਸ਼ਾਨਦੇਹੀ 'ਤੇ ਫਰੀਦਕੋਟ ਪੁਲਸ ਅਤੇ ਸੀ ਆਈ ਏ ਸਟਾਫ ਦੀ ਟੀਮ ਨੇ ਦੋਵਾਂ ਨੌਜਵਾਨਾਂ ਨੂੰ ਟਰੇਸ ਕਰ ਕੇ ਜਦ ਉਹਨਾਂ ਨੂੰ ਸਿਰੰਡਰ ਕਰਨ ਲਈ ਕਿਹਾ ਤਾਂ ਉਹਨਾਂ ਪੁਲਸ ਪਾਰਟੀ ਉਪਰ ਫਾਇਰਿਗ ਕਰ ਦਿੱਤੀ, ਜਿਸ ਦੇ ਚਲਦੇ ਜਵਾਬੀ ਫਾਇਰਿੰਗ ਵਿਚ ਉਕਤ ਦੋਵਾਂ ਨੌਜਵਾਨਾਂ ਦੇ ਲੱਤਾਂ ਵਿਚ ਗੋਲੀਆਂ ਲੱਗੀਆਂ ਤੇ ਪੁਲਸ ਨੇ ਇਹਨਾਂ ਨੂੰ ਗ੍ਰਿਫਤਾਰ ਕਰ ਲਿਆ। ● ਬਾਕੀ ਸਫ਼ਾ 2 'ਤੇ

ਪੀ ਡੀ ਪੀ ਨੇ ਕਸ਼ਮੀਰ ਦੀਆਂ ਤਿੰਨੇ ਸੀਟਾਂ 'ਤੇ ਉਮੀਦਵਾਰ ਉਤਾਰੇ

ਸ੍ਰੀਨਗਰ : ਪੀਪਲਜ਼ ਡੈਮੋਕਰੇਟਿਕ ਪਾਰਟੀ (ਪੀ ਡੀ ਪੀ) ਦੀ ਪ੍ਰਧਾਨ ਮਹਿਬੂਬਾ ਮੁਫਤੀ ਅਨੰਤਨਾਗ-ਰਾਜੌਰੀ ਹਲਕੇ ਤੋਂ ਲੋਕ ਸਭਾ ਦੀ ਚੋਣ ਲੜੇਗੀ। ਪਾਰਟੀ ਦੇ ਯੂਥ ਵਿੰਗ ਦੇ ਪ੍ਰਧਾਨ ਵਹੀਦ ਪੱਰਾ ਸ੍ਰੀਨਗਰ ਤੇ ਸਾਬਕਾ ਰਾਜ ਸਭਾ ਮੈਂਬਰ ਮੀਰ ਫਯਾਜ਼ ਬਾਰਾਮੂਲਾ ਤੋਂ ਉਮੀਦਵਾਰ ਬਣਾਏ ਗਏ ਹਨ। ਪਾਰਟੀ ਜੰਮੂ ਤੇ ਊਧਮਪੁਰ ਦੀਆਂ ਸੀਟਾਂ 'ਤੇ ਕਾਂਗਰਸੀ ਉਮੀਦਵਾਰਾਂ ਦੀ ਹਮਾਇਤ ਕਰੇਗੀ। ਹਾਲਾਂਕਿ ਨੈਸ਼ਨਲ ਕਾਨਫਰੰਸ ਤੇ ਪੀ ਡੀ ਪੀ ਆਪੋਜ਼ੀਸ਼ਨ ਦੇ ਗੱਠਜੋੜ 'ਇੰਡੀਆ' ਵਿਚ ਸ਼ਾਮਲ ਹਨ, ਨੈਸ਼ਨਲ ਕਾਨਫਰੰਸ ਕਸ਼ਮੀਰ ਦੀਆਂ ਤਿੰਨ ਸੀਟਾਂ ਵਿੱਚੋਂ ਕੋਈ ਵੀ ਸੀਟ ਪੀ ਡੀ ਪੀ ਲਈ ਛੱਡਣ ਨੂੰ ਰਾਜ਼ੀ ਨਹੀਂ ਹੋਈ। ਇਸ ਤੋਂ ਬਾਅਦ ਪੀ ਡੀ ਪੀ ਨੇ ਵੀ ਕਸ਼ਮੀਰ ਵਿਚ ਤਿੰਨੇ ਸੀਟਾਂ 'ਤੇ ਉਮੀਦਵਾਰ ਉਤਾਰ ਦਿੱਤੇ ਹਨ। ਅਨੰਤਨਾਗ-ਰਾਜੌਰੀ ਸੀਟ ਤੋਂ ਸਾਬਕਾ ਮੁੱਖ ਮੰਤਰੀ ਗੁਲਾਮ ਨਬੀ ਆਜ਼ਾਦ ਡੈਮੋਕਰੇਟਿਕ ਪ੍ਰੋਗ੍ਰੈਸਿਵ ਆਜ਼ਾਦ ਪਾਰਟੀ ਦੇ ਉਮੀਦਵਾਰ ਹਨ।

ਨੱਢਾ ਦੀ ਪਤਨੀ ਦੀ ਫਾਰਚੂਨਰ ਵਾਰਾਨਸੀ ਤੋਂ ਬਰਾਮਦ

ਨਵੀਂ ਦਿੱਲੀ : ਦਿੱਲੀ ਪੁਲਸ ਨੇ ਭਾਜਪਾ ਪ੍ਰਧਾਨ ਜੇ ਪੀ ਨੱਢਾ ਦੀ ਪਤਨੀ ਮਲਿਕਾ ਨੱਢਾ ਦੀ ਚੁਰਾਈ ਫਾਰਚੂਨਰ ਵਾਰਾਨਸੀ ਤੋਂ ਬਰਾਮਦ ਕਰ ਲਈ ਹੈ। ਇਸ ਸੰਬੰਧ ਵਿਚ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

19 ਮਾਰਚ ਨੂੰ ਡਰਾਈਵਰ ਸਰਵਿਸ ਕਰਾਉਣ ਤੋਂ ਬਾਅਦ ਗੋਵਿੰਦਪੁਰੀ 'ਚ ਆਪਣੇ ਘਰ ਲੰਚ ਕਰਨ ਗਿਆ ਸੀ ਜਦੋਂ ਚੋਰ ਲੈ ਗਏ। ਪੁਲਸ ਮੁਤਾਬਕ ਮੁਲਜ਼ਮਾਂ ਨੇ ਦੱਸਿਆ ਕਿ ਉਨ੍ਹਾਂ ਗੱਡੀ ਨਾਗਾਲੈਂਡ ਲਿਜਾਣੀ ਸੀ।

ਨਿਕੋਲ ਰੰਗਾਨਾਥ ਨੇ 'ਨਵਾਂ ਜ਼ਮਾਨਾ' ਤੇ ਦੇਸ਼ ਭਗਤ ਯਾਦਗਾਰ ਹਾਲ ਦਾ ਲਾਇਆ ਗੇੜਾ

ਜਲੰਧਰ (ਗਿਆਨ ਸੈਦਪੁਰੀ)

ਪਿਛਲੇ ਦਿਨੀ ਡਾਕਟਰ ਨਿਕੋਲ ਰੰਗਾਨਾਥ ਸਹਾਇਕ ਪ੍ਰੋਫ

ਮਾਡਲ ਸਕੂਲ ਚੁਨਾਗਰਾ 'ਚ ਸਿਹਤ ਜਾਂਚ ਕੈਂਪ ਲਗਾਇਆ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਚੁਨਾਗਰਾ ਦੇ ਐਨ ਐਸ ਐਸ ਯੂਨਿਟ ਵੱਲੋਂ ਪ੍ਰਿੰਸੀਪਲ ਹਰੀਸ਼ ਕੁਮਾਰ ਦੀ ਅਗਵਾਈ ਵਿੱਚ ਵਿਸ਼ਵ ਤੰਦਰੁਸਤੀ ਦਿਵਸ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਲਈ ਸਿਹਤ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਵਿੱਚ ਵਿਦਿਆਰਥੀਆਂ ਦੀ ਸਿਹਤ ਦੀ ਜਾਂਚ ਲਈ ਭਗਵਾਨ ਹੈਲਥ ਕੇਅਰ ਪਾਤੜਾਂ ਦੇ ਮੈਨੇਜਿੰਗ ਡਾਇਰੈਕਟਰ ਡਾ. ਅਮਨ ਸ਼ਰਮਾ, ਡਾ. ਸ਼ਿਵਾਨੀ ਮਹਿਤਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਸ਼ਮੂਲੀਅਤ ਕੀਤੀ ਗਈ।ਕੈਂਪ ਵਿੱਚ ਵਿਦਿਆਰਥੀਆਂ ਦੀ ਮੁਢਲੀ ਸਿਹਤ ਜਾਂਚ ਦੇ ਨਾਲ-ਨਾਲ ਉਨ੍ਹਾਂ ਨੂੰ ਰੋਜ਼ਾਨਾ ਦੇ ਖਾਣੇ ਸੰਬੰਧੀ ਚੰਗੀਆਂ ਆਦਤਾਂ ਅਤੇ ਸਾਫ-ਸਫਾਈ ਲਈ ਵੀ ਜਾਗ੍ਰਿਤ ਕੀਤਾ ਗਿਆ। ਅੰਤ ਵਿੱਚ ਪ੍ਰੋਗਰਾਮ ਅਫਸਰ, ਲਵਕੇਸ਼ ਕੁਮਾਰ ਵੱਲੋਂ ਭਗਵਾਨ ਹੈਲਥ ਕੇਅਰ ਦੀ ਸਮੁੱਚੀ ਟੀਮ ਸਮੂਹ ਅਧਿਆਪਕਾਂ ਅਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ ਗਿਆ।

ਆਕਸਫੋਰਡ ਸਕੂਲ ਦੇ ਵਿਦਿਆਰਥੀਆਂ ਲਗਾਇਆ ਮਿੰਨੀ ਬਜ਼ਾਰ

ਭਗਤਾ ਭਾਈ ਕਾ (ਰਾਜੀਵ ਗੋਇਲ)-ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਸਕੂਲ ਵਿੱਚ ਵਿਦਿਆਰਥੀਆਂ ਦੇ ਬੌਧਿਕ ਪੱਖ ਨੂੰ ਪ੍ਰਗਟ ਕਰਨ ਲਈ ਇੱਕ ਮਿੰਨੀ ਬਜ਼ਾਰ ਲਗਾਇਆ ਗਿਆ। ਜਿਸ ਵਿੱਚ ਖੇਡਾਂ ਦੇ ਸਮਾਨ ਦੀ ਦੁਕਾਨ, ਸਟੇਸ਼ਨਰੀ ਦੀ ਦੁਕਾਨ, ਬੱਚਿਆਂ ਦੇ ਖਿਡੌਣਿਆਂ ਦੀ ਦੁਕਾਨ, ਮੇਅ- ਕੱਪ ਸਟੋਰ ਆਦਿ ਨੂੰ ਬੜੇ ਹੀ ਸੁਚੱਜੇ ਤਰੀਕੇ ਨਾਲ ਦੁਕਾਨਾਂ ਰੂਪੀ ਸਟਾਲਾਂ ਉੱਤੇ ਪੇਸ਼ ਕੀਤਾ ਗਿਆ। ਦੂਸਰੀ ਅਤੇ ਤੀਸਰੀ ਜਮਾਤ ਦੇ ਬੱਚੇ ਦੁਕਾਨਦਾਰ ਬਣੇ ਨਜ਼ਰ ਆਏ ਜੋ ਵਿਦਿਆਰਥੀ ਰੂਪੀ ਗਾਹਕਾਂ ਨੂੰ ਆਪਣੀ-ਆਪਣੀ ਦੁਕਾਨ ਦੇ ਸਮਾਨ ਦੀ ਜਾਣਕਾਰੀ ਵੀ ਦੇ ਰਹੇ ਸਨ ਅਤੇ ਖਰੀਦੋ-ਫਰੋਖ਼ਤ ਦੇ ਸਮੇਂ ਪੈਸੇ ਲੈ ਕੇ ਅਤੇ ਬਾਕੀ ਪੈਸੇ ਮੋੜ ਕੇ ਆਪਣੀ ਗਣਿਤ ਪਕਿਆਈ ਦਾ ਸਬੂਤ ਵੀ ਦੇ ਰਹੇ ਸਨ।ਬਨਾਉਟੀ ਭਾਰਤੀ ਕਰੰਸੀ ਦੇ ਹਰ ਨੋਟ ਦਾ ਜੋੜ - ਘਟਾਉ ਕਰਕੇ ਪੈਸਿਆਂ ਦਾ ਲੈਣ-ਦੇਣ ਕਰਦੇ ਇਹ ਨੰਨ੍ਹੇ ਦੁਕਾਨਦਾਰ ਹਰ ਇੱਕ ਨੂੰ ਆਪਣੇ ਵੱਲ ਆਕਰਸ਼ਿਤ ਕਰ ਰਹੇ ਸਨ। ਸਬਜ਼ੀ ਦੀ ਦੁਕਾਨ 'ਤੇ ਸਬਜ਼ੀਆਂ ਨੂੰ ਕੰਪਿਊਟਰ ਕੰਡੇ ਤੇ ਤੋਲ ਕੇ ਦੇ ਰਹੇ ਵਿਦਿਆਰਥੀ ਕਿਲੋਗ੍ਰਾਮ ਅਤੇ ਗ੍ਰਾਮਾਂ ਬਾਰੇ ਜਾਣਕਾਰੀ ਦੇ ਰਹੇ ਸਨ।ਸਕੂਲ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਦੀ ਮਿੰਨੀ ਮਾਰਕਿਟ ਦੀ ਬਹੁਤ ਸ਼ਲਾਘਾ ਕੀਤੀ। ਉਨ੍ਹਾਂ ਨੇ ਐਕਟੀਵਿਟੀ ਅਧਿਆਪਕਾਂ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਵੀ ਸਲਾਹੁਤਾ ਕੀਤੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ ਭਾਈ ਕਾ),ਹਰਗੁਰਪ੍ਰੀਤ ਸਿੰਘ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ ਸ਼ੈਰੀ (ਵਾਈਸ ਚੇਅਰਮੈਨ) ਅਤੇ ਰਮਨਦੀਪ ਸਿੰਘ ਨੇ ਵੀ ਇਸ ਮਿੰਨੀ ਮਾਰਕਿਟ ਦਾ ਦੌਰਾ ਕੀਤਾ ।

ਟੈਕਨੀਕਲ ਸਰਵਿਸਿਜ਼ ਯੂਨੀਅਨ ਦੀ ਮੀਟਿੰਗ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਟੈਕਨੀਕਲ ਸਰਵਿਸਜ਼ ਯੂਨੀਅਨ ਭੰਗਲ ਡਵੀਜ਼ਨ ਰਾਮਪੁਰਾ ਦੀ ਵਧਵੀ ਮੀਟਿੰਗ ਪ੍ਰਧਾਨ ਪਰਵਿੰਦਰ ਸਿੰਘ ਬਿੱਟੂ ਦੀ ਪ੍ਰਧਾਨਗੀ ਹੇਠ ਡਵੀਜ਼ਨ ਦਫ਼ਤਰ ਵਿਖੇ ਹੋਈ। ਮੀਟਿੰਗ 'ਚ ਸਰਕਲ ਸਕੱਤਰ ਸਤਵਿੰਦਰ ਸਿੰਘ, ਸਰਕਲ ਸਹਾਇਕ ਸਕੱਤਰ ਬਚਿੱਤਰ ਸਿੰਘ ਤੇ ਸਾਬਕਾ ਡਵੀਜ਼ਨ ਪ੍ਰਧਾਨ ਜਗਜੀਤ ਸਿੰਘ ਲੈਹਰਾ ਮੁਖੱਬਤ ਨੇ ਸ਼ਮੂਲੀਅਤ ਕੀਤੀ।ਮੀਟਿੰਗ ਵਿੱਚ ਸ਼ਾਮਲ ਆਗੂਆਂ ਨੇ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਬੈਨਰ ਹੇਠ ਸੰਘਰਸ਼ ਕਰਦੀਆਂ ਜਥੇਬੰਦੀਆਂ ਦੇ ਆਗੂਆਂ ਨੂੰ ਮੁੱਖ ਮੰਤਰੀ ਵੱਲੋਂ ਵੀਹ ਵਾਰ ਮੀਟਿੰਗਾਂ ਦੇ ਕੇ ਮੀਟਿੰਗ ਨਾ ਕਰਨ, ਵੋਟਾਂ ਸਮੇਂ ਪੱਕੇ ਕਰਨ ਦੇ ਕੀਤੇ ਵਾਅਦੇ ਨੂੰ ਪੂਰਾ ਕਰਨ ਦੀ ਥਾਂ ਵਿਖਾਵੇ ਕਰਨ ਤੇ ਵੋਟਾਂ ਪੈਣ ਤੱਕ ਜੇਲ੍ਹ 'ਚ ਤੁੰਨ ਦੇਣ ਦੀ ਧਮਕੀਆਂ ਦੇਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਠੇਕਾ ਕਾਮਿਆਂ ਵੱਲੋਂ ਕੀਤੇ ਜਾ ਰਹੇ ਸੰਘਰਸ਼ ਦੀ ਹਮਾਇਤ ਕਰਨ ਦਾ ਐਲਾਨ ਕੀਤਾ।ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਡਵੀਜ਼ਨ ਪ੍ਰਧਾਨ ਪਰਵਿੰਦਰ ਸਿੰਘ ਬਿੱਟੂ ਨੇ ਦੱਸਿਆ ਕਿ ਅਗਲੇ ਦਿਨ 'ਚ ਵੋਟਾਂ ਦੇ ਇਸ ਦੌਰ ਵਿੱਚ ਬਿਜਲੀ ਕਾਮਿਆਂ ਨੂੰ ਜਥੇਬੰਦੀ ਵੱਲੋਂ ਪਾਰਟੀਆਂ ਦੀ ਪਾਟੋਧਾੜ ਕਰਕੇ ਸੰਘਰਸ਼ਾਂ ਨੂੰ ਕਮਜ਼ੋਰ ਕਰਨ ਦੀਆਂ ਦੀਆਂ ਨੀਤੀਆਂ ਤੋਂ ਚੌਕਸ ਕਰਦਿਆਂ ਸੰਘਰਸ਼ ਲਈ ਲਾਮਬੰਦ ਕਰਨ ਦੇ ਕਦਮ ਚੁੱਕੇ ਜਾਣਗੇ।

ਵਿਦਿਆਰਥੀਆਂ ਲਈ ਇਫਤਾਰ ਪਾਰਟੀ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ ਨੇ ਰਮਜ਼ਾਨ ਦੇ ਪਵਿੱਤਰ ਮਹੀਨੇ ਦੇ ਆਖਰੀ ਸ਼ੁੱਕਰਵਾਰ ਸ਼ਾਮ ਨੂੰ ਆਪਣੇ ਵਿਦਿਆਰਥੀਆਂ ਲਈ ਇਫਤਾਰ ਪਾਰਟੀ ਰੱਖੀ। ਇਫਤਾਰ ਪਾਰਟੀ ਦਾ ਉਦੇਸ਼ ਵੱਖ-ਵੱਖ ਫਿਰਕਿਆਂ ਦੇ ਵਿਦਿਆਰਥੀਆਂ ਨੂੰ ਭੋਜਨ ਸਾਂਝਾ ਕਰਨ ਲਈ ਇਕੱਠੇ ਕਰਨਾ ਅਤੇ ਉਨ੍ਹਾਂ ਵਿੱਚ ਏਕਤਾ ਅਤੇ ਸਦਭਾਵਨਾ ਦੀ ਭਾਵਨਾ ਲਿਆਉਣਾ ਸੀ।ਇਸ ਮੌਕੇ ਮੁੱਖ ਮਹਿਮਾਨ ਚਾਂਸਲਰ ਡਾ. ਜ਼ੋਰਾ ਸਿੰਘ ਨੇ ਰਮਜ਼ਾਨ ਦੀ ਮੂਲ ਭਾਵਨਾ ਸ਼ਾਂਤੀ, ਦਇਆ ਅਤੇ ਸਮਝਦਾਰੀ ਦੀਆਂ ਕਦਰਾਂ-ਕੀਮਤਾਂ 'ਤੇ ਜ਼ੋਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਸ ਵਿੱਚ ਸਦਭਾਵਨਾ ਦੀ ਭਾਵਨਾ ਲਿਆਉਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਵਿਖੇ ਇਫਤਾਰ ਪਾਰਟੀ ਇੱਕ ਯਾਦਗਾਰੀ ਅਨੁਭਵ ਸੀ।

ਸੰਤ ਨਿਰੰਕਾਰੀ ਮਿਸ਼ਨ ਵੱਲੋਂ ਖ਼ੂਨਦਾਨ ਕੈਂਪ

ਬੁਢਲਾਡਾ (ਅਸ਼ੋਕ ਲਾਕੜਾ)-ਸਤਿਗੁਰੂ ਮਾਤਾ ਸੁਦੀਕਸ਼ਾ ਜੀ ਦੇ ਪਾਵਨ ਅਸ਼ੀਰਵਾਦ ਸਦਕਾ ਬ੍ਰਾਂਚ ਬੁਢਲਾਡਾ ਵਿਖੇ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ (ਸੰਤ ਨਿਰੰਕਾਰੀ ਮਿਸ਼ਨ ਦੇ ਸਮਾਜਕ ਵਿਭਾਗ) ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿੱਚ ਮਿਸ਼ਨ ਦੇ ਸ਼ਰਧਾਲੂਆਂ, ਸੇਵਾਦਾਰਾਂ ਅਤੇ ਸ਼ਹਿਰ ਦੇ ਵਿਅਕਤੀਆਂ ਨੇ ਨਿਰਸਵਾਰਥ ਖ਼ੂਨਦਾਨ ਕੀਤਾ। ਖ਼ੂਨ ਇਕੱਠਾ ਕਰਨ ਲਈ ਬਲੱਡ ਬੈਂਕ, ਮਾਨਸਾ ਦੀ ਟੀਮ ਪਹੁੰਚੀ।ਇਸ ਖ਼ੂਨਦਾਨ ਕੈਂਪ ਦਾ ਉਦਘਾਟਨ ਰਾਮ ਕਿਸ਼ਨ ਸੰਮੀ, ਖੇਤਰੀ ਸੰਚਾਲਕ, ਮਾਨਸਾ ਨੇ ਕੀਤਾ। ਉਨ੍ਹਾਂ ਦੇ ਨਾਲ ਬਲੱਡ ਬੈਂਕ ਮਾਨਸਾ ਦੀ ਟੀਮ ਵੀ ਹਾਜ਼ਰ ਸੀ। ਉਨ੍ਹਾਂ ਖ਼ੂਨਦਾਨੀਆਂ ਨੂੰ ਖ਼ੂਨਦਾਨ ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖ਼ੂਨਦਾਨ ਸਭ ਤੋਂ ਉੱਤਮ ਦਾਨ ਹੈ, ਮਨੁੱਖਤਾ ਦੀ ਭਲਾਈ ਲਈ ਹਰ ਇੱਕ ਨੂੰ ਖ਼ੂਨਦਾਨ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।ਬੁਢਲਾਡਾ ਬ੍ਰਾਂਚ ਦੇ ਸੰਜੋਜਕ ਭਾ.ਸਾ ਅਸ਼ੋਕ ਢੀਂਗਰਾ ਨੇ ਖ਼ੂਨਦਾਨ ਕੈਂਪ ਵਿੱਚ ਹਾਜ਼ਰ ਸਮੂਹ ਪਤਵੰਤਿਆਂ ਅਤੇ ਸਮੂਹ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ 38 ਸਾਲਾਂ ਤੋਂ ਇਹ ਮਿਸ਼ਨ ਲੋਕਾਂ ਦੀ ਭਲਾਈ ਲਈ ਹੁਣ ਤੱਕ 7,317 ਖ਼ੂਨਦਾਨ ਕੈਂਪਾਂ ਵਿੱਚੋਂ ਲੱਗਭੱਗ 12,10,440 ਯੂਨਿਟ ਖ਼ੂਨਦਾਨ ਕੀਤਾ ਜਾ ਚੁੱਕਾ ਹੈ। ਬਾਬਾ ਹਰਦੇਵ ਸਿੰਘ ਨੇ ਮਾਨਵਤਾ ਨੂੰ ਇਹ ਸੰਦੇਸ਼ ਦਿੱਤਾ ਕਿ ਖ਼ੂਨ ਨਾਲੀਆਂ ਵਿਚ ਨਹੀਂ ਸਗੋਂ ਨਾੜੀਆਂ ਵਿਚ ਵਹਿਣਾ ਚਾਹੀਦਾ ਹੈ ।ਉਨ੍ਹਾਂ ਦੇ ਨਿਰਦੇਸ਼ਾਂ ਅਨੁਸਾਰ ਇਸ ਮੁਹਿੰਮ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ।

ਮਨ ਦੀ ਮੈਲ ਧੋਣ ਲਈ ਕਥਾ ਸਭ ਤੋਂ ਉੱਤਮ ਸਾਧਨ : ਸੁਆਮੀ ਰਜਨੀਸ਼ਾ ਨੰਦ

ਕੋਟ ਈਸੇ ਖਾਂ (ਅਰੋੜਾ)-ਸ੍ਰੀ ਭਾਗਵਤ ਸਪਤਾਹ ਮਧੁਰ ਕਾਰਸ਼ਨੀ ਮੰਡਲ ਕੋਟ ਈਸੇ ਖਾਂ ਖਾਂ ਵਿਖੇ ਚੱਲ ਰਹੇ ਹਨ। ਇਸ ਦੌਰਾਨ ਵਰਿੰਦਾਵਨ ਤੋਂ ਆਏ ਹੋਏ ਸਵਾਮੀ ਸ੍ਰੀ ਰਜਨੀਸ਼ਾ ਨੰਦ ਨੇ ਡਾਕਟਰ ਗੁਰਸੰਜੀਵ ਗੁਲਾਟੀ, ਡਾਕਟਰ ਅਮਿਤਾ ਗੁਲਾਟੀ ਦੇ ਗ੍ਰਹਿ ਵਿਖੇ ਪਹੁੰਚ ਕੇ ਸੰਗਤਾਂ ਨੂੰ ਪ੍ਰਵਚਨ ਕੀਤਾ। ਉਨ੍ਹਾ ਕਿਹਾ ਕਿ ਜੋ ਭਗਤ ਨਿਰ ਸਵਾਰਥ ਹੋ ਕੇ ਕਥਾ ਸੁਣਦੇ ਹਨ, ਉਨ੍ਹਾਂ ਨੂੰ ਕਈ ਤਰੀਕਿਆਂ ਨਾਲ ਸੁਖ ਸਮਰਿਧੀ ਦੀ ਪ੍ਰਾਪਤੀ ਹੁੰਦੀ ਹੈ, ਇਸ ਲਈ ਕਥਾ ਭਾਵੇਂ ਕੋਈ ਵੀ ਹੋਵੇ, ਬਿਨਾਂ ਇਰਾਦੇ ਨਾਲ ਸੁਣੋ। ਮਨ ਦੀ ਮੈਲ ਨੂੰ ਧੋਣਾ ਸਭ ਤੋਂ ਉੱਤਮ ਸਾਧਨ ਕਥਾ ਹੀ ਹੈ।ਕਥਾ ਸੁਣਨ ਤੇ ਅਮਲ ਕਰਨ ਦੇ ਬਾਅਦ ਕਰਨ ਵਾਲੇ ਨੂੰ ਪਾਪਾਂ ਤੋਂ ਮੁਕਤੀ ਮਿਲਦੀ ਹੈ।ਸੁਆਮੀ ਰਜਨੀਸ਼ ਨੇ ਕਿਹਾ ਕਿ ਵਿਅਕਤੀ ਨੂੰ ਕੁਝ ਵੀ ਕਹਿਣ ਤੋਂ ਪਹਿਲਾਂ 100 ਵਾਰ ਸੋਚਣਾ ਚਾਹੀਦਾ ਹੈ ਕਿ ਉਸ ਦੇ ਕਹਿਣ ਨਾਲ ਕਿਸੇ ਨੂੰ ਠੇਸ ਤਾਂ ਨਹੀਂ ਪਹੁੰਚ ਰਹੀ। ਅਕਸਰ ਅਜਿਹਾ ਹੁੰਦਾ ਹੈ ਕਿ ਗੁੱਸੇ 'ਚ ਵਿਅਕਤੀ ਦੂਜੇ ਵਿਅਕਤੀ ਨੂੰ ਬਹੁਤ ਬੁਰਾ ਭਲਾ ਕਹਿ ਦਿੰਦਾ ਹੈ, ਪਰ ਬਾਅਦ 'ਚ ਉਸ ਨੂੰ ਖੁਦ ਪਛਤਾਉਣਾ ਪੈਂਦਾ ਹੈ।

ਬਲੈਰੋ ਪਿਕਅੱਪ ਤੇ ਕਾਰ ਦੀ ਟੱਕਰ 'ਚ 4 ਦੀ ਮੌਤ, ਕਈ ਜ਼ਖਮੀ

ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ/ ਰਾਜਵੀਰ ਸਿੰਘ)

ਐਤਵਾਰ ਸ਼ਾਮ ਫੱਤੂਢੀਂਗਾ ਨੇੜੇ ਇਕ ਮਹਿੰਦਰਾ ਬਲੈਰੋ ਗੱਡੀ ਤੇ ਕਾਰ ਦੀ ਹੋਈ ਟੱਕਰ ਦਰਮਿਆਨ ਬੱਚਿਆਂ ਅਤੇ ਔਰਤਾਂ ਸਮੇਤ 25 ਦੇ ਕਰੀਬ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਏ, ਜਦਕਿ ਦੋ ਔਰਤਾਂ ਸਮੇਤ ਚਾਰ ਦੀ ਮੌਤ ਹੋ ਗਈ।

ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਕਪੂਰਥਲਾ ਵਿਖੇ ਦਾਖਲ ਕਰਵਾਇਆ ਗਿਆ ਹੈ। ਮਹਿੰਦਰਾ ਬਲੈਰੋ ਗੱਡੀ ਵਿਚ ਸਵਾਰ ਵਿਅਕਤੀ ਤਰਨ ਤਾਰਨ ਜ਼ਿਲ੍ਹੇ ਦੇ ਨਾਰਲੀ ਪਿੰਡ ਨਾਲ ਸੰਬੰਧਤ ਹਨ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਮੱਥਾ ਟੇਕਣ ਉਪਰੰਤ ਵਾਪਸ ਪਿੰਡ ਪਰਤ ਰਹੇ ਸਨ। ਰਸਤੇ ਵਿਚ ਕਾਰ ਨਾਲ ਟੱਕਰ ਹੋ ਗਈ। ਗੱਡੀ ਵਿਚ ਸਵਾਰ ਸੰਗਤਾਂ ਤੋਂ ਇਲਾਵਾ ਕਾਰ ਵਿਚ ਸਵਾਰ ਦੋ ਵਿਅਕਤੀਆਂ ਵਿਚੋਂ ਇਕ ਦੀ ਮੌਤ ਹੋ ਗਈ। ਦੂਸਰਾ ਗੰਭੀਰ ਜ਼ਖ਼ਮੀ ਹੈ।

ਪੰਜਾਬ ਬਚਾਓ ਯਾਤਰਾ ਅੱਜ ਮਾਛੀਵਾੜਾ 'ਚ : ਆਸ਼ੂ ਖੁਰਾਣਾ

ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)-ਅਮਨਦੀਪ ਸਿੰਘ ਆਸ਼ੂ ਖੁਰਾਣਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਵੱਲੋਂ ਸੂਬੇ ਅੰਦਰ ਸ਼ੁਰੂ ਕੀਤੀ ਯਾਤਰਾ 'ਪੰਜਾਬ ਬਚਾਓ ਯਾਤਰਾ' ਦੌਰਾਨ ਮਾਛੀਵਾੜਾ ਸਾਹਿਬ ਵਿੱਚ ਲਗਭਗ ਦਸ ਮੀਟਿੰਗਾਂ ਕਰਨ ਲਈ ਪਹੁੰਚ ਰਹੇ ਹਨ।ਆਸ਼ੂ ਖੁਰਾਣਾ ਨੇ ਕਿਹਾ ਕਿ 'ਪੰਜਾਬ ਬਚਾਓ ਯਾਤਰਾ' 8 ਅਪ੍ਰੈਲ ਦੁਪਹਿਰ 2.30 ਵਜੇ ਸਮਰਾਲਾ ਵਿਖੇ ਪੁੱਜੇਗੀ, ਇਸ ਤੋਂ ਬਾਅਦ ਸਮਰਾਲਾ ਤੋਂ ਹੁੰਦੀ ਹੋਈ ਪਿੰਡਾਂ ਵਿੱਚੋਂ ਦੀ ਮਾਛੀਵਾੜਾ ਸਾਹਿਬ ਵਿੱਚ ਕਈ ਥਾਵਾਂ 'ਤੇ ਮੀਟਿੰਗਾਂ ਕਰਦੀ ਹੋਈ ਗੁਰਦੁਆਰਾ ਸ੍ਰੀ ਚਰਨ ਕੰਵਲ ਰੋਡ, ਸਿਟੀ ਮਾਰਕਿਟ ਵਿਖੇ ਗੁਰਸ਼ਾਨ ਇਲੈਕਟ੍ਰੀਕਲ ਤੇ ਇਲੈਕਟ੍ਰੋਨਿਕਸ ਸ਼ੇਰਪੁਰ ਵਾਲੇ ਵਿਖੇ ਸ਼ਾਮ 4 ਵਜੇ ਪਹੁੰਚ ਰਹੀ ਹੈ।ਉਨ੍ਹਾ ਕਿਹਾ ਕਿ 'ਪੰਜਾਬ ਬਚਾਓ ਯਾਤਰਾ' ਦਾ ਹਰ ਜਗ੍ਹਾ ਪਾਰਟੀ ਵਰਕਰ ਤੇ ਸੰਗਤਾਂ ਪੂਰੇ ਜੋਸ਼ ਨਾਲ ਸਵਾਗਤ ਕਰਨਗੀਆਂ।

ਝਾੜ ਸਾਹਿਬ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ. ਏ. ਸਮੈਸਟਰ ਪਹਿਲਾ, ਤੀਜਾ ਤੇ ਪੰਜਵੇਂ ਦਾ ਨਤੀਜਾ ਸ਼ਾਨਦਾਰ ਰਿਹਾ। ਬੀ.ਏ. ਸਮੈਸਟਰ ਪਹਿਲਾ ਦੀ ਵਿਦਿਆਰਥਣ ਅਮਨਦੀਪ ਕੌਰ ਨੇ 75 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ 'ਚੋਂ ਪਹਿਲਾ ਸਥਾਨ, ਪ੍ਰਭਜੋਤ ਕੌਰ ਨੇ 74.85 ਫੀਸਦੀ ਤੇ ਮਨਦੀਪ ਕੌਰ ਨੇ 70.79 ਫੀਸਦੀ ਅੰਕ ਹਾਸਲ ਕਰਕੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਬੀ.ਏ. ਸਮੈਸਟਰ ਤੀਸਰਾ ਦੀ ਪ੍ਰਭਜੋਤ ਕੌਰ ਨੇ 77.5 ਫੀਸਦੀ, ਗੁਰਲੀਨ ਕੌਰ ਨੇ 75.7 ਫੀਸਦੀ ਤੇ ਹਰਦੀਪ ਕੌਰ ਨੇ 72 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ 'ਚੋਂ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਬੀ.ਏ. ਸਮੈਸਟਰ ਪੰਜਵਾਂ ਦੀ ਵਿਦਿਆਰਥਣ ਰਮਨਦੀਪ ਕੌਰ ਨੇ 78 ਫੀਸਦੀ, ਕੋਮਲਪ੍ਰੀਤ ਕੌਰ ਨੇ 73.14 ਫੀਸਦੀ ਤੇ ਸੁਖਜੀਤ ਕੌਰ ਨੇ 71.5 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਕਾਲਜ ਦਾ ਸਮੁੱਚਾ ਨਤੀਜਾ 100 ਫੀਸਦੀ ਰਿਹਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਦੀ ਵਧੀਆ ਕਾਰਗੁਜ਼ਾਰੀ ਲਈ ਸਟਾਫ਼ ਮੈਂਬ

8-APR-PAGE-3.qxd 4/7/2024 10:28 PM Page 1

ਮੋਦੀ ਸਰਕਾਰ ਭ੍ਰਿਸ਼ਟਾਚਾਰ ਬੰਦ ਕਰਨ ਦੇ ਵਾਅਦੇ ਕਰਕੇ ਵੋਟਰਾਂ ਨੂੰ ਭਰਮਾਉਣਾ ਚਾਹੁੰਦੀ : ਜਾਮਾਰਾਏ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐੱਮ ਪੀ.ਆਈ.) ਕਾਰਪੋਰੇਟ ਪੱਖੀ, ਫਿਰਕੂ-ਫਾਸ਼ੀ ਮੋਦੀ ਸਰਕਾਰ ਅਤੇ ਆਰ.ਐੱਸ.ਐੱਸ. ਦੇ ਭ੍ਰਿਸ਼ਟ ਕਾਰਨਾਮਿਆਂ ਅਤੇ ਲੋਕ ਵਿਰੋਧੀ ਕਾਰਵਾਈਆਂ ਨੂੰ ਲੋਕਾਂ ਦੀ ਕਚਹਿਰੀ 'ਚ ਨੰਗਿਆਂ ਕਰਨ ਲਈ 'ਕਾਰਪੋਰੇਟ ਭਜਾਓ, ਮੋਦੀ ਹਰਾਓ, ਦੇਸ਼ ਬਚਾਓ' ਦੇ ਨਾਹਰੇ ਤਹਿਤ ਵਿਸ਼ਾਲ ਲੋਕ ਲਾਮਬੰਦੀ ਮੁਹਿੰਮ ਚਲਾਈ ਜਾਵੇਗੀ। ਇਸ ਮੁਹਿੰਮ ਦੌਰਾਨ ਲੋਕਾਂ ਨੂੰ ਸੱਦਾ ਦਿੱਤਾ ਜਾਵੇਗਾ ਕਿ ਉਹ 2024 ਦੀਆਂ ਲੋਕ ਸਭਾ ਚੋਣਾਂ 'ਚ ਮੋਦੀ ਸਰਕਾਰ ਨੂੰ ਗੱਦੀਓਂ ਲਾਹੁਣ ਲਈ ਅਤੇ ਆਜ਼ਾਦ ਭਾਰਤ ਦਾ ਸਭ ਤੋਂ ਵੱਡਾ 'ਚੋਣ ਬਾਂਡ ਘਪਲਾ' ਉਜਾਗਰ ਕਰਨ ਲਈ, ਭ੍ਰਿਸ਼ਟਾਚਾਰ ਦੀ ਗੰਗੋਤਰੀ ਸਿੱਧ ਹੋ ਚੁੱਕੀ ਮੋਦੀ-ਸ਼ਾਹ ਸਰਕਾਰ ਅਤੇ ਇਸ ਦੇ ਲੁਕਵੇਂ ਤੇ ਜ਼ਾਹਿਰਾ ਸਹਿਯੋਗੀਆਂ ਨੂੰ ਸੱਤਾ ਤੋਂ ਲਾਂਭੇ ਕਰਨ ਲਈ ਪੂਰੀ ਵਾਹ ਲਾ ਦੇਣ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪਾਰਟੀ ਦੇ ਸੂਬਾਈ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਜ਼ਿਲ੍ਹਾ ਤਰਨ ਤਾਰਨ ਦੀ ਪਾਰਟੀ ਦੀ ਸਕੱਤਰੇਤ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਮੀਟਿੰਗ ਦੀ ਪ੍ਰਧਾਨਗੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਨੇ ਕੀਤੀ।ਜਾਮਾਰਾਏ ਨੇ ਬੋਲਦਿਆਂ ਕਿਹਾ ਕਿ ਮੋਦੀ-ਸ਼ਾਹ ਸਰਕਾਰ ਦੀਆਂ ਦਸਾਂ ਸਾਲਾਂ ਦੀਆਂ ਘੋਰ ਨਾਕਾਮੀਆਂ ਦੀ ਪਰਦਾਪੋਸ਼ੀ ਕਰਨ ਲਈ ਗੋਦੀ ਮੀਡੀਆ, ਸੰਘ-ਭਾਜਪਾ ਦੇ ਆਈ. ਟੀ. ਸੈੱਲ ਅਤੇ ਸੰਘੀ ਸੰਗਠਨਾਂ ਦੇ ਝੂਠ ਫੈਲਾਉਣ ਦੇ ਮਾਹਿਰ ਕਾਰਕੁੰਨਾਂ ਵਲੋਂ ਕੀਤੇ ਜਾ ਰਹੇ ਸਰਕਾਰ ਦੀਆਂ ਫਰਜ਼ੀ ਪ੍ਰਾਪਤੀਆਂ ਦੇ ਗੁੰਮਰਾਹਕੁੰਨ ਦਾਅਵਿਆਂ ਦਾ ਕੱਚ-ਸੱਚ ਲੋਕਾਂ ਸਾਹਵੇਂ ਤੱਥਾਂ ਸਹਿਤ ਨੰਗਾ ਕਰਦੀ ਹੋਈ ਸੰਘ ਪਰਿਵਾਰ ਦੇ ਫਿਰਕੂ ਵੰਡ ਤਿੱਖੀ ਕਰਨ ਦੇ ਕੋਝੇ ਮਨਸੂਬਿਆਂ ਤੋਂ ਵੀ ਲੋਕਾਈ ਨੂੰ ਸੁਚੇਤ ਕਰੇਗੀ।ਉਨ੍ਹਾਂ ਕਿਹਾ ਕਿ ਇਹ ਡਾਢੇ ਦੁੱਖ ਅਤੇ ਰੋਸ ਦਾ ਵਿਸ਼ਾ ਹੈ ਕਿ ਭਾਰਤ ਦਾ ਚੋਣ ਕਮਿਸ਼ਨ, ਭਾਜਪਾ ਆਗੂਆਂ, ਖਾਸ ਕਰਕੇ ਪ੍ਰਧਾਨ ਮੰਤਰੀ ਮੋਦੀ ਵਲੋਂ ਵਿਰੋਧੀਆਂ ਪ੍ਰਤੀ ਵਰਤੀ ਜਾ ਰਹੀ ਨੀਵੇਂ ਪੱਧਰ ਦੀ ਬਿਆਨਬਾਜ਼ੀ, ਲੋਕ ਲੁਭਾਊ ਲਾਰਿਆਂ, ਚੋਣ ਪ੍ਰਚਾਰ 'ਤੇ ਕੀਤੇ ਜਾ ਰਹੇ ਬੇਤਹਾਸ਼ਾ ਖਰਚ, ਧਰਮ ਅਤੇ ਧਾਰਮਿਕ ਚਿੰਨ੍ਹਾਂ ਦੇ ਇਸਤੇਮਾਲ ਅਤੇ ਸੰਘ-ਭਾਜਪਾ ਦੇ ਫਿਰਕੂ-ਵੰਡਵਾਦੀ ਹੱਥਕੰਡਿਆਂ ਖਿਲਾਫ਼ ਸਖ਼ਤ ਕਦਮ ਚੁੱਕਣ ਦੀ ਬਜਾਏ ਵਿਰੋਧੀ ਧਿਰਾਂ ਦੇ ਆਗੂਆਂ ਦੀ ਜ਼ੁਬਾਨਬੰਦੀ ਕਰਨ ਲੱਗਾ ਹੋਇਆ ਹੈ।ਸਾਥੀ ਪਾਸਲਾ ਨੇ ਕਿਹਾ ਕਿ ਭਾਜਪਾ ਦੇ ਉਮੀਦਵਾਰਾਂ ਵਲੋਂ ਚਾਰ ਸੌ ਸੀਟਾਂ ਜਿੱਤ ਕੇ ਸੰਵਿਧਾਨ ਬਦਲਣ ਦੇ ਕੀਤੇ ਜਾ ਰਹੇ ਦਾਅਵਿਆਂ ਤੋਂ ਦੇਸ਼ ਵਾਸੀਆਂ, ਵਿਸ਼ੇਸ਼ ਕਰਕੇ ਲੋਕ ਰਾਜੀ ਪ੍ਰਬੰਧ ਨੂੰ ਪਿਆਰ ਕਰਨ ਵਾਲੇ ਚੇਤੰਨ ਨਾਗਰਿਕਾਂ ਦੇ ਮਨ 'ਚ ਸੰਘ-ਭਾਜਪਾ ਦੇ ਮੰਨੂ ਸਿਮਰਤੀ ਦੇ ਚੌਖਟੇ ਵਾਲੀ ਧਰਮ ਅਧਾਰਤ ਤਾਨਾਸ਼ਾਹ ਵਿਵਸਥਾ ਕਾਇਮ ਕਰਨ ਦੇ ਘਾਤਕ ਮਨਸੂਬਿਆਂ ਬਾਰੇ ਕੋਈ ਭੁਲੇਖਾ ਨਹੀਂ ਰਹਿਣਾ ਚਾਹੀਦਾ।ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਮੁਖਤਾਰ ਸਿੰਘ ਮੱਲਾ ਨੇ ਦੱਸਿਆ ਕਿ 14 ਅਪ੍ਰੈਲ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਮੌਕੇ ਤਹਿਸੀਲ ਪੱਧਰ 'ਤੇ ਭਰਵੇਂ ਇਕੱਠ ਕਰਕੇ ਸੰਵਿਧਾਨ ਬਚਾਓ ਲੋਕ ਤੰਤਰ ਬਚਾਓ ਦਾ ਹੋਕਾ ਦਿੱਤਾ ਜਾਵੇਗਾ।ਇਸ ਮੌਕੇ ਬਲਦੇਵ ਸਿੰਘ ਪੰਡੋਰੀ, ਦਲਜੀਤ ਸਿੰਘ ਦਿਆਲਪੁਰਾ, ਮਨਜੀਤ ਸਿੰਘ ਬੱਗੂ, ਧਰਮ ਪੱਟੀ, ਸੁਲੱਖਣ ਸਿੰਘ ਤੁੜ ਆਦਿ ਆਗੂਆਂ ਹਾਜ਼ਰ ਸਨ।

ਲੋੜਵੰਦਾਂ ਦੀ ਹਰ ਸੰਭਵ ਸੇਵਾ ਅਸਲ ਪਰਉਪਕਾਰ ਹੈ : ਡਾ. ਲਹਿੰਬਰ ਰਾਮ

ਫਗਵਾੜਾ (ਜਸਵਿੰਦਰ ਢੱਡਾ)- ਉੱਘੀ ਸਮਾਜ ਸੇਵੀ ਸੰਸਥਾ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵਲੋਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਅਤੇ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਦੇ ਸਹਿਯੋਗ ਨਾਲ ਲੜੀਵਾਰ ਪ੍ਰੋਜੈਕਟ 'ਆਓ ਪੁੰਨ ਕਮਾਈਏ' ਤਹਿਤ ਇਕ ਲੋੜਵੰਦ ਔਰਤ ਦੀ ਅੱਖ ਦਾ ਆਪਰੇਸ਼ਨ ਕਰਵਾਇਆ ਗਿਆ। ਅੱਖਾਂ ਦੇ ਮਾਹਰ ਡਾ. ਤੁਸ਼ਾਰ ਅਗਰਵਾਲ ਦੀ ਟੀਮ ਵਲੋਂ ਬਜ਼ੁਰਗ ਔਰਤ ਦੀ ਅੱਖ ਦਾ ਸਫਲ ਆਪ੍ਰੇਸ਼ਨ ਕਰਦਿਆਂ ਲੈਂਜ ਪਾ ਕੇ ਨਵੀਂ ਰੌਸ਼ਨੀ ਦਿੱਤੀ ਗਈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਿਵਲ ਹਸਪਤਾਲ ਫਗਵਾੜਾ ਦੇ ਐਸ.ਐਮ.ਓ. ਡਾ. ਲਹਿੰਬਰ ਰਾਮ ਨੇ ਸਭਾ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੋੜਵੰਦਾਂ ਦੀ ਹਰ ਸੰਭਵ ਸੇਵਾ ਅਸਲ ਪਰਉਪਕਾਰ ਹੈ। ਹਰੇਕ ਸਮਰੱਥ ਵਿਅਕਤੀ ਨੂੰ ਅਜਿਹੇ ਨੇਕ ਕਾਰਜਾਂ ਵਿਚ ਆਪਣਾ ਯਥਾ ਯੋਗ ਹਿੱਸਾ ਪਾਉਣਾ ਚਾਹੀਦਾ ਹੈ। ਇਸ ਦੌਰਾਨ ਡਾ. ਤੁਸ਼ਾਰ ਅਗਰਵਾਲ ਨੇ ਅੱਖਾਂ ਦੀ ਸੰਭਾਲ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਅੱਖਾਂ ਦੀ ਸੁਰੱਖਿਆ ਅਤਿ ਜ਼ਰੂਰੀ ਹੈ ਅਤੇ ਸਾਨੂੰ ਅੱਜ ਦੀ ਡਿਜੀਟਲ ਦੁਨੀਆ ਅਤੇ ਮੋਬਾਇਲ ਫੋਨਾ ਦੇ ਯੁੱਗ 'ਚ ਅੱਖਾਂ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ। ਅੱਖਾਂ ਦੀ ਕਿਸੇ ਤਕਲੀਫ ਨੂੰ ਅੱਖੋਂ ਪਰੋਖੇ ਨਹੀਂ ਕਰਨਾ ਚਾਹੀਦਾ। ਉਨ੍ਹਾ ਭਰੋਸਾ ਦਿੱਤਾ ਕਿ ਉਨ੍ਹਾ ਦਾ ਹਸਪਤਾਲ ਵੱਧ ਤੋਂ ਵੱਧ ਲੋੜਵੰਦਾਂ ਦੀਆਂ ਅੱਖਾਂ ਦਾ ਆਪਰੇਸ਼ਨ ਕਰਵਾਉਣ ਵਿੱਚ ਆਪਣਾ ਸਹਿਯੋਗ ਕਰਦਾ ਰਹੇਗਾ। ਉਨ੍ਹਾ ਮਾਪਿਆਂ ਨੂੰ ਵੀ ਪੁਰਜ਼ੋਰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਮੋਬਾਇਲ ਫੋਨ ਦੀ ਘੱਟ ਤੋਂ ਘੱਟ ਵਰਤੋਂ ਕਰਨ ਲਈ ਪ੍ਰੇਰਿਤ ਕਰਨ। ਸਮਾਜ ਸੇਵਕ ਰਾਜ ਕੁਮਾਰ ਮੱਟੂ ਰਿਟਾ. ਬੈਂਕ ਅਫਸਰ ਨੇ ਵੀ ਸਰਬ ਨੌਜਵਾਨ ਸਭਾ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ ਜਿਸ ਨਾਲ ਨੇਤਰਹੀਣਾਂ ਦੀਆਂ ਅੱਖਾਂ ਨੂੰ ਨਵੀਂ ਰੌਸ਼ਨੀ ਦਿੱਤੀ ਜਾ ਰਹੀ ਹੈ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਲੋੜਵੰਦ ਔਰਤ ਦੀ ਅੱਖ 'ਚ ਫੋਲਡੇਬਲ ਲੈਨਜ਼ ਪਾਇਆ ਗਿਆ ਹੈ। ਉਨ੍ਹਾ ਸਭਾ ਦੇ ਪ੍ਰੋਜੈਕਟਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਭਾ ਵਲੋਂ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਕੀਮ ਨੰਬਰ 3 ਹੁਸ਼ਿਆਰਪੁਰ ਰੋਡ ਵਿਖੇ ਵੋਕੇਸ਼ਨਲ ਕੋਰਸਾਂ ਦਾ ਜੋ ਸੈਂਟਰ ਚਲਾਇਆ ਜਾ ਰਿਹਾ ਹੈ, ਉੱਥੇ ਨਵੇਂ ਕੋਰਸਾਂ ਲਈ ਦਾਖਲੇ ਸ਼ੁਰੂ ਹਨ। ਸਭਾ ਵਲੋਂ ਐਮ.ਐਮ.ਓ. ਡਾ. ਲਹਿੰਬਰ ਰਾਮ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ: ਵਿਜੇ ਕੁਮਾਰ, ਲੈਕਚਰਾਰ ਹਰਜਿੰਦਰ ਗੋਗਨਾ, ਸਾਹਿਬਜੀਤ ਸਾਬੀ, ਰਾਕੇਸ਼ ਕੋਛੜ, ਆਰ.ਪੀ ਸ਼ਰਮਾ, ਰਾਜ ਬਸਰਾ, ਗੁਰਦੀਪ ਸਿੰਘ ਤੁਲੀ, ਹਰਵਿੰਦਰ ਸਿੰਘ, ਨਰਿੰਦਰ ਸੈਣੀ, ਗੁਰਸ਼ਰਨ ਬਾਸੀ, ਮੈਡਮ ਤੰਨੂ, ਜਸ਼ਨ ਮਹਿਰਾ, ਮਨਦੀਪ ਬਾਸੀ, ਰਾਜ ਕੁਮਾਰ ਰਾਜਾ, ਗੁਲਸ਼ਨ ਕਲੇਰ, ਅਨੂਪ ਦੁੱਗਲ, ਜਗਜੀਤ ਸੇਠ, ਮੈਡਮ ਸਪਨਾ ਸ਼ਾਰਦਾ, ਮੈਡਮ ਰਮਨਦੀਪ ਕੌਰ, ਮੈਡਮ ਆਸ਼ੂ ਬੱਗਾ ਆਦਿ ਹਾਜ਼ਰ ਸਨ।

ਗੌਰਮਿੰਟ ਟੀਚਰਜ਼ ਯੂਨੀਅਨ ਦੇ ਅਹੁਦੇਦਾਰਾਂ ਦੀ ਚੋਣ ਅੱਜ

ਗੁਰਦਾਸਪੁਰ (ਦਿਨੇਸ਼)-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜਿਲ੍ਹਾ ਗੁਰਦਾਸਪੁਰ ਦੀ ਜਥੇਬੰਦਕ ਚੋਣ ਲਈ ਜ਼ਿਲ੍ਹਾ ਪ੍ਰਧਾਨ ਅਤੇ ਬਲਾਕ ਪ੍ਰਧਾਨ ਦੀ ਚੋਣ ਲਈ ਨਾਮਜ਼ਦਗੀ ਪੱਤਰ ਅੱਜ ਲਏ ਜਾਣਗੇ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਕੁਲਦੀਪ ਪੁਰੋਵਾਲ, ਜਨਰਲ ਸਕੱਤਰ ਦਿਲਦਾਰ ਭੰਡਾਲ ਅਤੇ ਵਿੱਤ ਸਕੱਤਰ ਅਨਿਲ ਕੁਮਾਰ ਨੇ ਕਿਹਾ ਕਿ ਚੋਣ ਲਈ ਗੁਰਮੀਤ ਸਿੰਘ ਬਾਜਵਾ ਲੈਕਚਰਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਾਨੌਰ ਅਤੇ ਮਨਪ੍ਰੀਤ ਸਿੰਘ ਸੋਹਲ ਸਰਕਾਰੀ ਮਿਡਲ ਸਕੂਲ ਸੰਘਰ ਰਿਟਰਨਿੰਗ ਅਫ਼ਸਰ ਅਤੇ ਸਹਾਇਕ ਰਿਟਰਨਿੰਗ ਅਫ਼ਸਰ ਵਜੋਂ ਨਾਮਜ਼ਦਗੀਆਂ ਸਰਕਾਰੀ ਪ੍ਰਾਇਮਰੀ ਸਕੂਲ ਨਬੀਪੁਰ ਗੁਰਦਾਸਪੁਰ ਵਿਖੇ 9.00 ਵਜੇ ਤੋਂ 12.00 ਵਜੇ ਤੱਕ ਪ੍ਰਾਪਤ ਕਰਨਗੇ।ਆਗੂਆਂ ਨੇ ਜ਼ਿਲ੍ਹਾ ਭਰ ਦੇ ਅਧਿਆਪਕਾਂ ਨੂੰ ਚੋਣ ਪ੍ਰਕਿਰਿਆ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ।ਆਗੂਆਂ ਦੱਸਿਆ ਕਿ ਜਥੇਬੰਦੀ ਦੀ ਰਵਾਇਤ ਅਨੁਸਾਰ ਹਰੇਕ ਅਧਿਆਪਕ ਨੂੰ ਵੋਟ ਪਾਉਣ ਅਤੇ ਆਗੂ ਚੁਣੇ ਜਾਣ ਦਾ ਅਧਿਕਾਰ ਹੈ।ਆਗੂਆਂ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਕੱਚੇ ਅਧਿਆਪਕਾਂ ਨੂੰ ਪੱਕੇ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, ਤਰਕੀਆਂ, ਡੀਏ ਦੀਆਂ ਕਿਸ਼ਤ, ਏਸੀਪੀ ਸਕੀਮ ਬਹਾਲ ਕਰਨ, ਗੈਰ ਵਿੱਦਿਅਕ ਕੰਮਾਂ ਤੋਂ ਨਿਜਾਤ ਦਿਵਾਉਣ ਸਮੇਤ ਬਹੁਤ ਸਾਰੀਆਂ ਮੰਗਾਂ ਦੀ ਪ੍ਰਾਪਤੀ ਲਈ ਜਥੇਬੰਦਕ ਢਾਂਚੇ ਦੀ ਮਜ਼ਬੂਤੀ ਨਾਲ ਹੀ ਸੰਭਵ ਹੋ ਸਕਦਾ ਹੈ।

ਗਗਨਦੀਪ ਸਿੰਘ ਗੱਗੂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦਾ ਧੰਨਵਾਦ

ਕਲਾਨੌਰ (ਮਨਦੀਪ ਕੋਹਲੀ)-ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਅਤੇ ਜ਼ਿਲਾ ਗੁਰਦਾਸਪੁਰ ਦੇ ਨੌਜਵਾਨ ਸਰਗਰਮ ਯੂਥ ਆਗੂ ਗਗਨਦੀਪ ਸਿੰਘ ਗੱਗੂ ਕਲਾਨੌਰ ਨੂੰ ਯੂਥ ਅਕਾਲੀ ਦਲ ਪੰਜਾਬ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ ਜਿਸ ਨਾਲ ਯੂਥ ਅਕਾਲੀ ਦਲ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵੇਂ ਬਣੇ ਯੂਥ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ, ਬਿਕਰਮ ਸਿੰਘ ਮਜੀਠੀਆ, ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਸਮੇਤ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਤੋਂ ਇੰਚਾਰਜ਼ ਰਵੀਕਰਨ ਸਿੰਘ ਕਾਹਲੋਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਜੋ ਸਰਦਾਰ ਰਵੀਕਰਨ ਸਿੰਘ ਕਾਹਲੋਂ ਸਮੇਤ ਸਮੁੱਚੀ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਵੱਲੋਂ ਜੋ ਮੇਰੇ 'ਤੇ ਭਰੋਸਾ ਜਤਾਇਆ ਗਿਆ ਹੈ ਮੈਂ ਕਦੀ ਵੀ ਉਨ੍ਹਾਂ ਦੇ ਭਰੋਸੇ ਨੂੰ ਟੁੱਟਣ ਨਹੀਂ ਦਿਆਂਗਾ ਅਤੇ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਵਾਂਗਾ। ਇਸ ਮੌਕੇ ਉਨਾਂ ਦੇ ਨਾਲ ਅੰਮ੍ਰਿਤਪਾਲ ਸਿੰਘ ਅਲਾਵਲਪੁਰ ਯੂਥ ਅਕਾਲੀ ਦਲ ਜਨਰਲ ਸਕੱਤਰ ਪੰਜਾਬ, ਪ੍ਰਦੀਪ ਬਲਹੋਤਰਾ, ਗੁਰਵਿੰਦਰ ਸਿੰਘ, ਰਣਜੀਤ ਸਿੰਘ, ਕੁਲਵੰਤ ਸਿੰਘ ਸਾਬਕਾ ਸਰਪੰਚ, ਬਲਜੀਤ ਸਿੰਘ ਰੁਡਿਆਣਾ, ਚਰਨਜੀਤ ਸਿੰਘ ਲੰਬੜਦਾਰ, ਬਲਜੀਤ ਸਿੰਘ ਭਿੰਡਰ ਸਾਹਿਬ, ਪ੍ਰਧਾਨ ਬਲਵਿੰਦਰ ਸਿੰਘ ਕਾਹਲੋਂ, ਦਲਜੀਤ ਸਿੰਘ, ਠੇਕੇਦਾਰ ਹਰਜਿੰਦਰ ਸਿੰਘ ਬਲਜੀਤ ਸਿੰਘ ਸਿੱਧੂ ਆਦਿ ਵੀ ਹਾਜ਼ਰ ਸਨ।

ਮੁਲਾਜ਼ਮ/ਪੈਨਸ਼ਨਰ ਮੰਗਾਂ ਨੂੰ ਲੈ ਕੇ ਸੂਬਾਈ ਚੇਤਨਾ ਕਨਵੈਨਸ਼ਨ 11 ਨੂੰ : ਉੱਪਲ

ਮਜੀਠਾ (ਸੋਇਮ ਆਨੰਦ)-ਚੋਣ ਜ਼ਾਬਤਾ ਲੱਗ ਜਾਣ ਕਰਕੇ ਪੰਜਾਬ ਸਰਕਾਰ ਨੇ ਵੱਖ-ਵੱਖ ਸਰਕਾਰੀ ਅਤੇ ਅਰਧ ਸਰਕਾਰੀ ਅਦਾਰਿਆਂ ਵਿੱਚ ਕੰਮ ਕਰਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਲਮਕ ਅਵਸਥਾ ਵਿੱਚ ਪਾ ਕੇ ਪੂਰੀ ਤਰ੍ਹਾਂ ਚੁੱਪ ਵੱਟੀ ਹੈ।ਇਸ ਸਬੰਧੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਪ੍ਰੈੱਸ ਸਕੱਤਰ ਪ੍ਰਭਜੀਤ ਸਿੰਘ ਉੱਪਲ ਨੇ ਦੱਸਿਆ ਕਿ ਜਨਵਰੀ 2004 ਤੋਂ ਬਾਅਦ ਪੰਜਾਬ ਦੇ ਦੋ ਲੱਖ ਤੋਂ ਵਧੇਰੇ ਮੁਲਾਜ਼ਮ ਪੁਰਾਣੀ ਪੈਨਸ਼ਨ ਸਕੀਮ ਅਸਲ ਰੂਪ ਵਿੱਚ ਬਹਾਲ ਹੋਣ ਦਾ ਇੰਤਜ਼ਾਰ ਕਰ ਰਹੇ ਹਨ, ਪੰਜਾਬ ਦੇ ਲੱਖਾਂ ਮੁਲਾਜ਼ਮ ਅਤੇ ਪੈਨਸ਼ਨਰ ਇਸ ਸਮੇਂ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਨਾਲੋਂ 12 ਫੀਸਦੀ ਡੀ. ਏ. ਘੱਟ ਲੈ ਰਹੇ ਹਨ ਜਦਕਿ ਕੇਂਦਰ ਅਤੇ ਹੋਰ ਵੱਖ ਵੱਖ ਰਾਜਾਂ ਦੇ ਮੁਲਾਜ਼ਮ ਇਸ ਸਮੇਂ 50 ਫੀਸਦੀ ਮਹਿੰਗਾਈ ਭੱਤਾ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇਸ ਸਮੇਂ ਸਿਰਫ 38 ਫੀਸਦੀ ਡੀ. ਏ. ਮਿਲ ਰਿਹਾ ਹੈ।ਇਸ ਤਰ੍ਹਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਜਨਵਰੀ 2016 ਤੋਂ ਬਾਅਦ ਸਾਢੇ ਪੰਜ ਸਾਲਾਂ ਦਾ ਸੋਧੀਆਂ ਤਨਖਾਹਾਂ ਅਤੇ ਸੋਧੀਆਂ ਪੈਨਸ਼ਨਾਂ ਦਾ ਬਣਦਾ ਬਕਾਇਆ ਪੰਜਾਬ ਸਰਕਾਰ ਵੱਲ ਖੜਾ ਹੈ।ਵੱਖ-ਵੱਖ ਵਿਭਾਗਾਂ ਦੇ ਹਜ਼ਾਰਾਂ ਕੱਚੇ, ਠੇਕਾ ਅਧਾਰਤ ਅਤੇ ਆਊਟ ਸੋਰਸ ਮੁਲਾਜ਼ਮ ਰੈਗੂਲਰ ਹੋਣ ਅਤੇ ਹੋ ਰਿਹਾ ਆਰਥਿਕ ਸ਼ੋਸ਼ਣ ਬੰਦ ਹੋਣ ਦੇ ਇੰਤਜ਼ਾਰ ਵਿੱਚ ਹਨ। ਉਨ੍ਹਾਂ ਕਿਹਾ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਬਹੁਤ ਸਾਲ ਪਹਿਲਾਂ ਆਦੇਸ਼ ਦੇ ਦਿੱਤੇ ਸਨ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਪੈਂਡਿੰਗ ਮੰਗਾਂ ਤੇ ਚੋਣ ਜਾਬਤਾ ਲਾਗੂ ਨਹੀਂ ਹੁੰਦਾ, ਇਸ ਲਈ ਸਾਰੇ ਮੁਲਾਜ਼ਮਾ ਅਤੇ ਪੈਨਸ਼ਨਰਾਂ ਦੀਆਂ ਲਮਕ ਅਵਸਥਾ ਵਿੱਚ ਪਈਆਂ ਸਾਰੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕਰਕੇ ਲਾਗੂ ਕੀਤੀਆਂ ਜਾਣ।ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਜਥੇਬੰਦੀ ਵੱਲੋਂ 11 ਅਪ੍ਰੈਲ ਨੂੰ ਸ਼ਹੀਦ ਨਛੱਤਰ

ਨਵਾਂ ਜ਼ਮਾਨਾ
ਸੋਮਵਾਰ, 8 ਅਪ੍ਰੈਲ 2024

ਕੇਂਦਰੀ ਮੰਤਰੀ ਦਾ ਕਬੂਲਨਾਮਾ

400 ਪਾਰ ਦਾ ਭੂੰਪੜਾ ਫੁਲਾਉਣ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਾਹ ਫੁੱਲ ਰਹੇ ਹਨ, ਪਰ ਉਨ੍ਹਾ ਦੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਲੋਕ ਸਭਾ ਚੋਣ ਲੜਨ ਦਾ ਹੌਸਲਾ ਨਹੀਂ ਕਰ ਸਕੀ। ਇਕ ਟੀ ਵੀ ਇੰਟਰਵਿਊ ਵਿਚ ਸੀਤਾਰਮਨ ਨੇ ਚੋਣ ਨਾ ਲੜਨ ਦੇ ਮੁੱਖ ਤੌਰ 'ਤੇ ਦੋ ਕਾਰਨ ਗਿਣਾਏ—ਇਕ ਤਾਂ ਉਨ੍ਹਾ ਕੋਲ ਚੋਣ ਲੜਨ ਲਈ ਪੈਸੇ ਨਹੀਂ ਤੇ ਦੂਜਾ ਉਨ੍ਹਾ ਨੂੰ ਆਂਧਰਾ ਪ੍ਰਦੇਸ਼ ਜਾਂ ਤਾਮਿਲਨਾਡੂ ਤੋਂ ਚੋਣ ਲੜਨ ਲਈ ਕਿਹਾ ਗਿਆ ਸੀ, ਜਿਥੇ ਕਿ ਜਾਤ ਤੇ ਧਰਮ ਦੇ ਨਾਂਅ 'ਤੇ ਚੋਣਾਂ ਲੜੀਆਂ ਜਾਂਦੀਆਂ ਹਨ ਤੇ ਉਥੇ ਜਿੱਤਣ ਦੀਆਂ ਸੰਭਾਵਨਾਵਾਂ ਘੱਟ ਹਨ। ਸੀਤਾਰਮਨ ਨੇ ਇਹ ਗੱਲਾਂ ਕਹਿ ਕੇ ਖੁਦ ਹੀ ਮੰਨ ਲਿਆ ਹੈ ਕਿ ਮੋਦੀ ਦੀ ਗਰੰਟੀ ਨਾਲ ਚੋਣ ਜਿੱਤਣ ਦੀ ਗੱਲ ਝੂਠੀ ਹੈ ਤੇ ਇਹ ਵੀ ਕਿ ਉਨ੍ਹਾ ਦੀ ਪਾਰਟੀ (ਬ੍ਰਹਿਮੰਡ ਦੀ ਸਭ ਤੋਂ ਵੱਡੀ ਪਾਰਟੀ) ਚੋਣਾਂ ਪੈਸੇ ਦੇ ਜ਼ੋਰ ਨਾਲ ਲੜਦੀ ਹੈ ਅਤੇ ਜਾਤ ਤੇ ਧਰਮ ਦੇ ਸਮੀਕਰਨਾਂ ਦੇ ਆਧਾਰ 'ਤੇ ਹੀ ਜਿੱਤਦੀ ਹੈ। ਲੋਕ ਸਭਾ ਚੋਣ ਲੜਨ ਲਈ ਉਮੀਦਵਾਰ ਛੋਟੀ ਸੀਟ ਲਈ 75 ਲੱਖ ਰੁਪਏ ਤੇ ਵੱਡੀ ਸੀਟ ਲਈ 95 ਲੱਖ ਰੁਪਏ ਖਰਚ ਸਕਦਾ ਹੈ। ਸੀਤਾਰਮਨ ਨੇ ਦੋ ਸਾਲ ਪਹਿਲਾਂ ਰਾਜ ਸਭਾ ਮੈਂਬਰ ਬਣਨ ਲਈ ਦਾਖਲ ਕਾਗਜ਼ਾਂ ਵਿਚ ਦੱਸਿਆ ਸੀ ਕਿ ਉਨ੍ਹਾ ਦੀ ਕੁੱਲ ਸੰਪਤੀ ਲਗਭਗ ਢਾਈ ਕਰੋੜ ਦੀ ਹੈ। ਸੀਤਾਰਮਨ ਮੁਤਾਬਕ ਉਨ੍ਹਾ ਕੋਲ 'ਉਸ ਤਰ੍ਹਾਂ ਦਾ ਪੈਸਾ' ਨਹੀਂ, ਚੋਣ ਲੜਨ ਲਈ ਜਿਸ ਤਰ੍ਹਾਂ ਦੇ ਪੈਸੇ ਦੀ ਲੋੜ ਹੁੰਦੀ ਹੈ। ਇਸ ਦਾ ਮਤਲਬ ਤਾਂ ਇਹ ਹੋਇਆ ਕਿ ਮੋਦੀ ਤੇ ਹੋਰ ਭਾਜਪਾਈ ਆਪਣੇ ਖੇਤ ਤੇ ਮਕਾਨ ਵੇਚ ਕੇ ਚੋਣ ਲੜਦੇ ਹਨ, ਪਾਰਟੀ ਨਹੀਂ ਲੜਦੀ, ਵਿਅਕਤੀ ਚੋਣ ਲੜਦੇ ਹਨ। ਜੇ ਇੰਜ ਹੀ ਹੈ ਤਾਂ ਫਿਰ ਚੋਣ ਬਾਂਡਾਂ ਰਾਹੀਂ ਇਕੱਠੇ ਕੀਤੇ ਹਜ਼ਾਰਾਂ ਕਰੋੜ ਰੁਪਏ ਕੀ ਦੀਵਾਲੀ 'ਤੇ ਲਕਸ਼ਮੀ ਪੂਜਾ ਲਈ ਇਕੱਠੇ ਕੀਤੇ ਹਨ। ਇਹ ਰਕਮ ਚੋਣਾਂ ਲਈ ਨਹੀਂ ਤਾਂ ਕਿਸ ਕੰਮ ਲਈ ਹੈ? ਆਪਣੇ ਕਬੂਲਨਾਮੇ ਨਾਲ ਸੀਤਾਰਮਨ ਨੇ ਨਾ ਸਿਰਫ ਆਪਣੀ ਪਾਰਟੀ ਦੀ 'ਉਸ ਤਰ੍ਹਾਂ ਦੇ ਪੈਸੇ' ਉਤੇ ਨਿਰਭਰ ਅਸਲੀਅਤ ਉਜਾਗਰ ਕਰ ਦਿੱਤੀ ਹੈ, ਜਿਸ ਨਾਲ ਭਾਜਪਾ ਦੂਜੀਆਂ ਪਾਰਟੀਆਂ ਦੇ ਵਿਧਾਇਕਾਂ ਨੂੰ ਖਰੀਦ ਕੇ ਰਾਜਾਂ ਵਿਚ ਆਪੋਜ਼ੀਸ਼ਨ ਦੀਆਂ ਸਰਕਾਰਾਂ ਪਲਟਾਉਂਦੀ ਆਈ ਹੈ। ਭਾਜਪਾ ਨੇ ਇਨ੍ਹਾਂ ਚੋਣਾਂ ਵਿਚ ਕਈ ਸੀਟਾਂ 'ਤੇ ਕੇਂਦਰੀ ਮੰਤਰੀ ਉਤਾਰੇ ਹਨ, ਪਰ ਹਰ ਬਜਟ ਵਿਚ ਮੋਦੀ ਰਾਜ 'ਚ ਜ਼ਬਰਦਸਤ ਤਰੱਕੀ ਦੇ ਦਾਅਵੇ ਕਰਨ ਵਾਲੀ ਸੀਤਾਰਮਨ ਦਾ ਚੋਣ ਲੜਨ ਤੋਂ ਇਨਕਾਰ ਕਰਨਾ ਸਾਫ ਕਰਦਾ ਹੈ ਕਿ ਐਤਕੀਂ ਦੀਆਂ ਚੋਣਾਂ ਵਿਚ ਪੈਸੇ ਨਾਲ ਵੀ ਗੱਲ ਨਹੀਂ ਬਣਨੀ। ਲਗਦਾ ਹੈ ਕਿ ਭਾਜਪਾ ਵੱਲੋਂ ਦੂਜੀਆਂ ਪਾਰਟੀਆਂ ਦੇ ਭ੍ਰਿਸ਼ਟ ਲੋਕਾਂ ਨੂੰ ਆਪਣੇ ਨਾਲ ਰਲਾਉਣ ਅਤੇ ਚੋਣ ਬਾਂਡਾਂ ਦੀ ਅਸਲੀਅਤ ਨਾਲ ਦੇਸ਼ ਵਿਚ ਉਸ ਵਿਰੁੱਧ ਬਣੇ ਮਾਹੌਲ ਨੂੰ ਸੀਤਾਰਮਨ ਨੇ ਭਾਂਪ ਲਿਆ ਹੈ।

ਰੁੱਤ ਚੋਣਾਂ ਦੀ ਆਈ

ਸੁਖਮੰਦਰ ਪੁੰਨੀ

ਇਸ ਸਮੇਂ ਪੂਰੇ ਦੇਸ਼ ਵਿਚ ਲੋਕ ਸਭਾ ਦੀਆਂ ਚੋਣਾਂ ਦਾ ਬਿਗਲ ਵੱਜ ਚੁੱਕਿਆ ਹੈ। ਜਦੋਂ ਤੋਂ ਚੋਣ ਕਮਿਸ਼ਨ ਵੱਲੋਂ ਚੋਣਾਂ ਦਾ ਦਿਨ ਨਿਰਧਾਰਿਤ ਕੀਤਾ ਹੈ, ਉਦੋਂ ਤੋਂ ਹੀ ਸਿਆਸੀ ਤਿਕੜਮਾਂ ਲੱਗਣੀਆਂ ਵੀ ਸ਼ੁਰੂ ਹੋ ਗਈਆ ਹਨ। ਲੀਡਰ ਇਕ ਪਾਰਟੀ ਤੋਂ ਦੂਜੀ ਪਾਰਟੀ ਵੱਲ ਜਾ ਰਹੇ ਹਨ ਜਾਂ ਆਪਣੀ ਜਿੱਤ ਨੂੰ ਹਾਸਿਲ ਕਰਨ ਲਈ ਵੋਟਾਂ ਦਾ ਜੋੜ-ਘਟਾਉ ਵੀ ਕਰ ਰਹੇ ਹਨ। ਇਸ ਸਮੇਂ ਲੋਕਾਂ ਦੇ ਮੁੱਦੇ, ਲੋਕਾਂ ਦੀਆਂ ਮੁਸ਼ਕਲਾਂ ਇਕ ਪਾਸੇ ਉਹਨਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਇਸ ਵਾਰ ਕੋਈ ਵੀ ਪਾਰਟੀ ਲੋਕ ਸਭਾ ਦੀਆਂ ਚੋਣਾਂ ਨੂੰ ਲੈ ਕੇ ਵਿਸ਼ੇਸ਼ ਮੁੱਦੇ ਨੂੰ ਉਭਾਰ ਨਹੀਂ ਸਕੀ। ਜੇਕਰ ਪੰਜਾਬ ਦੀ ਸਿਆਸਤ ਦੀ ਗੱਲ ਕਰੀਏ ਤਾਂ ਪੰਜਾਬ ਦੀ ਸਿਆਸਤ ਹਰ ਵਾਰ ਨਿਵੇਕਲੀ ਅਤੇ ਵੱਖਰੀ ਹੀ ਰਹੀ ਹੈ। ਜੇਕਰ ਪਿਛਲੇ ਸਮੇਂ ਵੱਲ ਝਾਤ ਮਾਰੀਏ ਤਾਂ 2014 ਦੀਆਂ ਲੋਕ ਸਭਾ ਚੋਣਾਂ ਜਦੋਂ ਆਮ ਆਦਮੀ ਪਾਰਟੀ ਪਹਿਲੀ ਵਾਰ ਚੋਣਾਂ ਲੜ ਰਹੀ ਸੀ ਤਾਂ ਪੂਰੇ ਦੇਸ਼ ਵਿਚੋਂ ਸਭ ਤੋਂ ਵੱਧ 4 ਸੰਸਦ ਮੈਂਬਰ ਪੰਜਾਬ ਨੇ ਦਿੱਤੇ, ਜਿਸ ਦੀ ਕਿਸੇ ਨੂੰ ਆਸ ਉਮੀਦ ਨਹੀਂ ਸੀ। ਇਸ ਤੋਂ ਬਾਅਦ ਅਕਾਲੀ - ਭਾਜਪਾ ਸਰਕਾਰ ਤੋਂ ਬਾਅਦ 2017 ਵਿਚ ਜਦੋਂ ਆਮ ਆਦਮੀ ਪਾਰਟੀ ਦੀ ਸਾਰੇ ਪਾਸੇ ਹਨੇਰੀ ਝੁੱਲੀ ਹੋਈ ਸੀ ਤਾਂ ਕਿਸੇ ਨੂੰ ਨਹੀਂ ਪਤਾ ਸੀ ਕਿ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਦੇ ਰੂਪ ਵਿਚ ਪੰਜਾਬ ਦੀ ਪਸੰਦ ਬਣੇਗਾ ਤਾਂ ਕਾਂਗਰਸ ਦੀ ਸਰਕਾਰ ਬਣੀ। ਇਸ ਤੋਂ ਬਾਅਦ 2019 ਵਿਚ ਵੀ ਨਤੀਜੇ ਹੈਰਾਨੀਜਨਕ ਅਤੇ 2017 ਦੇ ਮੁਕਾਬਲੇ ਬਿਲਕੁਲ ਉਲਟ ਸਾਹਮਣੇ ਆਉਂਦੇ ਹਨ। 2022 ਵਿਚ ਜਦੋਂ ਅਕਾਲੀ-ਭਾਜਪਾ, ਕਾਂਗਰਸ ਅਤੇ ਆਪ ਵਿਚ ਮੁਕਾਬਲਾ ਸੀ ਤਾਂ ਕਿਸੇ ਨੂੰ ਕੋਈ ਉਮੀਦ ਨਹੀਂ ਸੀ ਕਿ ਏਨੇ ਵੱਡੇ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ਤਾਂ ਪੰਜਾਬ ਨੇ ਪੂਰਾ ਮਾਣ ਦਿੱਤਾ। ਪਹਿਲੀ ਵਾਰ ਨਵੀਂ ਬਣੀ ਪਾਰਟੀ ਦੀ ਸਰਕਾਰ ਪੂਰੇ ਸੂਬੇ ਵਿਚ ਬਣਾਈ। ਇਸੇ ਤਰ੍ਹਾਂ ਇੰਨੇ ਵੱਡੇ ਬਹੁਮਤ ਹੋਣ ਦੇ ਬਾਵਜੂਦ ਵੀ ਪੰਜਾਬ ਦੇ ਲੋਕ ਪੰਜ ਛੇ ਮਹੀਨੇ ਬਾਅਦ ਹੀ ਉਸੇ ਪਾਰਟੀ ਨੂੰ ਸੰਗਰੂਰ ਦੀ ਜਿਮਨੀ ਚੋਣ ਵਿਚ ਪਸੰਦ ਨਹੀਂ ਕਰਦੇ। ਏਨਾ ਬਹੁਮਤ ਹੋਣ ਕਰਕੇ ਵੀ ਉਸ ਪਾਰਟੀ ਦਾ ਚਾਅ ਲਹਿ ਜਾਂਦਾ ਹੈ ਤਾਂ ਸਿੱਟੇ ਵਜੋਂ ਸਿਮਰਨਜੀਤ ਸਿੰਘ ਮਾਨ ਐਮ. ਪੀ ਬਣਦੇ ਹਨ। ਸੰਗਰੂਰ ਦੀ ਜ਼ਿਮਨੀ ਚੋਣ ਹਾਰਨ ਤੋਂ ਬਾਅਦ ਹੀ ਕੁਝ ਸਮੇਂ ਬਾਅਦ ਜਲੰਧਰ ਜ਼ਿਮਨੀ ਚੋਣ ਵਿਚ ਜਿਹੜੀ ਪਾਰਟੀ ਨੂੰ ਲੋਕ ਪਿਛਲੀ ਜਿਮਨੀ ਚੋਣ ਹਰਾ ਕੇ ਆਏ ਹੁੰਦੇ ਹਨ, ਉਸੇ ਨੂੰ ਫੇਰ ਅਗਲੀ ਜ਼ਿਮਨੀ ਚੋਣ ਵਿਚ ਜਿੱਤਾ ਦਿੰਦੇ ਹਨ। ਇਸੇ ਤਰ੍ਹਾਂ ਪੰਜਾਬ ਦੇ ਲੋਕ ਵੀ ਹੁਣ ਸਿਆਣੇ ਬਣ ਹੋ ਗਏ ਹਨ, ਸਿਆਸਤਦਾਨਾਂ ਨੂੰ ਵੀ ਸਿਆਣੇ ਸੂਝਵਾਨ ਹੋਣ ਦੀ ਜ਼ਰੂਰਤ ਹੈ। ਪੰਜਾਬ ਦੀ ਸਿਆਸਤ ਨਵੇਕਲੀ ਰਹੀ ਹੈ। ਲੋਕਾਂ ਨੂੰ ਵੀ ਚੋਣਾਂ ਪ੍ਰਤੀ ਪੂਰੀ ਤਰ੍ਹਾਂ ਸੁਚੇਤ ਰਹਿਣਾ ਚਾਹੀਦਾ ਹੈ। ਆਪਣੇ ਸੁਨਹਿਰੀ ਭਵਿੱਖ ਨੂੰ ਲੈ ਕੇ ਆਪਣੀ ਵੋਟ ਦਾ ਇਸਤੇਮਾਲ ਕਰਨ, ਕਿਉਂਕਿ ਸਾਡੀ ਵੋਟ ਦੀ ਅਹਿਮੀਅਤ ਬਹੁਤ ਖਾਸ ਹੈ, ਇਸ ਨੂੰ ਸਮਝਣ ਦੀ ਜ਼ਰੂਰਤ ਹੈ। ਇਕ ਵਾਰ ਉਂਗਲ ਉੱਪਰ ਸਿਆਈ ਲੱਗਣ ਤੋਂ ਬਾਅਦ ਪੰਜ ਸਾਲ ਲਈ ਸਾਡੇ ਕੋਲ ਕੁਝ ਵੀ ਨਹੀਂ ਬਚਦਾ।

 # ਸੰਪਰਕ : 98157-88001

ਭਾਜਪਾ ਨੂੰ ਹਰਾਉਣਾ ਹੀ ਸੱਚੀ ਦੇਸ਼ਭਗਤੀ

ਮੰਗਤ ਰਾਮ ਪਾਸਲਾ

ਹਕੀਕਤਾਂ ਏਨੀਆਂ ਬੇਤਰਸ ਹੁੰਦੀਆਂ ਹਨ ਕਿ ਨਾ ਚਾਹੁਣ ਦੇ ਬਾਵਜੂਦ ਕਿਵੇਂ ਨਾ ਕਿਵੇਂ ਲੋਕਾਂ ਸਾਹਮਣੇ ਉਜਾਗਰ ਹੋ ਜਾਂਦੀਆਂ ਹਨ। ਸੰਘ-ਭਾਜਪਾ ਤੇ ਕੇਂਦਰੀ ਸਰਕਾਰ ਦਾ ਪ੍ਰਚਾਰ ਤੰਤਰ ਫਰਜ਼ੀ ਅੰਕੜਿਆਂ ਤੇ ਝੂਠੇ ਦਾਅਵਿਆਂ ਦੀ ਝੜੀ ਲਾ ਕੇ ਇਹ ਸਿੱਧ ਕਰਨ ਲੱਗਾ ਹੋਇਆ ਹੈ ਕਿ ਭਾਰਤ 'ਜਗਤ ਗੁਰੂ' ਬਣਨ ਦੇ ਐਨ ਕਰੀਬ ਪੁੱਜ ਗਿਆ ਹੈ ਤੇ ਜਲਦੀ ਹੀ ਇਹ ਦੁਨੀਆ ਦਾ ਤੀਸਰਾ ਸਭ ਤੋਂ ਵੱਡਾ ਅਰਥਚਾਰਾ ਬਣਨ ਵੱਲ ਵਧ ਰਿਹਾ ਹੈ। ਦੇਸ਼ ਦੇ ਹੁਕਮਰਾਨਾਂ ਤੋਂ ਪੁੱਛਣਾ ਬਣਦਾ ਹੈ ਕਿ ਜੇ ਦੇਸ਼ ਏਨਾ ਹੀ ਖੁਸ਼ਹਾਲ ਹੋ ਗਿਆ ਹੈ ਤਾਂ ਫਿਰ ਵਿਦੇਸ਼ੀ ਮਹਿਮਾਨਾਂ ਦੇ ਭਾਰਤ ਆਗਮਨ ਸਮੇਂ ਗੋਡੇ-ਗੋਡੇ ਚੜ੍ਹੀ ਗੁਰਬਤ ਦਾ ਕੋਹੜ ਕੱਜਣ ਲਈ ਝੁੱਗੀਆਂ-ਝੌਂਪੜੀਆਂ ਤੇ ਗਰੀਬ ਬਸਤੀਆਂ ਦੁਆਲੇ ਮੈਕਸੀਕੋ ਦੀ ਦੀਵਾਰ ਵਰਗੀਆਂ ਕੰਧਾਂ ਕਿਉਂ ਖੜ੍ਹੀਆਂ ਕੀਤੀਆਂ ਜਾਂਦੀਆਂ ਹਨ ? ਸੱਚਾਈ ਤਾਂ ਇਹ ਹੈ ਕਿ ਗੁਰਬਤ ਦੇ ਝੰਬੇ ਦੇਸ਼ ਦੇ 80 ਕਰੋੜ ਲੋਕ ਸਰਕਾਰ ਦੀ 5 ਕਿਲੋ ਆਟਾ-ਚਾਵਲ ਤੇ ਦਾਲ ਮੁਫਤ ਦੇਣ ਵਾਲੀ ਯੋਜਨਾ ਦਾ ਲਾਹਾ ਲੈਣ ਲਈ ਹਰ ਮਹੀਨੇ ਸਰਕਾਰੀ ਡੀਪੂਆਂ ਮੂਹਰੇ ਝੋਲੀਆਂ ਅੱਡੀ ਖੜ੍ਹੇ ਨਜ਼ਰ ਆਉਂਦੇ ਹਨ। ਉੱਪਰਲੇ 1 ਪ੍ਰਤੀਸ਼ਤ ਅਮੀਰ ਦੇਸ਼ ਦੀ 40 ਪ੍ਰਤੀਸ਼ਤ ਆਬਾਦੀ ਦੇ ਬਰਾਬਰ ਪੂੰਜੀ 'ਤੇ ਨਾਗ ਕੁੰਡਲੀ ਮਾਰੀ ਬੈਠੇ ਹਨ। 80 ਪ੍ਰਤੀਸ਼ਤ ਕੰਮ ਕਰਨ ਯੋਗ ਲੋਕ ਬੇਰੁਜ਼ਗਾਰ ਹਨ।

ਸੰਘੀ ਥਿੰਕ ਟੈਂਕ ਅਤੇ ਭਾਜਪਾ ਆਗੂ, ਖਾਸ ਤੌਰ 'ਤੇ ਪ੍ਰਧਾਨ ਮੰਤਰੀ ਜੀ ਲੋਕਾਂ ਦੇ ਅੱਖੀਂ ਘੱਟਾ ਪਾਉਣ ਲਈ ਭ੍ਰਿਸ਼ਟਾਚਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਕੇ ਇਸ ਬਿਮਾਰੀ ਦਾ ਮੁੱਢੋਂ ਖਾਤਮਾ ਕਰਨ ਲਈ ਸਰਕਾਰ ਦੇ ਦ੍ਰਿੜ੍ਹ ਸੰਕਲਪ ਹੋਣ ਦਾ ਦਾਅਵੇ ਕਰੀ ਜਾ ਰਹੇ ਹਨ, ਜਦਕਿ ਹੁਣ ਤਾਂ ਸਾਰਾ ਦੇਸ਼ ਜਾਣ ਚੁੱਕਿਆ ਹੈ ਕਿ ਕਾਰਪੋਰੇਟ ਘਰਾਣਿਆਂ ਤੇ ਵੱਡੇ ਧਨਵਾਨਾਂ (ਸੁਪਰ ਰਿੱਚ) ਨੇ ਮੋਦੀ ਸਰਕਾਰ ਦੀ ਕ੍ਰਿਪਾ ਦ੍ਰਿਸ਼ਟੀ ਸਦਕਾ ਆਮ ਲੋਕਾਂ ਦੀ ਬੇਕਿਰਕ ਲੁੱਟ-ਖਸੁੱਟ ਰਾਹੀਂ ਇਕੱਤਰ ਕੀਤੀ ਅਥਾਹ ਦੌਲਤ 'ਚੋਂ ਲੁਕਵੇਂ ਢੰਗ ਨਾਲ 'ਚੋਣ ਬਾਂਡਾਂ' ਰਾਹੀਂ ਕਰੋੜਾਂ ਰੁਪਏ ਸਿਆਸੀ ਚੰਦੇ ਵਜੋਂ ਭਾਜਪਾ ਦੇ ਖਜ਼ਾਨੇ 'ਚ ਤੂੜੇ ਹਨ। ਇਹ ਤੱਥ ਵੀ ਜਗ-ਜ਼ਾਹਿਰ ਹੋ ਚੁੱਕਾ ਹੈ ਕਿ ਮੋਦੀ ਸਰਕਾਰ ਨੇ 'ਜਬਰੀ ਦਾਨ' ਲੈਣ ਲਈ ਆਪਣੀਆਂ ਸੇਵਾਦਾਰ ਈ.ਡੀ., ਸੀ.ਬੀ.ਆਈ. ਵਰਗੀਆਂ ਕੇਂਦਰੀ ਏਜੰਸੀਆਂ ਤੇ ਇਨਕਮ ਟੈਕਸ ਵਿਭਾਗ ਰਾਹੀਂ ਕਾਲੀਆਂ ਰਾਹੀਂ ਕਮਾਈਆਂ ਕਰਨ ਵਾਲੇ ਕਾਰਪੋਰੇਟਾਂ ਦੀ ਮਾਲਕੀ ਵਾਲੀਆਂ ਅਨੇਕਾਂ ਫਰਮਾਂ ਤੇ ਹੋਰ ਵੱਡੇ ਅਮੀਰਾਂ ਨੂੰ ਡਰਾਉਣ ਲਈ ਛਾਪੇ ਮਰਵਾਏ ਸਨ। ਇਸ ਪਿੱਛੋਂ ਇਨ੍ਹਾਂ ਧਨ-ਕੁਬੇਰਾਂ ਨੇ ਤੁਰੰਤ ਕਰੋੜਾਂ ਰੁਪਏ ਦੇ ਚੋਣ ਬਾਂਡ ਖਰੀਦੇ ਤੇ ਆਪਣੇ ਅਨੈਤਿਕ ਕਾਰਿਆਂ ਨੂੰ ਲੁਕਾਉਣ ਦੇ ਇਵਜ਼ਾਨੇ ਵਜੋਂ 'ਭਾਜਪਾ' ਦੀ ਝੋਲੀ ਪਾ ਦਿੱਤੇ। ਇਨ੍ਹਾਂ 'ਦਾਨੀਆਂ' 'ਚ ਦਵਾਈਆਂ ਬਣਾਉਣ ਵਾਲੀਆਂ ਦਰਜਨਾਂ ਕੰਪਨੀਆਂ ਅਤੇ ਆਲੀਸ਼ਾਨ ਦਿੱਖ ਵਾਲੇ ਵੱਡੇ ਹਸਪਤਾਲਾਂ ਤੋਂ ਇਲਾਵਾ ਕੋਰੋਨਾ ਵੈਕਸੀਨ ਸਪਲਾਈ ਕਰਨ ਵਾਲੀ ਕੰਪਨੀ ਵੀ ਸ਼ਾਮਲ ਹੈ। ਦੇਸ਼ ਵਾਸੀ 'ਪ੍ਰਧਾਨ ਸੇਵਕ' ਜੀ ਤੋਂ ਇਹ ਜਾਨਣਾ ਚਾਹੁੰਦੇ ਹਨ ਕਿ ਸਿਹਤ ਖੇਤਰ ਨਾਲ ਸੰਬੰਧਤ ਮੁਨਾਫੇ ਦੇ ਭੁੱਖੇ ਇਨ੍ਹਾਂ ਭੇੜੀਆਂ ਨੇ ਮਨੁੱਖੀ ਜਾਨਾਂ ਨਾਲ ਕਿਹੜਾ ਖਿਲਵਾੜ ਕੀਤਾ ਹੈ, ਜਿਸ ਦੇ ਬਦਲੇ ਇਹ 'ਭਲੇ ਮਾਣਸ' ਮਿੰਟੋ-ਮਿੰਟੀ ਚੰਦਾ ਰੂਪੀ ਰਿਸ਼ਵਤ ਦੇਣ ਲਈ ਮਜਬੂਰ ਹੋ ਗਏ! ਅੱਗੋਂ ਸਿਤਮ ਜ਼ਰੀਫੀ ਇਹ ਹੈ ਕਿ ਇਨ੍ਹਾਂ ਆਦਮਖੋਰਾਂ ਤੋਂ ਨਿੱਜੀ ਲਾਭਾਂ ਤੇ ਸਿਆਸੀ ਮੁਫਾਦਾਂ ਦੀ ਪੂਰਤੀ ਲਈ ਮੋਟੀਆਂ ਰਕਮਾਂ ਵਸੂਲਣ ਵਾਲੇ ਸੰਘੀ ਤੇ ਭਾਜਪਾਈ ਹਾਲੇ ਵੀ ਆਪਣੀ ਪੀੜ੍ਹੀ ਹੇਠ ਸੋਟਾ ਫੇਰਨ ਦੀ ਥਾਂ ਨੂੰ ਹੋਰਨਾਂ ਨੂੰ ਨੈਤਿਕਤਾ ਦਾ ਪਾਠ ਪੜ੍ਹਾਈ ਜਾ ਰਹੇ ਹਨ! ਇੰਜ ਹੀ ਅਨੇਕਾਂ ਹੋਰ ਧਨਾਢਾਂ ਨੇ ਭਾਜਪਾ ਨੂੰ ਚੋਣ ਬਾਂਡਾਂ ਦੀ 'ਬਖਸ਼ਿਸ਼' ਕਰਕੇ ਸਰਕਾਰੀ ਕੰਮਾਂ ਦੇ ਹਜਾਰਾਂ ਕਰੋੜ ਰੁਪਏ ਦੇ 'ਠੇਕੇ' ਵੀ ਹਥਿਆਏ ਹਨ। ਦੂਜੇ ਸ਼ਬਦਾਂ 'ਚ ਕਹੀਏ ਤਾਂ ਇਨ੍ਹਾਂ ਧਨ-ਕੁਬੇਰਾਂ ਨੇ ਮੋਟਾ ਚੰਦਾ ਦੇ ਕੇ ਭਾਜਪਾ ਸਰਕਾਰ ਤੋਂ ਸਰਕਾਰੀ ਕੰਮਾਂ 'ਚ ਮਨ-ਮਰਜ਼ੀ ਨਾਲ ਘਾਲਾ-ਮਾਲਾ ਕਰਨ ਦੀ ਗਰੰਟੀ ਹਾਸਲ ਕਰ ਲਈ ਹੈ। ਜੇਕਰ ਮਾਣਯੋਗ ਸਰਬ ਉੱਚ ਅਦਾਲਤ ਨੇ ਸਟੇਟ ਬੈਂਕ ਆਫ ਇੰਡੀਆ ਨੂੰ ਇਨ੍ਹਾਂ 'ਚੋਣ ਬਾਂਡਾ' ਦੀ ਸਮੁੱਚੀ ਜਾਣਕਾਰੀ ਦੇਣ ਦਾ ਸਖ਼ਤ ਹੁਕਮ ਨਾ ਸੁਣਾਇਆ ਹੁੰਦਾ ਤਾਂ ਸ਼ਾਇਦ ਇਸ ਵੱਡੇ ਘਪਲੇ ਦੇ ਲਾਭਪਾਤਰੀ ਯਾਨਿ ਭਾਜਪਾ ਅਤੇ ਕਾਰਪੋਰੇਟ ਘਰਾਣਿਆਂ ਦੇ ਗਠਜੋੜ ਵੱਲੋਂ ਬੇਕਿਰਕੀ ਨਾਲ ਕੀਤੀ ਦੇਸ਼ ਤੇ ਦੇਸ਼ ਵਾਸੀਆਂ ਦੀ ਲੁੱਟ-ਖਸੁੱਟ ਦਾ ਭੇਦ ਛੁਪਿਆ ਹੀ ਰਹਿਣਾ ਸੀ। ਇਹ ਦੱਸਣਾ ਵੀ ਕੁਥਾਂ ਨਹੀਂ ਹੋਵੇਗਾ ਕਿ ਮੋਦੀ-ਸ਼ਾਹ ਸਰਕਾਰ ਨੇ ਆਪਣੇ ਇਕ ਹੁਕਮ ਰਾਹੀਂ ਆਰ.ਐੱਸ.ਐੱਸ. ਦੇ ਖਾਤੇ 'ਚ ਦੇਸ਼-ਵਿਦੇਸ਼ ਦੇ ਕਿਹੜੇ ਲੋਕਾਂ ਨੇ ਕਿੰਨੇ ਧਨ ਪਾਇਆ ਹੈ ਤੇ 'ਪ੍ਰਧਾਨ ਮੰਤਰੀ ਕੇਅਰ ਫੰਡ' ਲਈ ਕਿੰਨੇ ਰੁਪਈਏ ਇਕੱਤਰ ਹੋਏ ਹਨ ਤੇ ਉਸ 'ਚੋਂ ਕਿੰਨੇ, ਕਿੱਥੇ ਖਰਚ ਕੀਤੇ ਗਏ ਹਨ ਦੀ ਜਾਣਕਾਰੀ ਮੰਗਣ ਦੀ ਵੀ ਕਾਨੂੰਨੀ ਮਨਾਹੀ ਕਰ ਦਿੱਤੀ ਹੈ। ਲੱਗਦੇ ਹੱਥ ਇਹ ਚਰਚਾ ਵੀ ਕਰ ਲਈਏ ਕਿ ਸੰਸਾਰ ਦੇ ਸਭ ਤੋਂ ਅਮੀਰ ਖੇਡ ਸੰਗਠਨ 'ਭਾਰਤੀ ਕ੍ਰਿਕਟ ਕੰਟਰੋਲ ਬੋਰਡ' (ਬੀ ਸੀ ਸੀ ਆਈ), ਜਿਸ ਦਾ ਮੁਖੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ 'ਹੋਣਹਾਰ ਸ਼ਹਿਜ਼ਾਦਾ' ਹੈ, ਨੂੰ ਵੀ ਸੂਚਨਾ ਦੇ ਅਧਿਕਾਰ ਕਾਨੂੰਨ ਤੋਂ ਛੋਟ ਮਿਲੀ ਹੋਈ ਹੈ। ਕੀ ਭਾਜਪਾ ਸਰਕਾਰ ਤੇ ਸੰਘ ਦਾ ਇਹ ਸਾਰਾ 'ਘਾਲਾ-ਮਾਲਾ' ਭਰਿਸ਼ਟਾਚਾਰ ਦੀ ਸ਼੍ਰੇਣੀ 'ਚ ਨਹੀਂ ਆਉਂਦਾ? ਪ੍ਰਧਾਨ ਮੰਤਰੀ ਇਨ੍ਹਾਂ ਗੱਲਾਂ ਦਾ ਜਵਾਬ ਦੇਣ ਦੀ ਨਾ ਹੀ ਲੋੜ ਸਮਝਦੇ ਹਨ ਤੇ ਨਾ ਹੀ 'ਆਦੀ' ਹਨ। ਉਨ੍ਹਾ ਨੂੰ ਤਾਂ ਆਪਣੇ 'ਮਨ ਕੀ ਬਾਤ' ਦੱਸਣ, ਚੋਣ ਲਾਭ ਲੈਣ ਲਈ ਵੱਖੋ-ਵੱਖ ਧਾਰਮਕ ਸਥਾਨਾਂ ਦਾ ਦੌਰਾ ਕਰਨ ਤੇ ਨਵੀਂਆਂ ਰੇਲ ਗੱਡੀਆਂ ਦੇ ਉਦਘਾਟਨ ਕਰਨ ਤੋਂ ਹੀ ਫੁਰਸਤ ਨਹੀਂ ਮਿਲਦੀ।

ਇਲੈਕਸ਼ਨ ਕਮਿਸ਼ਨ ਪਾਰਦਰਸ਼ੀ ਚੋਣਾਂ ਕਰਵਾਉਣ ਦਾ 'ਫਰਜ਼' ਠੀਕ ਉਵੇਂ ਹੀ ਅਦਾ ਕਰ ਰਿਹਾ ਹੈ, ਜਿਵੇਂ ਵਿਰੋਧੀ ਦਲਾਂ ਨੇ ਸ਼ੰਕੇ ਪ੍ਰਗਟਾਏ ਸਨ। ਚੋਣ ਜ਼ਾਬਤਾ ਲ

8-APRIL-PAGE-5.qxd 4/7/2024 10:21 PM Page 1

ਐੱਸ ਕੇ ਐੱਮ.ਗੈਰ-ਰਾਜਨੀਤਕ ਦੇ ਸੱਦੇ 'ਤੇ ਕਿਸਾਨਾਂ ਨੇ ਕੇਂਦਰ ਤੇ ਹਰਿਆਣਾ ਸਰਕਾਰ ਦੇ ਪੁਤਲੇ ਫੂਕੇ

ਸਮਰਾਲਾ (ਸੁਰਜੀਤ ਸਿੰਘ)-ਸੰਯੁਕਤ ਕਿਸਾਨ ਮੋਰਚਾ ਭਾਰਤ (ਗੈਰ-ਸਿਆਸੀ) ਦੇ ਸੱਦੇ 'ਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਦੀ ਕੇਂਦਰ ਤੇ ਹਰਿਆਣਾ ਸਰਕਾਰ ਦੇ ਪੁਤਲੇ ਸਾੜੇ ਗਏ।ਇਸ ਮੌਕੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਪਿੰਦਰ ਸਿੰਘ ਬੱਗਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨਾਲ ਕੀਤੇ ਗਏ ਵਾਅਦਿਆ ਨੂੰ ਲਾਗੂ ਕਰਵਾਉਣ ਲਈ ਵੱਖ ਵੱਖ ਰਾਜਾਂ ਦੇ ਕਿਸਾਨ ਵੱਲੋਂ 13 ਫਰਵਰੀ ਤੋਂ ਸ਼ੰਭੂ, ਖਨੌਰੀ, ਡੱਬਵਾਲੀ ਤੇ ਰਤਨਪੁਰਾ ਦੇ ਬਾਰਡਰਾਂ ਉੱਪਰ ਮੋਰਚੇ ਚੱਲ ਰਹੇ ਹਨ ਤੇ ਕਿਸਾਨਾਂ ਦੇ ਦਿੱਲੀ ਕੂਚ ਸਮੇਂ 13 ਤੇ 21 ਫਰਵਰੀ ਨੂੰ ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਸੰਵਿਧਾਨ ਦੀਆਂ ਧੱਜੀਆਂ ਉਡਾਉਂਦੇ ਹੋਏ ਅਤੇ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਕਰਦਿਆਂ ਹੋਇਆਂ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਕਿਸਾਨਾਂ ਉੱਤੇ ਅੱਥਰੂ ਗੈਸ ਤੇ ਕੈਮੀਕਲ ਵਾਲੇ ਮਾਰੂ ਹਥਿਆਰਾਂ ਦੀ ਵਰਤੋਂ ਆਪਣੇ ਹੀ ਦੇਸ਼ ਦੇ ਨਾਗਰਿਕਾਂ ਉੱਪਰ ਕੀਤੀ ਗਈ ਹੈ, ਜਿਨ੍ਹਾਂ ਹਥਿਆਰਾਂ ਦੇ ਇਸਤੇਮਾਲ ਦੀ ਇਜਾਜ਼ਤ ਕੋਈ ਵੀ ਅੰਤਰਰਾਸ਼ਟਰੀ ਕਾਨੂੰਨ ਨਹੀਂ ਦਿੰਦਾ ਅਤੇ ਇੱਕ ਨੌਜਵਾਨ ਕਿਸਾਨ ਆਗੂ ਸ਼ੁਭਕਰਨ ਸਿੰਘ ਦੇ 21 ਫਰਵਰੀ ਨੂੰ ਸਿੱਧੀ ਸਿਰ ਵਿੱਚ ਗੋਲੀ ਮਾਰ ਕੇ ਉਨ੍ਹਾਂ ਨੂੰ ਸ਼ਹੀਦ ਕਰ ਦਿੱਤਾ ਤੇ ਹੋਰ ਸੈਂਕੜੇ ਕਿਸਾਨਾਂ ਤੇ ਅਣਗਿਣਤ ਨੌਜਵਾਨਾਂ ਨੂੰ ਗੰਭੀਰ ਰੂਪ ਵਿੱਚ ਜ਼ਖਮੀ ਕੀਤਾ ਗਿਆ, ਜਿਨ੍ਹਾਂ ਵਿੱਚੋਂ ਕਈ ਨੌਜਵਾਨਾਂ ਦੀਆਂ ਅੱਖਾਂ ਦੀ ਰੌਸ਼ਨੀ ਖ਼ਤਮ ਹੋ ਗਈ ਤੇ 10 ਫਰਵਰੀ ਤੋਂ 28 ਮਾਰਚ ਤੱਕ ਹਰਿਆਣਾ ਸਰਕਾਰ ਵੱਲੋਂ ਸੈਂਕੜੇ ਕਿਸਾਨ ਗ਼ਿਫ਼ਤਾਰ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ 5 ਕਿਸਾਨ ਆਗੂ ਤੇ ਨੌਜਵਾਨ ਹਾਲੇ ਵੀ ਜੇਲ੍ਹ ਵਿੱਚ ਬੰਦ ਹਨ, ਜਿਨ੍ਹਾਂ ਵਿੱਚ ਰਵਿੰਦਰ ਸਿੰਘ 13 ਫਰਵਰੀ ਤੋਂ ਜੀਂਦ ਜੇਲ੍ਹ, ਅਮਰਜੀਤ ਸਿੰਘ 13 ਫਰਵਰੀ ਤੋਂ ਜੀਂਦ ਜੇਲ੍ਹ, ਅਨੀਸ਼ ਖਟਕੜ 19 ਮਾਰਚ ਤੋਂ ਜੀਂਦ ਜੇਲ੍ਹ ਵਿੱਚ ਹਨ ਤੇ ਨਵਦੀਪ ਸਿੰਘ ਵਾਟਰ ਕੈਨਨ ਅਤੇ ਗੁਰਕੀਰਤ ਸਿੰਘ 28 ਮਾਰਚ ਤੋਂ ਅੰਬਾਲਾ ਪੁਲਸ ਦੀ ਹਿਰਾਸਤ ਵਿੱਚ ਹਨ, ਜਿੱਥੇ ਉਨ੍ਹਾਂ ਨੌਜਵਾਨਾਂ ਉੱਤੇ ਪੁਲਸ ਹਿਰਾਸਤ ਵਿੱਚ ਉਹ ਅਣਮਨੁੱਖੀ ਤਸ਼ੱਦਦ ਢਾਹਿਆ ਗਿਆ, ਜਿਸ ਦੀ ਇਜਾਜ਼ਤ ਕੋਈ ਵੀ ਕਾਨੂੰਨ ਨਹੀਂ ਦਿੰਦਾ ਹੈ ਤੇ ਉਨ੍ਹਾਂ ਗ਼ਿਫ਼ਤਾਰ ਕੀਤੇ ਸਾਰੇ ਕਿਸਾਨਾਂ, ਨੌਜਵਾਨਾ ਦੀ ਤੁਰੰਤ ਰਿਹਾਈ ਦੀ ਮੰਗ ਕਰਦੇ ਹਾਂ।ਸੁਪਿੰਦਰ ਸਿੰਘ ਬੱਗਾ ਨੇ ਕਿਹਾ ਕਿ ਸਰਕਾਰ ਵੱਲੋ ਬਾਰਡਰਾਂ ਉੱਤੇ ਸੰਘਰਸ਼ ਲੜ ਰਹੇ ਕਿਸਾਨਾਂ ਨੂੰ ਪ੍ਰੇਸ਼ਾਨ ਕਰਨ ਲਈ ਸਾਰੇ ਬਾਰਡਰਾਂ ਉੱਪਰ ਜਾਣਬੁੱਝ ਕੇ ਬਿਜਲੀ ਸਿਸਟਮ ਵਿਗਾੜਿਆ ਜਾ ਰਿਹਾ ਹੈ, ਜਿਸ ਕਾਰਨ ਕਿਸਾਨਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਸੂਬਾ ਤੇ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਪਰੋਕਤ ਮੰਗਾਂ ਦੇ ਉੱਤੇ ਤੁਰੰਤ ਅਮਲ ਨਾ ਕੀਤਾ ਗਿਆ ਤੇ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰਦੇ ਕਿਸਾਨਾਂ ਨੂੰ ਤੁਰੰਤ ਰਿਹਾਅ ਨਾ ਕੀਤਾ ਗਿਆ ਤਾਂ 9 ਅਪ੍ਰੈਲ ਤੋਂ ਸ਼ੰਭੂ ਬੈਰੀਅਰ ਵਿਖੇ ਪੱਕੇ ਤੌਰ 'ਤੇ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਗੁਰਦੀਪ ਸਿੰਘ ਬਰਮਾਂ, ਮਲਕੀਤ ਸਿੰਘ ਘੁਲਾਲ, ਸਵਰਨਜੀਤ ਸਿੰਘ ਘੁਲਾਲ, ਕੁਲਦੀਪ ਸਿੰਘ ਸੋਖੋਂ, ਗੁਰਜੀਤ ਸਿੰਘ ਦੋਰਾਹਾ, ਬਲਰਾਜ ਸਿੰਘ ਰਾਮਪੁਰ, ਅਮਰੀਕ ਸਿੰਘ ਹਲਵਾਰਾ, ਕਰਮਜੀਤ ਸਿੰਘ ਕੋਟ ਆਗਾ, ਕਾਲਾ ਜਲਾਲਦੀਵਾਲ ਆਦਿ ਆਗੂ ਹਾਜ਼ਰ ਸਨ।

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ) : ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਕੇ.ਐੱਮ.ਐੱਮ ਤੇ ਐੱਸ ਕੇ ਐੱਮ ਗੈਰ-ਰਾਜਨੀਤਕ ਦੇ ਸੱਦੇ 'ਤੇ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ, ਨੌਜਵਾਨਾਂ ਸਮੇਤ ਕਿਸਾਨ ਬੀਬੀਆਂ ਨੇ ਦਾਣਾ ਮੰਡੀ ਸੰਗਰੂਰ ਵਿਖੇ ਇਕੱਠੇ ਹੋ ਕੇ ਬਾਜ਼ਾਰ ਵਿੱਚ ਰੋਸ ਮਾਰਚ ਕਰਕੇ ਜ਼ਿਲ੍ਹਾ ਕੰਪਲੈਕਸ ਦੇ ਗੇਟ ਅੱਗੇ ਹਰਿਆਣਾ ਸਰਕਾਰ ਤੇ ਕੇਂਦਰ ਸਰਕਾਰ ਦੀਆਂ ਅਰਥੀਆਂ ਸਾੜੀਆਂ।ਜ਼ਿਲ੍ਹਾ ਆਗੂ ਕੁਲਵਿੰਦਰ ਸਿੰਘ ਸੋਨੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਤੇ ਕੇਂਦਰ ਸਰਕਾਰ ਖ਼ਿਲਾਫ਼ ਜ਼ਬਰਦਸਤ ਨਾਅਰੇਬਾਜ਼ੀ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਸੂਬਾਈ ਆਗੂ ਦਿਲਬਾਗ ਸਿੰਘ ਹਰੀਗੜ੍ਹ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਹਰਿਆਣਾ ਸਰਕਾਰ ਨੇ ਸੰਘਰਸ਼ਸ਼ੀਲ ਤਿੰਨ ਨੌਜਵਾਨਾਂ ਨੂੰ ਮੁਹਾਲੀ ਏਅਰਪੋਰਟ ਤੋਂ ਗ਼ਿਰਫ਼ਤਾਰ ਕਰਕੇ ਜੇਲ੍ਹ ਵਿੱਚ ਬੰਦ ਕੀਤਾ ਹੋਇਆ ਹ, ਜਿਸ ਕਾਰਨ ਅੱਜ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਅੰਦਰ ਦੋਵੇਂ ਸਰਕਾਰਾਂ ਦੀਆਂ ਅਰਥੀਆਂ ਸਾੜ ਕੇ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਕੱਲ੍ਹ ਤੱਕ ਉਕਤ ਮੰਗਾਂ ਦੀ ਪੂਰਤੀ ਨਾ ਕੀਤੀ ਤਾਂ 9 ਅਪ੍ਰੈਲ ਨੂੰ ਸ਼ੰਭੂ ਬਾਰਡਰ 'ਤੇ ਅਣਮਿੱਥੇ ਸਮੇਂ ਰੇਲ ਦਾ ਚੱਕਾ ਜਾਮ ਕੀਤਾ ਜਾਵੇਗਾ।ਇਸ ਮੌਕੇ ਸੂਬਾ ਔਰਤ ਆਗੂ ਬਲਜੀਤ ਕੌਰ ਕਿਲ੍ਹਾ ਭਰੀਆਂ ਨੇ ਕਿਹਾ ਕਿ ਸਾਰੇ ਬਾਰਡਰਾਂ 'ਤੇ ਚੱਲ ਰਿਹਾ ਮੋਰਚਾ ਪੂਰੀ ਚੜ੍ਹਦੀ ਕਲਾ ਵਿੱਚ ਹੈ, ਹੁਣ ਵਾਢੀ ਦੇ ਦਿਨਾਂ ਵਿੱਚ ਜਿੱਥੇ ਕਿਸਾਨ ਆਪਣੀ ਫ਼ਸਲ ਨੂੰ ਸਾਂਭਣਗੇ, ਉਥੇ ਮਾਵਾਂ-ਭੈਣਾਂ ਤਕੜੀਆਂ ਹੋ ਕੇ ਮੋਰਚੇ ਨੂੰ ਸਾਂਭਣਗੀਆਂ।ਅੱਜ ਦੇ ਅਰਥੀ ਫੂਕ ਮੁਜ਼ਾਹਰੇ ਨੂੰ ਜ਼ਿਲ੍ਹਾ ਆਗੂ ਜਸਵੀਰ ਮੈਦੇਵਾਸ, ਗੁਰਮੇਲ ਕੈਂਪਰ, ਸੁਖਦੇਵ ਸ਼ਰਮਾ, ਬਲਾਕ ਆਗੂ ਦਰਬਾਰਾ ਲੋਹਾਖੇੜਾ, ਸਤਿਗੁਰ ਨਮੋਲ, ਰਾਜ ਥੇੜੀ, ਲੀਲਾ ਸਿੰਘ ਚੋਟੀਆਂ, ਬਿੰਦਰ ਦਿੜਬਾ, ਸੁਖਵਿੰਦਰ ਪੇਧਨੀ ਕਲਾਂ, ਬਲਵਿੰਦਰ ਲੱਖੇਵਾਲ, ਗੁਰਦੀਪ ਮੰਡੇਰ ਖੁਰਦ, ਬੱਬੂ ਮੂਨਕ, ਕਰਨੈਲ ਕੌਰ ਹਰਿਆਊ, ਗੰਨਾ ਸੰਘਰਸ਼ ਕਮੇਟੀ ਤੋਂ ਹਰਜੀਤ ਬੁੱਗਰਾ ਨੇ ਸੰਬੋਧਨ ਕੀਤਾ।

ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ) : ਸੰਯੁਕਤ ਕਿਸਾਨ ਮੋਰਚਾ ਭਾਰਤ (ਗੈਰ-ਸਿਆਸੀ) ਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਸ਼ਹਿਰ ਵਿੱਚ ਕਾਰਪੋਰੇਟ ਘਰਾਣਿਆ ਪੱਖੀ ਸਰਕਾਰਾਂ ਵਿਰੁੱਧ ਪੁਰਾਣੀ ਦਾਣਾ ਮੰਡੀ ਫਰੀਦਕੋਟ ਤੋਂ ਵਿਸ਼ਾਲ ਪੈਦਲ ਰੋਸ ਮਾਰਚ ਕਰਦੇ ਹੋਏ ਭਾਈ ਘਨ੍ਹੱਈਆ ਚੌਕ ਵਿੱਚ ਪਹੁੰਚ ਕੇ ਭਾਜਪਾ ਉਸ ਦੇ ਸਹਿਯੋਗੀਆਂ ਤੇ ਹਰਿਆਣਾ ਦੇ ਮੁੱਖ ਮੰਤਰੀ ਨੈਬ ਸਿੰਘ ਸੈਣੀ ਦੇ ਪੁਤਲੇ ਫੂਕੇ ਗਏ।ਇਸ ਮੌਕੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸ. ਜਗਜੀਤ ਸਿੰਘ ਡੱਲੇਵਾਲ ਸੂਬਾ ਪ੍ਰਧਾਨ ਬੀਕੇਯੂ ਸਿੱਧੂਪੁਰ ਨੇ ਕਿਹਾ ਕਿ ਸਰਕਾਰ ਵੱਲੋਂ ਬਾਰਡਰਾਂ ਉੱਤੇ ਸੰਘਰਸ਼ ਲੜ ਰਹੇ ਕਿਸਾਨਾਂ ਨੂੰ ਪ੍ਰੇਸ਼ਾਨ ਕਰਨ ਲਈ ਸਾਰੇ ਬਾਰਡਰਾਂ ਉੱਪਰ ਜਾਣਬੁੱਝ ਕੇ ਬਿਜਲੀ ਸਿਸਟਮ ਵਿਗਾੜਿਆ ਜਾ ਰਿਹਾ ਹੈ, ਜਿਸ ਕਾਰਨ ਕਿਸਾਨਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕਿਸਾਨ ਆਗੂਆਂ ਨੇ ਸੂਬਾ ਤੇ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਹੋਇਆ ਕਿਹਾ ਕਿ ਜੇਕਰ ਮੰਗਾਂ 'ਤੇ ਤੁਰੰਤ ਅਮਲ ਨਾਂ ਕੀਤਾ ਗਿਆ ਅਤੇ ਆਪਣੀਆ ਹੱਕੀ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰਦੇ ਕਿਸਾਨਾਂ ਨੂੰ ਤੁਰੰਤ ਰਿਹਾ ਨਾਂ ਦਿੱਤਾ ਗਿਆ ਤਾਂ 9 ਅਪ੍ਰੈਲ ਤੋਂ ਸ਼ੰਭੂ ਬੈਰੀਅਰ ਵਿਖੇ ਪੱਕੇ ਤੌਰ ਤੇ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਬੋਹੜ ਸਿੰਘ ਰੁਪੱਈਆ ਵਾਲਾ ਜ਼ਿਲ੍ਹਾ ਪ੍ਰਧਾਨ, ਇੰਦਰਜੀਤ ਸਿੰਘ ਘਣੀਆ ਜ਼ਿਲ੍ਹਾ ਜਨਰਲ ਸਕੱਤਰ, ਗੁਰਦਿੱਤਾ ਸਿੰਘ ਜ਼ਿਲ੍ਹਾ ਵਿੱਤ ਸਕੱਤਰ, ਰਜਿੰਦਰ ਸਿੰਘ ਬਲਾਕ ਪ੍ਰਧਾਨ ਸਾਦਿਕ, ਸੁਖਚਰਨ ਸਿੰਘ ਬਲਾਕ ਪ੍ਰਧਾਨ ਗੋਲੇਵਾਲਾ, ਚਰਨਜੀਤ ਸਿੰਘ ਬਲਾਕ ਪ੍ਰਧਾਨ ਫਰੀਦਕੋਟ, ਬਲਜਿੰਦਰ ਸਿੰਘ ਬਾੜਾ ਭਾਈਕਾ ਬਲਾਕ ਪ੍ਰਧਾਨ ਬਾਜਾਖਾਨਾ, ਸ਼ਿੰਦਰਪਾਲ ਸਿੰਘ ਬਲਾਕ ਪ੍ਰਧਾਨ ਜੈਤੋ ਆਦਿ ਆਗੂ ਹਾਜ਼ਰ ਸਨ।

ਮੋਗਾ (ਇਕਬਾਲ ਸਿੰਘ ਖਹਿਰਾ) : ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ, ਭਾਰਤੀ ਕਿਸਾਨ ਯੂਨੀਅਨ ਖੋਸਾ ਪੰਜਾਬ, ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਪੰਜਾਬ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਸਾਂਝੇ ਤੌਰ 'ਤੇ ਮੋਗਾ ਦੇ ਮੁੱਖ ਚੌਕ ਤੋਂ ਰੋਸ ਮਾਰਚ ਆਰੰਭ ਕਰਦੇ ਮੋਗਾ ਦੇ ਮੁੱਖ ਬਜ਼ਾਰਾਂ ਤੋਂ ਹੁੰਦਾ ਹੋਇਆ ਮੋਗਾ ਦੇ ਡਿਪਟੀ ਕਮਿਸ਼ਨਰ ਦਫਤਰ ਪੁੱਜਾ, ਜਿੱਥੇ ਕਿਸਾਨਾਂ ਮਜ਼ਦੂਰਾਂ ਵੱਲੋਂ ਧਰਨਾ ਦਿੱਤਾ ਗਿਆ। ਇਸ ਮੌਕੇ ਸੁਰਜੀਤ ਸਿੰਘ ਫੂਲ ਚੇਅਰਮੈਨ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ, ਸੁਖਜਿੰਦਰ ਸਿੰਘ ਖੋਸਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਖੋਸਾ ਪੰਜਾਬ, ਬਲਵੰਤ ਸਿੰਘ ਬਹਿਰਾਮਕੇ ਸੂਬਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ, ਗੁਰਦੇਵ ਸਿੰਘ ਸ਼ਾਹਵਾਲਾ ਜ਼ਿਲ੍ਹਾ ਪ੍ਰਧਾਨ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ, ਜਗਮੋਹਨ ਸਿੰਘ ਕੰਗ, ਜ਼ਿਲ੍ਹਾ ਪ੍ਰਧਾਨ ਗੁਰਿੰਦਰ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਭੁਪਿੰਦਰ ਸਿੰਘ ਖੋਸਾ, ਬਲਜਿੰਦਰ ਖਾਲਸਾ, ਫੌਜੀ ਬਲਵੀਰ ਸਿੰਘ, ਗੁਰਦਰਸ਼ਨ ਸਿੰਘ, ਕਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸ਼ਿੰਦਰ ਸਾਧੂਵਾਲਾ ਤੇ ਲੋਕ ਸੰਗਰਾਮ ਮੋਰਚਾ ਦੇ ਸੂਬਾ ਪ੍ਰਧਾਨ ਤਾਰਾ ਸਿੰਘ ਮੋਗਾ, ਗੁਰਮੇਲ ਸਿੰਘ ਲੋਹਗੜ੍ਹ ਨੇ ਕਿਹਾ ਕਿ ਸੰਭੂ ਖਨੌਰੀ ਬਾਰਡਰਾਂ ਤੇ ਡਟੇ ਹੋਏ ਐਸ.ਕੇ.ਐਮ (ਗੈਰ ਰਾਜਨੀਤਿਕ) ਅਤੇ ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ ਤੇ ਡੀ.ਸੀ ਦਫਤਰਾਂ ਅੱਗੇ ਧਰਨੇ ਦੇ ਕੇ ਮੋਦੀ ਸਰਕਾਰ ਦੇ ਪੁਤਲੇ ਫੂਕਣ ਦਾ ਐਲਾਨ ਕੀਤਾ ਗਿਆ ਸੀ। ਸੱਦੇ ਨੂੰ ਲਾਗੂ ਕਰਦੇ ਹੋਏ ਅੱਜ ਧਰਨਿਆਂ ਦਾ ਸੱਦਾ ਤਾਂ ਦਿੱਤਾ ਗਿਆ ਸੀ ਤਾਂ ਜੋ ਹਰਿਆਣਾ ਪੁਲਸ ਵੱਲੋਂ ਹਰਿਆਣੇ ਚੋਂ ਗ਼ਿਫ਼ਤਾਰ ਕੀਤੇ ਤਿੰਨ ਨੌਜਵਾਨ ਆਗੂਆਂ (ਨਵਦੀਪ ਸਿੰਘ ਅੰਬਾਲਾ, ਅਨੀਸ਼ ਖਟਕਰ ਜੀਂਦ, ਗੁਰਕੀਰਤ ਸਿੰਘ ਅੰਬਾਲਾ) ਨੂੰ ਜੇਲ੍ਹ ਬੰਦ ਕੀਤਾ ਹੋਇਆ ਹੈ ਤੇ ਉਨ੍ਹਾਂ ਨੂੰ ਦਹਿਸ਼ਤਜ਼ੁਦਾ ਕਰਨ ਲਈ ਬੇਤਹਾਸ਼ਾ ਤਸ਼ੱਦਦ ਕੀਤਾ ਜਾ ਰਿਹਾ ਹੈ, ਜਿਸ ਨੂੰ ਕਿਸਾਨ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ।ਅਖੀਰ ਵਿੱਚ ਕਿਸਾਨਾਂ ਤੇ ਮਜ਼ਦੂਰਾਂ ਵੱਲੋਂ ਮੋਗਾ ਦੇ ਡਿਪਟੀ ਕਮਿਸ਼ਨਰ ਦਫਤਰ ਅੱਗੇ ਕੇਂਦਰ ਦੀ ਮੋਦੀ ਸਰਕਾਰ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਪੁਤਲੇ ਫੂਕੇ ਤੇ ਰੋਹ ਭਰਪੂਰ ਨਾਹਰੇਬਾਜ਼ੀ ਕੀਤੀ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇ ਸਾਡੀਆਂ ਮੰਗਾਂ ਦਾ ਹੱਲ ਨਾ ਕੀਤਾ ਤਾਂ 9 ਅਪ੍ਰੈਲ ਨੂੰ ਸੰਭੂ ਵਿਖੇ ਰੇਲਾਂ ਰੋਕੀਆਂ ਜਾਣਗੀਆਂ।

ਚੋਰਾਂ ਦੀ ਗ਼ਿਫ਼ਤਾਰੀ ਨਾ ਹੋਣ 'ਤੇ ਪਿੰਡ ਵਾਸੀਆਂ ਵੱਲੋਂ ਥਾਣੇ ਅੱਗੇ ਧਰਨਾ

ਬਰੇਟਾ (ਗੀਤਵਾਲ)-ਬੀਤੀ 31 ਮਾਰਚ ਤੇ 5 ਅਪ੍ਰੈਲ ਨੂੰ ਪਿੰਡ ਗੋਬਿੰਦਪੁਰਾ ਵਿੱਚ ਦੋ ਵੱਡੀਆਂ ਚੋਰੀਆਂ ਹੋਈਆਂ ਸਨ, ਜਿਸ ਵਿੱਚ ਇੱਕ ਕਿਸਾਨ ਦੇ ਘਰੋਂ ਚੋਰ ਦਿਨ ਦਿਹਾੜੇ 15 ਤੋਲੇ ਸੋਨਾ ਤੇ ਨਕਦੀ ਲੈ ਕੇ ਫਰਾਰ ਹੋ ਗਏ ਸਨ ਅਤੇ ਇਸੇ ਤਰ੍ਹਾਂ ਕੁਝ ਦਿਨਾਂ ਬਾਅਦ ਦੂਜੇ ਘਰ ਵਿੱਚੋ ਚੋਰ 10 ਤੋਲੇ ਸੋਨਾ ਤੇ ਕੀਮਤੀ ਘੜੀ ਚੁਰਾ ਕੇ ਫਰਾਰ ਹੋ ਗਏ।ਪਿੰਡ 'ਚ ਵਾਪਰੀਆਂ ਇਹ ਦੋਵੇਂ ਚੋਰੀਆਂ ਦੀਆਂ ਵਾਰਦਾਤਾਂ 'ਚ ਅਜੇ ਤੱਕ ਕਿਸੇ ਵੀ ਆਰੋਪੀ ਦੀ ਗ਼ਿਫ਼ਤਾਰੀ ਨਾ ਹੋਣ ਕਾਰਨ ਅੱਜ ਪਿੰਡ ਵਾਸੀਆਂ ਤੇ ਵੱਖ ਵੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਬਰੇਟਾ ਥਾਣੇ ਅੱਗੇ ਧਰਨਾ ਦਿੱਤਾ ਗਿਆ ਤੇ ਪੁਲਸ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕੀਤੀ ਗਈ।ਧਰਨੇ ਦੌਰਾਨ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਪੁਲਸ ਪ੍ਰਸ਼ਾਸਨ ਖਿਲਾਫ ਰੋਸ ਪ੍ਰਗਟ ਕਰਦੇ ਹੋਏ ਕਿਹਾ ਕਿ ਪਿੰਡ 'ਚ ਹੋਈਆਂ ਚੋਰੀਆਂ 'ਚ ਕਈ ਦਿਨ ਬੀਤ ਜਾਣ ਦੇ ਬਾਵਜੂਦ ਚੋਰਾਂ ਨੂੰ ਫੜਨ 'ਚ ਹਾਲੇ ਤੱਕ ਪੁਲਸ ਦੇ ਹੱਥ ਖਾਲੀ ਹਨ, ਜਿਸ ਨੂੰ ਦੇਖ ਕੇ ਜਾਪਦਾ ਹੈ ਕਿ ਪੁਲਸ ਹਾਲੇ ਕਿਸੇ ਹੋਰ ਵੱਡੀ ਘਟਨਾ ਦੀ ਉਡੀਕ ਵਿੱਚ ਹੈ ਤਾਂ ਹੀ ਕੁੰਭਕਰਨੀ ਨੀਂਦ 'ਚੋਂ ਜਾਗਣ ਦਾ ਨਾਮ ਨਹੀਂ ਲੈ ਰਹੀ ਹੈ। ਬੁਲਾਰਿਆਂ ਨੇ ਪੁਲਸ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਜਲਦ ਚੋਰਾਂ ਨੂੰ ਕਾਬੂ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ 'ਚ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਅਖੀਰ 'ਚ ਥਾਣਾ ਮੁਖੀ ਬਲਤੇਜ ਸਿੰਘ ਬਰੇਟਾ ਵੱਲੋਂ ਧਰਨਕਾਰੀਆਂ ਨੂੰ ਇਹ ਵਿਸ਼ਵਾਸ ਦਿਵਾਇਆ ਗਿਆ ਕਿ ਇੱਕ ਹਫਤੇ ਦੇ ਅੰਦਰ ਅੰਦਰ ਪੁਲਸ ਟੀਮਾਂ ਬਣਾ ਕੇ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ, ਜਿਸ ਤੋਂ ਬਾਅਦ ਧਰਨਕਾਰੀਆਂ ਵੱਲੋਂ ਧਰਨਾ ਚੁੱਕ ਦਿੱਤਾ ਗਿਆ ।

ਭਾਜਪਾ ਉ

page-6-8-April.-2024.qxd 4/7/2024 10:25 PM Page 1

ਪੇਂਡੂ ਵਾਟਰ ਸਪਲਾਈ ਸਕੀਮਾਂ ਦੇ ਨਿੱਜੀਕਰਨ ਦਾ ਵਿਰੋਧ ਕੀਤਾ ਜਾਵੇਗਾ : ਫਲੀਆਂਵਾਲਾ

ਜਲਾਲਾਬਾਦ, (ਜੀਤ ਕੁਮਾਰ) - ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਦੀ ਮੀਟਿੰਗ ਸਥਾਨਕ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਹੋਈ, ਜਿਸ ਵਿਚ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ, ਜਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਜਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸਮੰਦ, ਦਫਤਰੀ ਸਟਾਫ ਦੇ ਪ੍ਰਧਾਨ ਸੁਖਚੈਨ ਸਿੰਘ ਸੋਢੀ, ਬ੍ਰਾਂਚ ਜਨਰਲ ਸਕੱਤਰ ਕੁੰਦਨ ਸਿੰਘ, ਖਜਾਨਚੀ ਨਾਨਕ ਚੰਦ ਸਮੇਤ ਵੱਡੀ ਗਿਣਤੀ ਵਿਚ ਵਰਕਰਾਂ ਨੇ ਸ਼ਿਰਕਤ ਕੀਤੀ ਗਈ। ਮੀਟਿੰਗ 'ਚ ਲੋਕ ਪੱਧਰ ਤੇ ਵਰਕਰਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਜਿੱਥੇ ਇਕ ਪਾਸੇ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀ ਪੇਂਡੂ ਜਲ ਸਪਲਾਈ ਸਕੀਮਾਂ ਨਿੱਜੀਕਰਨ/ਪੰਚਾਇਤੀਕਰਨ ਵਾਲੀਆ ਨੀਤੀਆ ਪੂਰੇ ਜੋਰ ਸ਼ੋਰ ਨਾਲ ਲਾਗੂ ਕਰਕੇ ਲੋਕਾਂ ਪਾਸੋ ਪੀਣ ਵਾਲਾ ਪਾਣੀ ਦੀ ਸਹੂਲਤ ਖੋਹਣ ਦੇ ਨਾਲ ਨਾਲ ਪਿਛਲੇ ਸਾਲਾਂਬੱਧੀ ਅਰਸ਼ੇ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜਮਾਂ ਦੇ ਕੱਚੇ ਪਿੱਲੇ ਰੁਜਗਾਰ ਨੂੰ ਖੋਹਣ ਦੀਆਂ ਮਾਰੂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆ ਹਨ, ਜਿਸਦਾ ਵਿਰੋਧ ਕਰਨ ਦਾ ਫੈਸਲਾ ਕੀਤਾ ਗਿਆ। ਯੂਨੀਅਨ ਵੱਲੋਂ ਲੋਕ ਅਤੇ ਵਰਕਰ ਵਿਰੋਧੀ ਨੀਤੀਆਂ ਦੇ ਖਿਲਾਫ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਲਾਲਾਬਾਦ ਦੇ ਪਿੰਡਾਂ 'ਚ ਨਹਿਰੀ ਪਾਣੀ ਸਪਲਾਈ ਮੁਹੱਈਆ ਕਰਵਾਉਣ ਲਈ, ਘੱਟਿਆ ਵਾਲਾ ਵਿਖੇ ਜੋਕਿ ਪ੍ਰੋਜੈਕਟ ਲਗਾਇਆ ਜਾ ਰਿਹਾ ਹੈ, ਇਹ ਵੀ ਸਰਕਾਰ ਦੀ ਨਿੱਜੀਕਰਨ/ ਪੰਚਾਇਤੀਕਰਨ ਕਰਨ ਵਾਲੀ ਪਾਲਸੀ ਹੈ, ਜਿਸ ਰਾਹੀ ਲੋਕਾਂ ਨੂੰ ਮਹਿੰਗੇ ਮੁੱਲ ਵਿਚ ਪਾਣੀ ਮਿਲੇਗਾ, ਜਦੋਂਕਿ ਲੋਕਾਂ ਦੇ ਲਈ ਪੀਣ ਵਾਲੇ ਪਾਣੀ ਵਾਲੀ ਬੁਨਿਆਦੀ ਸਹੂਲਤ ਦਾ ਪ੍ਰਬੰਧ ਖੁਦ ਸਰਕਾਰ ਆਪ ਵੱਲੋਂ ਕੀਤਾ ਜਾਣਾ ਚਾਹੀਦਾ ਹੈ। ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ।

ਉਨ੍ਹਾਂ ਮੰਗ ਕੀਤੀ ਕਿ ਜਲ ਸਪਲਾਈ ਵਿਭਾਗ 'ਚ ਪਿਛਲੇ 15-20 ਸਾਲਾਂ ਦੇ ਅਰਸ਼ੇ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜਮਾਂ ਨੂੰ ਵਿਭਾਗ ਵਿਚ ਮਰਜ ਕਰਕੇ ਪੱਕੇ ਰੁਜਗਾਰ ਦਾ ਪ੍ਰਬੰਧ ਕੀਤਾ ਜਾਵੇ, ਇਨਲਿਸਟਮੈਂਟ/ਆਊਟਸੋਰਸ ਕਿਰਤ ਕਾਨੂੰਨ ਤਹਿਤ ਵਧੇ ਹੋਏ ਲਾਗੂ ਕੀਤੇ ਜਾਣ, ਪੇਂਡੂ ਵਾਟਰ ਸਪਲਾਈ ਸਕੀਮਾਂ ਤੇ ਲੋੜੀਦੇ ਰਿਪੇਅਰ ਦੇ ਕੰਮ ਵਿਭਾਗ ਵੱਲੋਂ ਤੁਰੰਤ ਕਰਵਾਏ ਜਾਣ, ਜਿਸ ਵਿਚ ਪੰਚਾਇਤਾਂ ਦੀ ਦਖਲਅੰਦਾਜੀ ਬੰਦ ਕਰਕੇ ਵਿਭਾਗ ਵੱਲੋਂ ਕਰਵਾਏ ਜਾਣ। ਤਾਂ ਜੋ ਗਰਮੀ ਦੇ ਮੌਸਮ ਵਿਚ ਲੋਕਾਂ ਨੂੰ ਪੀਣ ਵਾਲਾ ਪਾਣੀ ਨਿਰਵਿਘਨ ਮਿਲਦਾ ਰਹੇ ਅਤੇ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਾ ਆ ਸਕੇ।

ਕ੍ਰਿਕਟ ਟੂਰਨਾਮੈਂਟ ਮੌਕੇ ਆਸ਼ੂ ਬੰਗੜ ਵੱਲੋਂ ਪ੍ਰਬੰਧਕਾਂ ਨੂੰ 11000 ਰੁਪਏ ਦੀ ਨਗਦ ਰਾਸ਼ੀ ਭੇਟ

ਮਮਦੋਟ, (ਜਸਬੀਰ ਸਿੰਘ ਕੰਬੋਜ) ਹਲਕਾ ਫਿਰੋਜਪੁਰ ਦਿਹਾਤੀ ਦੇ ਪਿੰਡ ਜੋਧਪੁਰ ਦੇ ਨੌਜਵਾਨ ਕ੍ਰਿਕਟ ਪ੍ਰੇਮੀਆਂ ਵੱਲੋਂ ਸਥਾਨਕ ਕ੍ਰਿਕਟ ਪ੍ਰੇਮੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਦੂਜਾ ਵਿਸ਼ਾਲ ਕ੍ਰਿਕਟ ਟੂਰਨਾਮੈਂਟ ਅਨਾਜ ਮੰਡੀ ਮਮਦੋਟ ਵਿਖੇ ਕਰਵਾਇਆ ਗਿਆ। ਅਨਾਜ ਮੰਡੀ ਮਮਦੋਟ ਵਿਖੇ ਕਰਵਾਏ ਗਏ ਇਸ ਟੂਰਨਾਮੈਂਟ ਵਿੱਚ ਕਾਂਗਰਸ ਪਾਰਟੀ ਤੋਂ ਹਲਕਾ ਫਿਰੋਜਪੁਰ ਦਿਹਾਤੀ ਦੇ ਇੰਚਾਰਜ ਅਮਰਦੀਪ ਸਿੰਘ ਆਸ਼ੂ ਬਾਂਗੜ ਆਪਣੀ ਟੀਮ ਨਾਲ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਇਸ ਮੌਕੇ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਵਾਸਤੇ ਸਾਨੂੰ ਇਸ ਤਰ੍ਹਾਂ ਦੇ ਉਪਰਾਲੇ ਸਮੇਂ ਸਮੇਂ 'ਤੇ ਕਰਦੇ ਰਹਿਣਾ ਚਾਹੀਦਾ ਹੈ ਤੇ ਅਜਿਹੇ ਟੂਰਨਾਮੈਂਟ ਕਰਾਉਣ ਵਾਸਤੇ ਪ੍ਰਬੰਧਕਾਂ ਦੀ ਸਾਰੀ ਦੀ ਸਾਰੀ ਟੀਮ ਵਧਾਈ ਦੀ ਹੱਕਦਾਰ ਹੈ। ਅੱਜ ਦੇ ਇਸ ਕ੍ਰਿਕਟ ਟੂਰਨਾਮੈਂਟ ਤੇ ਆਸ਼ੂ ਬੰਗੜ ਹਲਕਾ ਇੰਚਾਰਾਜ ਕਾਂਗਰਸ ਪਾਰਟੀ ਹਲਕਾ ਫ਼ਿਰੋਜ਼ਪੁਰ ਦਿਹਾਤੀ ਵੱਲੋਂ 11000 ਰੁਪਏ ਦੀ ਨਗਦ ਰਾਸ਼ੀ ਦਾ ਸਹਿਯੋਗ ਵੀ ਕੀਤਾ ਗਿਆ। ਇਸ ਮੌਕੇ ਓਕਾਰ ਸਿੰਘ ਰਿੰਕਾ ਜੋਧਪੁਰ, ਗੱਗੀ ਮੁਮਦੋਟ, ਗੁਰਪ੍ਰੀਤ ਜੋਧਪੁਰ, ਜਗਨ ਜੋਧਪੁਰ, ਵਿਕਰਮ, ਬਾਜ ਸਿੰਘ ਐਮ ਸੀ, ਰਾਜੂ ਨਾਰੰਗ, ਮਨਪ੍ਰੀਤ ਸਿੰਘ ਸੋਢੀ, ਇਕਬਾਲ ਸਿੰਘ ਸਰਪੰਚ, ਬਲਜਿੰਦਰ ਸਿੰਘ, ਨਰਿੰਦਰ ਸਿੰਘ, ਗੁਰਨਾਮ ਸਿੰਘ, ਮੱਖਣ ਸਿੰਘ, ਜਸਵੀਰ ਸਿੰਘ, ਖੰਡਾ ਸਿੰਘ, ਪੁਸ਼ਪਿੰਦਰ ਸਿੰਘ ਸੰਧੂ, ਹਰਪਾਲ ਸਿੰਘ ਨੀਟਾ ਸੋਢੀ, ਕਰਨ ਮਨਚੰਦਾ, ਰੋਬਿਨ ਧਵਨ, ਤਰਸੇਮ ਅਟਵਾਲ, ਤਰਸੇਮ ਸਰੋਆ, ਮਨਪ੍ਰੀਤ ਸਿੰਘ ਭੁੱਲਰ, ਸਾਜਨ ਅਤੇ ਗੁਰਪ੍ਰੀਤ ਸੰਧੂ ਵੀ ਹਾਜ਼ਰ ਸਨ।

ਦੋ ਮੰਤਰੀਆਂ ਦੀ ਹਾਜ਼ਰੀ 'ਚ ਦਰਜਨਾਂ ਪਰਵਾਰ 'ਆਪ' 'ਚ ਸ਼ਾਮਲ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)- ਲੋਕ ਸਭਾ ਚੋਣਾਂ ਦਾ ਮੈਦਾਨ ਭਖਣਾ ਸ਼ੁਰੂ ਹੋ ਗਿਆ ਹੈ ਇਸ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁਲਾਰਾ ਮਿਲਿਆ ਜਦੋਂ ਪਿੰਡ ਸ਼ੁਤਰਾਣਾ ਦੇ ਡੇਰਾ ਮਸਿੰਗਣੀਆ ਵਿਖੇ ਸੁਰਜੀਤ ਸਿੰਘ ਵੜੈਚ ਦੇ ਘਰ ਰੱਖੇ ਗਏ ਪ੍ਰੋਗਰਾਮ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਅਗਵਾਈ ਹੇਠ ਸ਼ੁਤਰਾਣਾ ਅਤੇ ਬਕਰਾਹਾ ਦੇ ਦਰਜਨਾਂ ਪਰਵਾਰਾਂ ਨੇ ਸਾਬਕਾ ਸਰਪੰਚ ਸੁਰਜੀਤ ਸਿੰਘ, ਸਾਬਕਾ ਸਰਪੰਚ ਬਕਰਾਹਾ ਕਾਰਜ ਸਿੰਘ ਅਤੇ ਸਾਬਕਾ ਸਰਪੰਚ ਗੋਬਿੰਦਪੁਰਾ ਪੌਂਦ ਕਰਨੈਲ ਸਿੰਘ ਦੀ ਅਗਵਾਈ ਵਿੱਚ ਲੋਕ ਸਭਾ ਹਲਕਾ ਪਟਿਆਲਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਪੰਜਾਬ ਦੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ, ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾ ਮਾਜਰਾ, ਸੀਨੀਅਰ ਆਪ ਆਗੂ ਦਲਬੀਰ ਸਿੰਘ ਗਿੱਲ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਗਿਆ।

ਆਪ ਵਿੱਚ ਸ਼ਾਮਲ ਹੋਣ ਵਾਲ ਸਤਨਾਮ ਸਿੰਘ, ਸੂਬਾ ਸਿੰਘ, ਨਿਧਾਨ ਸਿੰਘ, ਜੋਗਿੰਦਰ ਸਿੰਘ, ਕੁਲਦੀਪ ਸਿੰਘ, ਰੂਪਾ ਸਿੰਘ, ਸਾਬਕਾ ਸਰਪੰਚ, ਨਿਸ਼ਾਨ ਸਿੰਘ, ਪਿੰਡ ਬਕਰਾਹਾ ਤੋਂ ਕਾਰਜ ਸਿੰਘ ਅਤੇ ਕਸ਼ਮੀਰ ਸਿੰਘ ਦਾ ਭਰਵਾਂ ਸਵਾਗਤ ਕਰਦਿਆਂ ਲੋਕ ਸੰਪਰਕ ਅਤੇ ਸਿੰਚਾਈ ਮੰਤਰੀ ਮੰਤਰੀ ਨੇ ਕਿਹਾ ਕਿ ਦੇਸ਼ ਅਜ਼ਾਦ ਹੋਏ ਨੂੰ ਸੱਤਰ ਸਾਲ ਦੇ ਕਰੀਬ ਹੋ ਗਏ ਹਨ, ਪਰ ਕਿਸੇ ਵੀ ਪੰਜਾਬ ਦੇ ਮੁੱਖ ਮੰਤਰੀ ਨੇ ਜ਼ਮੀਨਾਂ ਲਈ ਨਹਿਰੀ ਪਾਣੀਆਂ ਦਾ ਪ੍ਰਬੰਧ ਨਹੀਂ ਕੀਤਾ। ਉਹ ਤਾਂ ਸਿਰਫ਼ ਮੁੱਖ ਮੰਤਰੀ ਦੀ ਕੁਰਸੀ ਤੇ ਮੌਜਾਂ ਕਰਦੇ ਰਹੇ ਪਰ ਕਿਸੇ ਨੇ ਨਹੀਂ ਸੋਚਿਆ ਕਿ ਕਿਸਾਨਾਂ ਨੂੰ ਪਾਣੀ ਦੀ ਕਿੰਨੀ ਜ਼ਰੂਰਤ ਹੁੰਦੀ ਹੈ ਸਾਡੀ ਸਰਕਾਰ ਆਉਣ ਉੱਤੇ ਸਾਰੇ ਰਜਬਾਹੇ ਪੱਕੇ ਕਰਕੇ ਟੇਲਾਂ ਤੱਕ ਪਾਣੀ ਪਹੁੰਚਦਾ ਕਰਾਂਗੇ ਅਤੇ ਕੋਈ ਸੂਆ ਕੱਚਾ ਨਹੀਂ ਛੱਡਿਆ ਜਾਵੇਗਾ।ਲੋਕ ਸਭਾ ਉਮੀਦਵਾਰ ਡਾਕਟਰ ਬਲਬੀਰ ਸਿੰਘ ਨੇ ਆਮ ਆਦਮੀ ਪਾਰਟੀ ਸ਼ਮੂਲੀਅਤ ਕਰਨ ਵਾਲੇ ਵਿਅਕਤੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਂਗਰਸ ਅਤੇ ਅਕਾਲੀ ਨੇ ਪੰਜਾਬ ਦਾ ਕੁਝ ਸੰਵਾਰਿਆ ਨਹੀਂ ਸਗੋਂ ਵਿਕਾਸ ਦੀ ਥਾਂ ਵਿਨਾਸ਼ ਹੀ ਕੀਤਾ ਹੈ। ਉਨ੍ਹਾਂ ਆਪਣੇ ਸੰਭਾਵੀ ਵਿਰੋਧੀ ਉਮੀਦਵਾਰ ਡਾਕਟਰ ਧਰਮਵੀਰ ਗਾਂਧੀ 'ਤੇ ਹਮਲਾ ਕਰਦਿਆਂ ਕਿਹਾ ਲੋਕਾਂ ਨੇ ਉਨ੍ਹਾਂ ਨੂੰ ਵੋਟਾਂ ਪਾ ਕੇ ਜਿਤਾ ਤਾਂ ਦਿੱਤਾ ਪਰ ਉਹ ਲੋਕਾਂ ਦਾ ਧੰਨਵਾਦ ਕਰਨ ਵੀ ਕਿਸੇ ਪਿੰਡ ਨਹੀਂ ਗਏ ਸਨ।ਭਾਜਪਾ ਸਬੰਧੀ ਬੋਲਦਿਆਂ ਕਿਹਾ ਕਿ ਭਾਜਪਾ ਸਿਰਫ਼ ਕਿਸਾਨ ਵਿਰੋਧੀ ਨਹੀਂ ਸਗੋਂ ਦੇਸ਼ ਵਿਰੋਧੀ ਹੈ ਜਿਸਨੇ ਪੰਜਾਬ ਸਰਕਾਰ ਦਾ ਤਕਰੀਬਨ ਅੱਠ ਸੌ ਕਰੋੜ ਰੁਪਏ ਦੱਬੀ ਬੈਠੀ ਹੈ।ਸਮੁੱਚੇ ਲੋਕਾਂ ਨੂੰ ਭਾਜਪਾ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਬਚਣਾ ਚਾਹੀਦਾ ਹੈ। ਅਕਾਲੀ ਦਲ ਨੇ ਜਦੋਂ ਵੋਟਾਂ ਆਈਆਂ ਤਾਂ ਕੇਵਲ ਪੰਥ ਖਤਰੇ ਚ ਦੱਸਿਆ ਜਦਕਿ ਖੁਦ ਵਾਸਤੇ ਸੁਖ ਵਿਲਾਸ ਵਰਗੇ ਅਰਬਾਂ ਖਰਬਾਂ ਰੁਪਏ ਦੇ ਹੋਟਲ ਬਣਾ ਲਏ। ਉਨ੍ਹਾਂ ਹਮੇਸ਼ਾ ਪੰਥ ਨਾਲ ਗ਼ਦਾਰੀ ਗ਼ਦਾਰੀ ਕੀਤੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਜੀਤ ਸਿੰਘ ਵਿਰਕ, ਬੂਟਾ ਸਿੰਘ ਲਾਲਕਾ , ਬੂਟਾ ਸਿੰਘ ਸ਼ੁਤਰਾਣਾ, ਮਦਨ ਲਾਲ ਗੋਇਲ, ਕੁਲਦੀਪ ਸਿੰਘ ਬਿੰਦ, ਰਣਜੀਤ ਸਿੰਘ ਡਰੋਲੀ ਆਦਿ ਹਾਜ਼ਰ ਸਨ।

ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੀ ਮੀਟਿੰਗ

ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ) ਪੇਂਡੂ ਸਾਹਿਤ ਸਭਾ ਬਾਲਿਆਂਵਾਲੀ (ਰਜਿ.) ਦੀ ਮੀਟਿੰਗ ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ ਦੀ ਪ੍ਰਧਾਨਗੀ ਹੇਠ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਅਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਹੋਈ। ਸਭਾ ਵੱਲੋਂ 17 ਅਪ੍ਰੈਲ (ਬੁੱਧਵਾਰ) ਨੂੰ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੀ ਸਾਲ 2024-26 ਲਈ ਨਵੀਂ ਚੁਣੀ ਗਈ ਸਮੁੱਚੀ ਟੀਮ ਦਾ ਸਨਮਾਨ ਅਤੇ 'ਪੰਜਾਬੀ ਭਾਸ਼ਾ ਅਤੇ ਮੌਜੂਦਾ ਸਮਾਂ' ਵਿਸ਼ੇ 'ਤੇ ਡਾ. ਸਰਬਜੀਤ ਸਿੰਘ ਪੇਪਰ ਪੜ੍ਹਣਗੇ। ਪੜ੍ਹੇ ਗਏ ਪੇਪਰ 'ਤੇ ਡਾ. ਸੁਖਦੇਵ ਸਿੰਘ ਸਿਰਸਾ ਚਰਚਾ ਕਰਨਗੇ। ਇਸ ਮੌਕੇ ਸਾਹਿਤਕ ਦੌਰ ਵਿੱਚ ਜੀਤ ਸਿੰਘ ਚਹਿਲ ਨੇ ਕਹਾਣੀ ਪੜ੍ਹੀ। ਮਾਸਟਰ ਜਗਨ ਨਾਥ ਨੇ ਕਵਿਤਾ, ਨਸੀਬ ਸ਼ਰਮਾ ਨੇ ਗੀਤ ਅਤੇ ਸੁਖਦਰਸ਼ਨ ਗਰਗ ਨੇ ਤਾਂਕਾ ਰੁਬਾਈਆਂ ਸੁਣਾਈਆਂ। ਪੜ੍ਹੀਆਂ ਰਚਨਾਵਾਂ 'ਤੇ ਅਜਮੇਰ ਦੀਵਾਨਾ ਨੇ ਉਸਾਰੂ ਬਹਿਸ ਕੀਤੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਰਮੇਲ ਸਿੰਘ ਮੇਲਾ, ਗੁਰਪ੍ਰੀਤ ਸਿੰਘ, ਗੁਰਮੀਤ ਕੁਮਾਰ, ਗੁਰਤੇਜ ਸਿੰਘ, ਇੰਦਰ ਸਿੰਘ ਅਤੇ ਹਰਜਿੰਦਰ ਕੌਰ ਹਾਜ਼ਰ ਸਨ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ

ਮਾਨਸਾ (ਆਤਮਾ ਸਿੰਘ ਪਮਾਰ) ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸਨ ਪੰਜਾਬ ਜ਼ਿਲ੍ਹਾ ਇਕਾਈ ਮਾਨਸਾ ਦੀ ਵਿਸ਼ੇਸ਼ ਮੀਟਿੰਗ ਅਮਰ ਰਿਜੋਰਟ ਮਾਨਸਾ ਵਿਖੇ ਜ਼ਿਲ੍ਹਾ ਪ੍ਰਧਾਨ ਸੱਤਪਾਲ ਰਿਸ਼ੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਮੂਹ ਬਲਾਕ ਆਗੂਆਂ ਸਮੇਤ ਜ਼ਿਲ੍ਹਾ ਆਗੂਆਂ ਨੇ ਵੱਲੋਂ ਸ਼ਮੂਲੀਅਤ ਕੀਤੀ ਅਤੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਸੂਬਾ ਕਮੇਟੀ ਮੈਂਬਰ ਤਾਰਾ ਚੰਦ ਭਾਵਾ, ਜ਼ਿਲ੍ਹਾ ਚੇਅਰਮੈਨ ਰਘਵੀਰ ਚੰਦ ਸ਼ਰਮਾ ਸਕੱਤਰ ਸਿਮਰਜੀਤ ਸਿੰਘ ਗਾਗੋਵਾਲ ਅਤੇ ਵਿੱਤ ਸਕੱਤਰ ਅਮਰੀਕ ਸਿੰਘ ਮਾਖਾ, ਪ੍ਰੈਸ ਸਕੱਤਰ ਮੈਂਗਲ ਸਿੰਘ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੀ ਸ਼ੁਰੂਆਤ ਪਿਛਲੇ ਸਮੇਂ ਦੌਰਾਨ ਵਿਛੋੜਾ ਦੇ ਗਏ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਅਤੇ ਸ਼ਰਧਾਂਜਲੀ ਅਰਪਿਤ ਕਰਕੇ ਕੀਤੀ ਗਈ।ਮੀਟਿੰਗ ਦੌਰਾਨ ਸ਼ਾਮਲ ਆਗੂਆਂ ਨੇ ਜਥੇਬੰਦਕ ਸਮੱਸਿਆਵਾਂ ਸਬੰਧੀ ਵਿਚਾਰ ਵਟਾਂਦਰਾ ਕਰਦਿਆਂ ਸਵੈ ਪੜਚੋਲ ਤੇ ਜ਼ੋਰ ਦਿੱਤਾ ਅਤੇ ਸਾਫ ਸੁਥਰੀਆਂ ਸਿਹਤ ਸੇਵਾਵਾਂ ਦੇਣ ਦੇ ਨਾਲ ਨਾਲ ਨਸ਼ਿਆਂ ਅਤੇ ਭਰੂਣ ਹੱਤਿਆ ਵਰਗੀਆਂ ਸਮਾਜਿਕ ਕੁਰੀਤੀਆਂ ਸੰਬੰਧੀ ਜਨ ਜਾਗ੍ਰਤੀ ਦੇਣ ਦੀ ਪਿਰਤ ਨੂੰ ਹੋਰ ਵੀ ਤਨਦੇਹੀ ਨਾਲ ਕਰਨ ਦਾ ਸੱਦਾ ਦਿੰਦਿਆਂ ਅਜੋਕੇ ਸਮੇਂ ਦੀ ਲੋੜ ਲੋਕ ਹਿਤਾਂ ਲਈ ਲੜਨ ਵਾਲੀਆਂ ਜਥੇਬੰਦੀਆਂ ਨਾਲ ਭਰਾਤਰੀ ਸਾਂਝ ਨੂੰ ਹੋਰ ਪਕੇਰਾ ਕਰਨ ਅਤੇ ਸਾਂਝੇ ਪ੍ਰੋਗਰਾਮਾਂ ਵਿੱਚ ਵੀ ਕਦਮ ਨਾਲ ਕਦਮ ਮਿਲਾ ਕੇ ਚੱਲਣ ਦੀ ਲੋੜ ਤੇ ਵੀ ਜੋਰ ਦਿੱਤਾ। ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਅਤੇ ਤਾਰਾ ਚੰਦ ਭਾਵਾ ਨੇ ਸੂਬਾ ਕਮੇਟੀ ਦੀ ਰਿਪੋਰਟ ਪੇਸ਼ ਕੀਤੀ ਅਤੇ ਹਾਜ਼ਰ ਸਾਥੀਆਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ।ਆਗੂਆਂ ਨੇ ਕਿਹਾ ਕਿ ਵੋਟਾਂ ਮੰਗਣ ਵਾਲੀਆਂ ਸਾਰੀਆਂ ਧਿਰਾਂ ਨੂੰ ਆਪਣੀਆਂ ਮੰਗਾਂ, ਸਿਹਤ, ਸਿੱਖਿਆ ਅਤੇ ਰੁਜ਼ਗਾਰ ਸਬੰਧੀ ਨੀਤੀਆਂ ਬਾਰੇ ਸਵਾਲ ਪੁੱਛੇ ਜਾਣ।ਇਸ ਤੋਂ ਇਲਾਵਾ ਸੂਬਾ ਇਜ਼ਲਾਸ ਸਬੰਧੀ ਜਾਣਕਾਰੀ ਦਿੰਦਿਆਂ ਰੀਵਿਊ ਰਿਪੋਰਟ ਸਾਂਝੀ ਕਰਦਿਆਂ ਜਲਦੀ ਪ੍ਰਤੀਕਰਮ ਕਰਨ ਲਈ ਪ੍ਰੇਰਿਆ।ਜ਼ਿਲ੍ਹਾ ਪ੍ਰਧਾਨ ਸੱਤਪਾਲ ਰਿਸ਼ੀ ਅਤੇ ਚੇਅਰਮੈਨ ਰਘਵੀਰ ਚੰਦ ਸ਼ਰਮਾ ਸਕੱਤਰ ਸਿਮਰਜੀਤ ਗਾਗੋਵਾਲ ਨੇ ਪਿਛਲੇ ਦਿਨੀਂ ਆਈਆਂ ਕੁਝ ਸਮੱਸਿਆਵਾਂ ਬਾਰੇ ਬੋਲਦਿਆਂ ਦੱਸਿਆ ਕਿ ਜੱਥੇਬੰਦਕ ਤਰੀਕੇ ਨਾਲ ਹੱਲ ਕੀਤਾ ਗਿਆ। ਬੁਲਾਰਿਆਂ ਨੇ ਸੰਬੋਧਨ ਕਰਦਿਆਂ ਸਪਸ਼ਟ ਕੀਤਾ ਕਿ ਜਥੇਬੰਦੀ ਦਾ ਕਿਸੇ ਵੀ ਰਾਜਨੀਤਿਕ ਪਾਰਟੀ/ਧਿਰ ਨਾਲ ਕੋਈ ਸੰਬੰਧ ਨਹੀਂ ਹੈ ਸਗੋਂ ਹਮੇਸ਼ਾ ਹੀ ਜਨਤਕ ਜਮਹੂਰੀ ਜਥੇਬ

8-APRIL-PAGE-7.qxd 4/7/2024 10:21 PM Page 1

ਲੋਕ ਸਭਾ ਚੋਣਾਂ ਲਈ 'ਆਪ' ਜਲਦ ਕਰੇਗੀ ਬਾਕੀ ਉਮੀਦਵਾਰਾਂ ਦਾ ਐਲਾਨ : ਮਾਨ

■ ਸਮਰਾਲਾ ਦੇ ਗੜ੍ਹੀ ਪੁਲ 'ਤੇ ਮੁੱਖ ਮੰਤਰੀ ਪਾਰਟੀ ਵਰਕਰਾਂ ਨੂੰ ਮਿਲੇ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ਨੀਵਾਰ ਮੋਗਾ ਜਾਂਦੇ ਸਮੇਂ ਹਲਕਾ ਸਮਰਾਲਾ ਦੇ ਗੜ੍ਹੀ ਪੁਲ 'ਤੇ ਲੰਘਣ ਸਮੇਂ ਇੱਥੇ ਅਚਾਨਕ ਰੁਕ ਕੇ ਪਾਰਟੀ ਦੇ ਵਰਕਰਾਂ ਨੂੰ ਮਿਲ ਕੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੋਕ ਸਭਾ ਚੋਣਾਂ ਇਕੱਲਿਆਂ ਹੀ ਲੜੇਗੀ ਤੇ ਵਿਧਾਨ ਸਭਾ ਚੋਣਾਂ ਵਾਂਗ ਇਨ੍ਹਾਂ ਚੋਣਾਂ ਵਿੱਚ ਵੀ ਉਨ੍ਹਾਂ ਦੀ ਪਾਰਟੀ ਹੂੰਝਾ ਫੇਰ ਜਿੱਤ ਪ੍ਰਾਪਤ ਕਰੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਲੋਕ ਸਭਾ ਚੋਣਾਂ ਲਈ ਬਾਕੀ ਰਹਿੰਦੇ ਉਮੀਦਵਾਰਾਂ ਦਾ ਐਲਾਨ ਵੀ ਜਲਦ ਕਰ ਦਿੱਤਾ ਜਾਵੇਗਾ। ਆਪਣੇ ਬੇਬਾਕੀ ਬੋਲਾਂ ਨਾਲ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਜਿਸ ਤਰ੍ਹਾਂ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਗ੍ਰਿਫ਼ਤਾਰ ਕਰਕੇ ਲੋਕਤੰਤਰ ਦੀਆਂ ਧੱਜੀਆਂ ਉਡਾ ਰਹੀ ਹੈ, ਉਸ ਤੋਂ ਸਾਫ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਆਮ ਆਦਮੀ ਪਾਰਟੀ ਦੀ ਲੋਕਪ੍ਰਿਅਤਾ ਤੋਂ ਡਰੀ

ਹੋਈ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਅਰਵਿੰਦ ਕੇਜਰੀਵਾਲ ਨੂੰ ਗ੍ਰਿਫ਼ਤਾਰ ਤਾਂ ਕਰ ਸਕਦੀ ਹੈ, ਪਰ ਉਸ ਦੀ ਸੋਚ ਨੂੰ ਗ੍ਰਿਫ਼ਤਾਰ ਨਹੀਂ ਕਰ ਸਕਦੀ, ਜੋ ਕਿ ਦੇਸ਼ ਦੇ ਕਰੋੜਾਂ ਲੋਕਾਂ ਵਿੱਚ ਵਸੀ ਹੋਈ ਹੈ ਤੇ ਉਹ ਆਪਣੇ ਪਾਰਟੀ ਵਰਕਰਾਂ ਨਾਲ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਦਾ ਵਿਰੋਧ ਕਰਦੇ ਰਹਿਣਗੇ। ਆਪਣੇ ਦੋ ਸਾਲਾਂ ਦੀਆਂ ਉਪਲੱਬਧੀਆਂ ਬਾਰੇ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 43 ਹਜ਼ਾਰ ਤੋਂ ਵੱਧ ਨੌਕਰੀਆਂ ਦਿੱਤੀਆਂ ਗਈਆਂ, ਜਿਸ ਨਾਲ ਹਜ਼ਾਰਾਂ ਘਰਾਂ ਦੇ ਚੁੱਲੇ ਵਾਲੇ ਤੇ ਅੱਗੇ ਵੀ ਇਸੇ ਤਰ੍ਹਾਂ ਆਉਣ ਵਾਲੇ ਸਾਲਾਂ ਵਿੱਚ ਹੋਰ ਨੌਕਰੀਆਂ ਦਿੱਤੀਆਂ ਜਾਣਗੀਆਂ, ਜਿਹੜੇ ਬੱਚੇ ਪੜ੍ਹਾਈ ਵਿੱਚ ਅੱਵਲ ਰਹਿਣਗੇ ਉਨ੍ਹਾਂ ਨੂੰ ਬਿਨਾਂ ਕਿਸੇ ਸਿਫਾਰਸ਼ ਤੇ ਰਿਸ਼ਵਤ ਦੇ ਨੌਕਰੀ ਮਿਲੇਗੀ, ਆਮ ਆਦਮੀ ਕਲੀਨਿਕਾਂ ਵਿੱਚ ਹਰ ਵਰਗ ਨੂੰ ਫਰੀ ਵਿੱਚ ਸਿਹਤ ਸਹੂਲਤਾਂ ਮਿਲ ਰਹੀਆਂ ਹਨ, ਗੰਭੀਰ ਬਿਮਾਰੀ ਦੇ ਇਲਾਜ ਲਈ 50 ਲੱਖ ਤੱਕ ਦੀ ਸਹਾਇਤਾ ਦਿੱਤੀ ਜਾਵੇਗੀ ਤੇ ਹਰ ਵਰਗ ਦੇ ਲੋਕਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਿੱਤੇ ਜਾਣਗੇ ਤੇ ਪੰਜਾਬ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਇਸ ਮੌਕੇ ਮੌਜੂਦ ਪਾਰਟੀ ਵਰਕਰਾਂ ਤੇ ਲੋਕਾਂ ਵੱਲੋਂ ਸੀ ਐੱਮ ਭਗਵੰਤ ਮਾਨ ਨੂੰ ਉਨ੍ਹਾਂ ਦੀ ਧੀ ਦੇ ਜਨਮ ਦੀਆਂ ਵਧਾਈਆਂ ਦਿੱਤੀਆਂ, ਜਿਸ 'ਤੇ ਉਨ੍ਹਾਂ ਵਧਾਈਆਂ ਕਬੂਲਦਿਆਂ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਆਂਗਨਵਾੜੀ ਵਰਕਰਾਂ ਵੱਲੋਂ ਵੀ ਮੁੱਖ ਮੰਤਰੀ ਨਾਲ ਮੁਲਾਕਾਤ ਕਰਕੇ ਆਪਣੀਆਂ ਮੰਗਾਂ ਬਾਰੇ ਦੱਸਿਆ ਗਿਆ, ਜਿਸ 'ਤੇ ਮੁੱਖ ਮੰਤਰੀ ਵੱਲੋਂ ਉਨ੍ਹਾਂ ਨੂੰ ਇਹ ਮੰਗਾਂ ਜਲਦ ਪੂਰੀਆਂ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਦਾ ਸਵਾਗਤ ਕਰਨ ਵਾਲਿਆਂ ਵਿੱਚ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ, ਬਲਾਕ ਪ੍ਰਭਾਰੀ ਸੁਖਵਿੰਦਰ ਸਿੰਘ ਗਿੱਲ, ਜਗਤਾਰ ਸਿੰਘ ਜਸੋਵਾਲ, ਪਰਮਿੰਦਰ ਸਿੰਘ ਨੋਨਾ, ਕੁਲਵਿੰਦਰ ਸਿੰਘ ਮਾਨ, ਪ੍ਰਿੰਸ ਮੱਕੜ, ਪ੍ਰਵੀਨ ਮੱਕੜ, ਸਤਨਾਮ ਸਿੰਘ ਗੰਭੀਰ, ਜਸਵੀਰ ਸਿੰਘ ਗਿੱਲ, ਬਲਵਿੰਦਰ ਸਿੰਘ ਰੂਪਰਾਏ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਹਰਮੇਸ਼ ਲਾਲ, ਲੱਖੀ ਨਾਗਰਾ, ਗੁਰਵਿੰਦਰ ਸਿੰਘ, ਜਗਮੀਤ ਸਿੰਘ ਤੇ ਵੱਡੀ ਗਿਣਤੀ ਵਿੱਚ ਵਰਕਰ ਸ਼ਾਮਲ ਸਨ।

ਬਠਿੰਡਾ ਡਿੱਪੂ ਨੂੰ ਤਨਖ਼ਾਹ ਦੇ ਮਾਮਲੇ 'ਚ ਇੱਕ ਸਾਲ ਤੋਂ ਕੀਤਾ ਜਾ ਰਿਹੈ ਅਣਗੌਲਿਆ : ਕੁਲਵੰਤ ਸਿੰਘ

ਕਦੇ ਅਧਿਕਾਰੀਆਂ ਤੇ ਕਦੇ ਠੇਕੇਦਾਰ ਦੀ ਅਣਗਹਿਲੀ ਕਾਰਨ ਨਹੀਂ ਮਿਲਦੀ ਸਮੇਂ ਸਿਰ ਤਨਖ਼ਾਹ : ਕੁਲਦੀਪ ਸਿੰਘ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਪੀ ਆਰ ਟੀ ਸੀ ਡਿੱਪੂ ਦੇ ਅਧਿਕਾਰੀਆਂ ਦੀ ਲਾਪ੍ਰਵਾਹੀ ਤੇ ਠੇਕੇਦਾਰ ਦੀਆਂ ਮਨਮਰਜ਼ੀਆਂ ਕਾਰਨ ਪਿਛਲੇ ਇੱਕ ਸਾਲ ਤੋਂ ਬਠਿੰਡਾ ਡਿੱਪੂ ਦੇ ਸਮੂਹ ਆਊਟਸੋਰਸ ਸਟਾਫ ਦੀ ਤਨਖ਼ਾਹ ਬਾਕੀ ਡਿੱਪੂਆਂ ਤੋਂ ਦੋ ਦਿਨ ਲੇਟ ਪਾਈ ਜਾ ਰਹੀ ਹੈ ਤੇ ਕੱਚੇ ਮੁਲਾਜ਼ਮਾਂ ਦਾ ਸ਼ੋਸ਼ਣ ਕਰਦੇ ਹੋਏ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ।ਪਨਬੱਸ ਪੀ ਆਰ ਟੀ ਸੀ ਕੰਟਰੈਕਟ ਵਰਕਰ ਯੂਨੀਅਨ 25/11 ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮਨੇਸ ਨੇ ਦੱਸਿਆ ਕਿ ਬਠਿੰਡਾ ਡਿੱਪੂ ਦੇ ਵਰਕਰਾਂ ਨਾਲ ਇਹ ਨਾਇਨਸਾਫ਼ੀ ਪਿਛਲੇ ਇੱਕ ਸਾਲ ਤੋਂ ਕੀਤੀ ਜਾ ਰਹੀ ਹੈ।ਉਨ੍ਹਾਂ ਇਸ ਸਾਰੇ ਮਾਮਲੇ ਲਈ ਵੱਖ ਵੱਖ ਸ਼ੀਟਾਂ 'ਤੇ ਕੰਮ ਕਰਦੇ ਅਧਿਕਾਰੀਆਂ ਤੇ ਮਹਿਕਮੇ ਦੇ ਠੇਕੇਦਾਰ ਨੂੰ ਕਸੂਰਵਾਰ ਠਹਿਰਾਇਆ ਹੈ।ਡਿੱਪੂ ਪ੍ਰਧਾਨ ਕੁਲਦੀਪ ਬਾਦਲ ਨੇ ਵੀ ਇਹ ਦੋਸ਼ ਲਾਏ ਹਨ ਕਿ ਇਹ ਸਭ ਕੁਝ ਹਰ ਮਹੀਨੇ ਬਠਿੰਡਾ ਡਿੱਪੂ ਦੇ ਹੀ ਸਟਾਫ਼ ਨਾਲ ਕਿਉਂ ਹੁੰਦਾ ਹੈ? ਹਰ ਮਹੀਨੇ ਤਨਖਾਹ ਲੇਟ ਪੈਣ ਨਾਲ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਤੇ ਵਰਕਰਾਂ ਦਾ ਡਿਊਟੀ ਪ੍ਰਤੀ ਉਤਸ਼ਾਹ ਦਿਨੋਂ ਦਿਨ ਘੱਟਦਾ ਜਾ ਰਿਹਾ ਹੈ।ਬਠਿੰਡਾ ਡਿੱਪੂ ਦੇ ਸਮੂਹ ਵਰਕਰਾਂ ਨੇ ਇਹ ਫੈਸਲਾ ਲਿਆ ਕਿ ਜਿੰਨਾ ਟਾਈਮ ਸਾਡੀ ਤਨਖ਼ਾਹ ਸਾਡੇ ਖਾਤੇ ਵਿੱਚ ਨਹੀਂ ਆਉਂਦੀ, ਕੋਈ ਵੀ ਵਰਕਰ ਲੋਕਲ ਰੂਟਾਂ 'ਤੇ ਬੱਸ ਨਾਈਟ 'ਤੇ ਨਹੀਂ ਲੈ ਕੇ ਜਾਵੇਗਾ।ਵਰਕਸ਼ਾਪ ਪ੍ਰਧਾਨ ਗੁਰਪ੍ਰੀਤ ਸਿੰਘ ਕਮਾਲੂ ਨੇ ਦੱਸਿਆ ਕੇ ਸਭ ਤੋਂ ਜ਼ਿਆਦਾ ਮਿਹਨਤ ਕਰਨ ਵਾਲੇ ਵਰਕਰਾਂ ਨੂੰ ਹਰ ਮਹੀਨੇ ਬਾਕੀ ਡਿੱਪੂਆਂ ਤੋਂ ਦੋ ਦਿਨ ਬਾਅਦ ਤਨਖ਼ਾਹ ਮਿਲਦੀ ਹੈ।ਇਸ ਦੇ ਵਿਰੋਧ ਵਜੋਂ ਅੱਜ 7 ਅਪ੍ਰੈਲ ਨੂੰ ਦੁਪਹਿਰ ਤੋਂ ਬਾਅਦ ਕੋਈ ਵੀ ਲੋਕਲ ਰੂਟ ਜਿਵੇਂ ਬਠਿੰਡਾ ਤੋਂ ਮਲੋਟ, ਮੁਕਤਸਰ, ਮਾਨਸਾ, ਤਲਵੰਡੀ, ਡੱਬਵਾਲੀ ਵਰਗੇ ਕਿਸੇ ਵੀ ਲੋਕਲ ਰੂਟ 'ਤੇ ਕੋਈ ਵੀ ਬੱਸ ਨਾਈਟ 'ਤੇ ਨਹੀਂ ਲੈ ਕੇ ਜਾਣਗੇ।ਇਹ ਫ਼ੈਸਲਾ ਉਦੋਂ ਤੱਕ ਲਾਗੂ ਰਹੇਗਾ, ਜਦੋਂ ਤੱਕ ਬਠਿੰਡਾ ਸਟਾਫ ਦੀ ਤਨਖਾਹ ਖਾਤਿਆਂ ਵਿੱਚ ਨਹੀਂ ਆਉਂਦੀ।

ਨਿਸ਼ਕਾਮ ਸੇਵਾ ਸੁਸਾਇਟੀ ਨੇ ਬੱਚਿਆਂ ਨੂੰ ਕਾਪੀਆਂ, ਕਿਤਾਬਾਂ ਤੇ ਬੈਗ ਦਿੱਤੇ

ਲੁਧਿਆਣਾ (ਜਸਦੀਪ ਵਰਤੀਆ)-ਸ਼੍ਰੀ ਮੁਕਤੇਸ਼ਵਰ ਨਿਸ਼ਕਾਮ ਸੇਵਾ ਸੁਸਾਇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਪਾਸ ਹੋਏ 421 ਬੱਚਿਆਂ ਨੂੰ ਕਾਪੀਆਂ ਕਿਤਾਬਾਂ, ਪੈਨਸਲਾਂ ਤੇ ਬੈਗ ਦਿੱਤੇ ਗਏ। ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਜਵਾਹਰ ਨਗਰ ਨਜ਼ਦੀਕ ਬੱਸ ਸਟੈਂਡ ਲੁਧਿਆਣਾ ਮੁੱਖ ਮਹਿਮਾਨ ਵਜੋਂ ਪੁੱਜੇ ਵਿਜੀਲੈਂਸ ਦੇ ਐੱਸ ਐੱਸ ਪੀ ਰਵਿੰਦਰਪਾਲ ਸਿੰਘ ਸੰਧੂ ਨੇ ਸੁਸਾਇਟੀ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਨੌਜਵਾਨਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ, ਕਿਉਂਕਿ ਨਸ਼ਾ ਇੱਕ ਨਾਮੁਰਾਦ ਬਿਮਾਰੀ ਹੈ। ਇਸ ਨਾਲ ਇੱਕ ਪੀੜ੍ਹੀ ਖਤਮ ਹੋ ਜਾਂਦੀ ਹੈ। ਇਸ ਮੌਕੇ ਉਨ੍ਹਾਂ ਨੰਨ੍ਹੇ ਮੁੰਨੇ ਬੱਚਿਆਂ ਨੂੰ ਸਕੂਲ ਬੈਗ ਤੇ ਹੋਰ ਸਾਮਾਨ ਵੰਡਿਆ। ਇਸ ਮੌਕੇ ਪ੍ਰਾਇਮਰੀ ਸਕੂਲ ਦੇ ਪ੍ਰਿੰਸੀਪਲ ਜਸਬੀਰ ਕੌਰ ਨੇ ਐੱਸ ਐੱਸ ਪੀ ਸਾਹਿਬ ਨੂੰ ਗੁਲਦਸਤਾ ਦੇ ਕੇ ਸਨਮਾਨਤ ਕੀਤਾ। ਇਸ ਤੋਂ ਇਲਾਵਾ ਸੁਸਾਇਟੀ ਦੇ ਚੇਅਰਮੈਨ ਨੀਲ ਕਮਲ ਸ਼ਰਮਾ ਨੇ ਆਏ ਹੋਏ ਮੁੱਖ ਮਹਿਮਾਨ ਐੱਸ ਐੱਸ ਪੀ ਸਾਹਿਬ ਨੂੰ ਸ਼ੰਕਰ ਭਗਵਾਨ ਜੀ ਦੀ ਫੋਟੋ ਤੇ ਸਰੋਪਾ ਦੇ ਕੇ ਸਨਮਾਨਤ ਕੀਤਾ ਤੇ ਉਨ੍ਹਾਂ ਨੇ ਸਕੂਲ ਪ੍ਰਿੰਸੀਪਲ ਤੇ ਐੱਸ ਐੱਸ ਪੀ ਸਾਹਿਬ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਦੀਪਕ ਆਨੰਦ, ਰਾਕੇਸ਼ ਸ਼ਰਮਾ, ਜਗਦੀਪ ਸੋਹੀ, ਬਿੱਟੂ ਨੰਦਾ, ਬੱਬੂ ਸ਼ਰਮਾ, ਮਨੋਜ ਕੁਮਾਰ, ਪਰਮਰਾਜ ਸਿੰਘ (ਰੁਬਲ), ਸੰਦੀਪ ਸ਼ਰਮਾ, ਸਚਿਨ ਮੰਦਰਗਿਲ, ਰਾਜੇਸ਼ ਬਿੰਦਰਾ, ਰਾਘਵ-ਮਾਧਵ ਬੁਦਰਜ਼, ਅਮਨ ਅਰੋੜਾ, ਜਤਿਨ ਅਰੋੜਾ, ਕਮਲ ਚੀਨਾ, ਦਲਜੀਤ ਪੱਪਾ, ਜੈ ਵਰਮਾ, ਮਣੀ ਸ਼ਰਮਾ, ਸੋਨੂੰ ਸੇਖੋਵਾਲ ਸਮਾਜ ਸੇਵੀ ਆਦਿ ਹਾਜ਼ਰ ਸਨ।

ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਸੰਤ ਮਹੇਸ਼ ਮੁਨੀ ਗਊ ਹਸਪਤਾਲ ਨੂੰ ਰਾਸ਼ੀ ਭੇਟ

ਬਾਘਾ ਪੁਰਾਣਾ (ਮਨੀ ਸਿੰਗਲਾ)-ਭਾਰਤ ਵਿਕਾਸ ਪ੍ਰੀਸ਼ਦ ਟੀਮ ਬਾਘਾ ਪੁਰਾਣਾ ਵੱਲੋਂ ਨਵੀਂ ਟਰਮ ਸਾਲ 2024-25 ਦੀ ਸ਼ੁਰੂਆਤ ਸੰਤ ਮਹੇਸ਼ ਮੁਨੀ ਜੀ ਗਊ ਹਸਪਤਾਲ ਰੋਡੇ ਰੋਡ ਬਾਘਾ ਪੁਰਾਣਾ ਵਿਖੇ ਪਹੁੰਚ ਕੇ ਗਊ ਮਾਤਾ ਦੀ ਸੇਵਾ ਸੰਭਾਲ ਲਈ ਸਹਾਇਤਾ ਰਾਸ਼ੀ 11,000/-ਰੁਪਏ ਦਾ ਯੋਗਦਾਨ ਪਾਇਆ ਗਿਆ।ਪ੍ਰਬੰਧਕ ਸੁਨੀਲ ਸਿੰਗਲਾ ਨੂੰ ਭਵਿੱਖ ਵਿੱਚ ਵੀ ਹਰ ਸੰਭਵ ਮਦਦ ਦਾ ਯਕੀਨ ਦਿਵਾਇਆ ਗਿਆ।ਇਸ ਮੌਕੇ ਭੂਸ਼ਣ ਗੋਇਲ ਪ੍ਰਧਾਨ, ਚੇਅਰਮੈਨ ਸ਼ਸ਼ੀ ਗਰਗ, ਦਵਿੰਦਰ ਬਾਂਸਲ, ਯੁਗੇਸ਼ ਗੋਇਲ, ਅਜੇ ਗੂੰਬਰ, ਮਨੋਜ ਕੁਮਾਰ, ਅਜੇ ਦੁਆ, ਕੇਵਲ ਕ੍ਰਿਸ਼ਨ ਬਾਂਸਲ, ਪ੍ਰੇਮ ਗਰਗ, ਸੰਜੀਵ ਬਾਂਸਲ, ਸੁਰੇਸ਼ ਗੋਇਲ, ਬਾਊ ਭਗਵੰਤ ਰਾਏ, ਹਰੀ ਗੌਰਵ ਜਿੰਦਲ ਤੇ ਹੋਰ ਸ਼ਾਮਲ ਸਨ।

ਕਾਤਰਾਂ

ਸਿਮਰਨਜੀਤ ਮਾਨ ਵੱਲੋਂ ਸੰਤ ਰਾਮ ਸਿੰਗਲਾ ਨੂੰ ਸ਼ਰਧਾਂਜਲੀ

ਸੰਗਰੂਰ(ਪ੍ਰਵੀਨ ਸਿੰਘ)-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਰ) ਦੇ ਪ੍ਰਧਾਨ ਤੇ ਮੈਂਬਰ ਪਾਰਲੀਮੈਂਟ ਸ੍ਰ. ਸਿਮਰਨਜੀਤ ਸਿੰਘ ਮਾਨ ਨੇ ਅੱਜ ਲੋਕ ਸਭਾ ਹਲਕਾ ਸੰਗਰੂਰ ਦੇ ਸਾਬਕਾ ਐੱਮ. ਪੀ. ਤੇ ਕੈਬਨਿਟ ਮੰਤਰੀ ਵਿਜੈਇੰਦਰ ਸਿੰਗਲਾ ਦੇ ਪਿਤਾ ਸਵ. ਸੰਤ ਰਾਮ ਸਿੰਗਲਾ ਨੂੰ ਅੱਜ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਰੱਖੇ ਬਰਸੀ ਸਮਾਗਮ ਵਿੱਚ ਪਾਰਟੀ ਦੇ ਹੋਰਨਾਂ ਆਗੂਆਂ ਸਮੇਤ ਸ਼ਮੂਲੀਅਤ ਕਰਕੇ ਸ਼ਰਧਾਂਜਲੀ ਭੇਟ ਕੀਤੀ।ਅਰਦਾਸ ਸਮਾਗਮ ਵਿੱਚ ਸ਼ਮੂਲੀਅਤ ਕਰਨ ਉਪਰੰਤ ਸ੍ਰ. ਮਾਨ ਨੇ ਕਿਹਾ ਕਿ ਸੰਤ ਰਾਮ ਸਿੰਗਲਾ ਇੱਕ ਨੇਕ ਦਿਲ ਆਗੂ ਸਨ, ਜਿਨ੍ਹਾਂ ਨੇ ਬਤੌਰ ਪਟਿਆਲਾ ਦੇ ਮੈਂਬਰ ਪਾਰਲੀਮੈਂਟ ਹੁੰਦਿਆਂ ਕਾਫੀ ਚੰਗੇ ਕੰਮ ਕੀਤੇ, ਜਿਨ੍ਹਾਂ ਕਰਕੇ ਅੱਜ ਵੀ ਪਟਿਆਲਾ ਦੇ ਲੋਕ ਸੰਤ ਰਾਮ ਸਿੰਗਲਾ ਨੂੰ ਯਾਦ ਕਰਦੇ ਹਨ। ਸਾਬਕਾ ਕੈਬਨਿਟ ਮੰਤਰੀ ਸ਼੍ਰੀ ਸਿੰਗਲਾ ਵੱਲੋਂ ਸ੍ਰ. ਮਾਨ ਤੇ ਸਮੁੱਚੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜਥੇਬੰਦੀ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾ ਨਾਲ ਜਥੇਦਾਰ ਗੁਰਨੈਬ ਸਿੰਘ ਰਾਮਪੁਰਾ, ਪੀਏਸੀ ਮੈਂਬਰ ਬਹਾਦਰ ਸਿੰਘ ਭਸੌੜ, ਜਥੇਦਾਰ ਹਰਬੰਸ ਸਿੰਘ ਸਲੇਮਪੁਰ, ਜਥੇਦਾਰ ਗੁਰਪ੍ਰੀਤ ਸਿੰਘ ਲਖਮੀਰਵਾਲਾ, ਸਤਨਾਮ ਸਿੰਘ ਰੱਤੋਕੇ, ਸੁਖਵਿੰਦਰ ਸਿੰਘ ਬਲਿਆਲ, ਜਸਵਿੰਦਰ ਸਿੰਘ ਬੀਬੜ, ਪ੍ਰਗਟ ਸਿੰਘ ਗਾਗਾ, ਸੁਖਜਿੰਦਰ ਸਿੰਘ ਸਰਪੰਚ ਸ਼ਹਿਣਾ, ਨਵਨੀਤ ਗੋਪੀ ਸਮੇਤ ਹੋਰ ਆਗੂ ਹਾਜ਼ਰ ਸਨ।

100 ਗ੍ਰਾਮ ਹੈਰੋਇਨ ਸਮੇਤ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸੀਆਈਏ ਸਟਾਫ ਸਰਹੰਦ ਦੀ ਪੁਲਸ ਵੱਲੋਂ ਇੱਕ ਨੌਜਵਾਨ ਨੂੰ 100 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਦੁਪਹਿਰ ਨੂੰ ਸੀਆਈਏ ਸਟਾਫ ਸਰਹੰਦ ਦੀ ਇੱਕ ਟੀਮ ਦਾਣਾ ਮੰਡੀ ਸਰਹੰਦ ਨਜ਼ਦੀਕ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਰਹੀ ਸੀ, ਇਸ ਦੌਰਾਨ ਵਿਸ਼ਵਕਰਮਾ ਚੌਕ ਸਰਹੰਦ ਵੱਲੋਂ ਪੈਦਲ ਆ ਰਹੇ ਇੱਕ ਨੌਜਵਾਨ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਉਸ ਦਾ ਨਾਮ ਪਤਾ ਪੁੱਛਿਆ ਗਿਆ ਤਾਂ ਉਕਤ ਨੌਜਵਾਨ ਨੇ ਆਪਣੀ ਪਹਿਚਾਣ ਹਰਜਿੰਦਰ ਸਿੰਘ ਉਰਫ਼ ਵਿੱਕੀ ਵਾਸੀ ਪਿੰਡ ਕੋਟ ਧਰਮ ਚੰਦ ਕਲਾਂ ਜ਼ਿਲ੍ਹਾ ਤਰਨਤਾਰਨ ਵਜੋਂ ਦੱਸੀ।ਸਬ-ਇੰਸਪੈਕਟਰ ਅਮਰਜੀਤ ਸਿੰਘ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਹਰਜਿੰਦਰ ਸਿੰਘ ਉਰਫ਼ ਵਿੱਕੀ ਦੇ ਕਬਜ਼ੇ ਵਿੱਚੋਂ 100 ਗ੍ਰਾਮ ਹੈਰੋਇਨ ਬਰਾਮਦ ਹੋਣ 'ਤੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਇਸ ਸਬੰਧੀ ਥਾਣਾ ਸਰਹਿੰਦ ਵਿਖੇ ਮੁਕੱਦਮਾ ਦਰਜ ਕਰਵਾ ਕੇ ਸਬ ਇੰਸਪੈਕਟਰ ਅਮਰਜੀਤ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਸਿਹਤ ਤੇ ਜੀਵਨ ਸ਼ੈਲੀ ਬਾਰੇ ਜਾਗਰੂਕਤਾ ਕੈਂਪ ਅੱਜ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਦੇ ਫਿਜ਼ੀਓਥੈਰੇਪੀ ਵਿਭਾਗ, ਫੋਰਟਿਸ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ 8 ਅਪ੍ਰੈਲ ਨੂੰ ਇੱਕ ਮੁਫਤ ਐਂਡੋਕਰੀਨੋਲੋਜੀ ਤੇ ਕਾਰਡੀਓਲੋਜੀ ਕੈਂਪ ਲਾਇਆ ਜਾ ਰਿਹਾ ਹੈ।ਇਹ ਸਮਾਗਮ ਵਿਸ਼ਵ ਸਿਹਤ ਦਿਵਸ ਦੇ ਨਾਲ ਮੇਲ ਖਾਂਦਾ ਹੈ, ਜੋ ਕਿ ਸਿਹਤ ਤੇ ਤੰਦ

8-APR-PAGE-8.qxd 4/7/2024 10:35 PM Page 1

ਦੀ ਕਲਾਸ ਫ਼ੋਰ ਗੌਰਮਿੰਟ ਇੰਪਾਲਈਜ਼ ਯੂਨੀਅਨ ਦੀ ਡੈਲੀਗੇਟ ਕਾਨਫਰੰਸ 20 ਨੂੰ

ਜਲੰਧਰ (ਰਾਜੇਸ਼ ਬਾਪਾ)-ਦੀ ਕਲਾਸ ਫ਼ੋਰ ਗੌਰਮਿੰਟ ਇੰਪਾਲਈਜ਼ ਯੂਨੀਅਨ ਦੀ ਮੀਟਿੰਗ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਵਿੱਚ ਹੋਈ। ਇਸ ਦੀ ਪ੍ਰਧਾਨਗੀ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਨੇ ਕੀਤੀ। ਮੀਟਿੰਗ ਵਿੱਚ ਵੱਖ ਵੱਖ ਪ੍ਰਧਾਨ ਸਕੱਤਰ ਸ਼ਾਮਲ ਹੋਏ। ਇਸ ਦੌਰਾਨ ਦੀ ਕਲਾਸ ਫ਼ੋਰ ਗੌਰਮਿੰਟ ਇੰਪਾਲਈਜ਼ ਯੂਨੀਅਨ ਪੰਜਾਬ ਦੀ ਡੈਲੀਗੇਟ ਕਾਨਫਰੰਸ ਜੋ 20 ਅਪ੍ਰੈਲ ਨੂ ਦੇਸ਼ ਭਗਤ ਯਾਦਗਾਰ ਕੰਪਲੈਕਸ ਜਲੰਧਰ ਵਿਖੇ ਹੋ ਰਹੀ ਹੈ, ਦੀਆਂ ਤਿਆਰੀਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਤਿਆਰੀਆਂ ਮੁਕੰਮਲ ਕਰਨ ਲਈ ਵੈਦ ਪ੍ਰਕਾਸ਼ ਤੇ ਜਸਵਿੰਦਰ ਸਿੰਘ ਉਗੀ ਆਦਿ ਸਾਥੀਆਂ ਦੀ ਡਿਊਟੀ ਲਗਾਈ ਗਈ। ਮੀਟਿਗ ਵਿਚ ਸੂਬਾ ਜਨਰਲ ਸਕੱਤਰ ਰਣਜੀਤ ਸਿੰਘ ਰਾਣਵਾਂ ਨੇ ਕਾਨਫਰੰਸ ਦਾ ਇਸ਼ਤਿਹਾਰ ਜਾਰੀ ਕੀਤਾ ਜੋ ਸਵਰਗੀ ਸੱਜਣ ਸਿੰਘ ਨੂੰ ਸਮਰਪਤ ਸੀ। ਇਸ ਮੌਕੇ ਹਾਜ਼ਰ ਵੱਖ ਵੱਖ ਆਗੂਆਂ ਨੇ ਵਿਚਾਰ ਪੇਸ਼ ਕੀਤੇ। ਮੀਟਿਗ 'ਚ ਜਗਮੋਹਨ ਸਿੰਘ ਨੋਲੱਖਾ, ਦਰਸ਼ਨ ਸਿੰਘ ਲੁਬਾਣਾ, ਜਲੰਧਰ ਜ਼ਿਲ੍ਹਾ ਪ੍ਰਧਾਨ ਸੁਭਾਸ਼ ਮੱਟੂ, ਨਰੇਸ਼ ਕੁਮਾਰ, ਡਿੰਪਲ ਰਹੇਲਾ, ਕਮਲ ਕਿਸ਼ੋਰ, ਰਾਮ ਸਰੂਪ, ਮਦਨ ਸਿੰਘ ਬੀਰੂ ਸ਼ਾਮਲ ਹੋਏ।

ਪੀ ਸੀ ਐੱਮ ਐੱਸ ਡੀ ਕਾਲਜ ਵੱਲੋਂ ਕ੍ਰਿਏਟਿਵ ਰਾਈਟਿੰਗ 'ਤੇ ਗੈੱਸਟ ਲੈਕਚਰ

ਜਲੰਧਰ (ਇਕਬਾਲ ਸਿੰਘ ਉੱਭੀ)-ਪੀ.ਸੀ.ਐਮ.ਐਸ.ਡੀ. ਕਾਲਜ ਫ਼ਾਰ ਵੂਮੈਨ ਜਲੰਧਰ ਵਿੱਚ ਪੰਜਾਬੀ ਵਿਭਾਗ ਵੱਲੋਂ ਰਚਨਾਤਮਕ ਲੇਖਣੀ ਵਿਸ਼ੇ 'ਤੇ ਇੱਕ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਪੰਜਾਬੀ ਵਿਭਾਗ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਫਗਵਾੜਾ ਤੋਂ ਡਾ.ਹਰਪ੍ਰੀਤ ਸਿੰਘ (ਐਸੋਸੀਏਟ ਪ੍ਰੋਫੈਸਰ) ਅਤੇ ਡਾ. ਸਤਵੰਤ ਸਿੰਘ (ਸਹਾਇਕ ਪ੍ਰੋਫੈਸਰ) ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਡਾ. ਸਤਵੰਤ ਸਿੰਘ ਨੇ ਸਾਹਿਤ ਸਿਰਜਣਾ ਦੇ ਜ਼ਰੂਰੀ ਤੱਤਾਂ ਦੀ ਇੱਕ ਵਿਆਪਕ ਸੰਖੇਪ ਜਾਣਕਾਰੀ ਪ੍ਰਦਾਨ ਕੀਤੀ, ਜਦੋਂ ਕਿ ਡਾ. ਹਰਪ੍ਰੀਤ ਸਿੰਘ ਨੇ ਕਵਿਤਾ ਅਤੇ ਕਹਾਣੀ ਦੇ ਸੁਹਜਵਾਦੀ ਹਿੱਸਿਆਂ 'ਤੇ ਜ਼ੋਰ ਦਿੰਦੇ ਹੋਏ ਆਪਣੇ ਅਨੁਭਵਾਂ ਤੋਂ ਸਮਝਦਾਰ ਕਿੱਸੇ ਸਾਂਝੇ ਕੀਤੇ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਲਿਖਣ ਯੋਗਤਾਵਾਂ ਦੀ ਪੜਚੋਲ ਕਰਨ ਲਈ ਉਤਸ਼ਾਹਿਤ ਕੀਤਾ। ਡਾ.ਅੰਜੂ ਬਾਲਾ ਨੇ ਕੁਸ਼ਲਤਾ ਨਾਲ ਕਾਰਵਾਈ ਦਾ ਸੰਚਾਲਨ ਕੀਤਾ ਅਤੇ ਅਕਵਿੰਦਰ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ। ਇਸ ਸਮਾਗਮ ਵਿੱਚ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਸਤਿਕਾਰਯੋਗ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਪੰਜਾਬੀ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਬੇਗਮਪੁਰਾ ਟਾਈਗਰ ਫੋਰਸ ਨੇ ਦਮੜੀ ਸ਼ੋਭਾ ਯਾਤਰਾ ਦਾ ਕੀਤਾ ਨਿੱਘਾ ਸਵਾਗਤ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ (ਰਜਿ.) ਚੂਹੜਵਾਲੀ ਤੋਂ ਚੇਅਰਮੈਨ ਸੰਤ ਸਰਵਣ ਦਾਸ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੱਜੋੜੇ, ਜਨਰਲ ਸਕੱਤਰ ਸੰਤ ਇੰਦਰ ਦਾਸ ਸ਼ੇਖੇ ਅਤੇ ਹੋਰ ਸੰਤਾਂ ਮਹਾਂਪੁਰਸ਼ਾਂ ਦੀ ਅਗਵਾਈ ਵਿੱਚ ਹੁਸ਼ਿਆਰਪੁਰ ਪੁੱਜੀ ਇਤਿਹਾਸਕ ਦਮੜੀ ਸ਼ੋਭਾ ਯਾਤਰਾ ਦਾ ਬੇਗਮਪੁਰਾ ਟਾਈਗਰ ਫੋਰਸ ਵੱਲੋਂ ਹਜ਼ਰਤ ਸਾਈਂ ਗੀਤਾ ਸ਼ਾਹ ਕਾਦਰੀ ਗੱਦੀਨਸ਼ੀਨ ਹਜ਼ਰਤ ਪੀਰ ਗੌਸ ਪਾਕ ਗਿਆਰ੍ਹਵੀਂ ਵਾਲੀ ਸਰਕਾਰ ਦੀ ਸਰਪ੍ਰਸਤੀ ਹੇਠ ਸਥਾਨਕ ਭੰਗੀ ਚੋਅ ਦੇ ਪੁਲ 'ਤੇ ਨਿੱਘਾ ਸਵਾਗਤ ਕੀਤਾ। ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਨੇ ਦੱਸਿਆ ਕਿ ਇਸ ਦਮੜੀ ਸ਼ੋਭਾ ਯਾਤਰਾ ਦੀ ਅਗਵਾਈ ਪੰਜ ਪਿਆਰਿਆਂ ਵੱਲੋਂ ਕੀਤੀ ਜਾ ਰਹੀ ਸੀ ਅਤੇ ਗੁਰੂ ਸਾਹਿਬ ਦੇ ਸਰੂਪ ਪਾਲਕੀ ਸਾਹਿਬਾਨ ਵਿੱਚ ਸੁਸ਼ੋਭਿਤ ਸਨ । ਇਸ ਮੌਕੇ ਬੇਗਮਪੁਰਾ ਟਾਈਗਰ ਫੋਰਸ ਵੱਲੋਂ ਸੰਗਤਾਂ ਨੂੰ ਕੋਲਡ ਡ੍ਰਿੰਕ ਦਾ ਲੰਗਰ ਵਰਤਾਇਆ ਗਿਆ ਅਤੇ ਸੰਤਾਂ ਮਹਾਂਪੁਰਸ਼ਾਂ ਦਾ ਸਿਰੋਪਾ ਨਾਲ ਸਤਿਕਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਇਤਿਹਾਸਕ ਦਮੜੀ ਸ਼ੋਭਾ ਯਾਤਰਾ ਚੂਹੜਵਾਲੀ ਤੋਂ ਆਦਮਪੁਰ ਭੋਗਪੁਰ, ਬੁੱਲ੍ਹੋਵਾਲ, ਹੁਸ਼ਿਆਰਪੁਰ, ਮਾਹਿਲਪੁਰ, ਗੜ੍ਹਸ਼ੰਕਰ ਤੋਂ ਹੋ ਕੇ ਸ੍ਰੀ ਗੁਰੂ ਰਵਿਦਾਸ ਸਦਨ ਤੋਂ ਸ੍ਰੀ ਚਰਨਛੋਹ ਗੰਗਾ ਖੁਰਾਲਗੜ੍ਹ ਸਾਹਿਬ ਪਹੁੰਚੇਗੀ। ਇਸ ਮੌਕੇ ਬੇਗਮਪੁਰਾ ਟਾਈਗਰ ਫੋਰਸ ਦੇ ਦੋਆਬਾ ਪ੍ਰਧਾਨ ਨੇਕੂ ਅਜਨੋਹਾ, ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ, ਰਵੀ ਸੁੰਦਰ ਨਗਰ, ਰਕੇਸ਼ ਕੁਮਾਰ ਭੱਟੀ, ਸਾਬੀ ਡੀ ਜੇ, ਪਵਨ ਕੁਮਾਰ ਬੱਧਣ, ਰਵੀ ਹਰਖੋਵਾਲ, ਮਹਿੰਦਰਪਾਲ ਬੱਧਣ, ਹਰਮਨ ਸਿੰਘ ਬਿੱਲਾ, ਭੁਪਿੰਦਰ ਕੁਮਾਰ ਬੱਧਣ, ਪਿੰਦਰ ਡਵਿਡਾ ਅਹਿਰਾਣਾ ਆਦਿ ਹਾਜ਼ਰ ਸਨ ।

ਸਾਰੇ ਵਿਭਾਗ ਦੇ ਰਹੇ ਨੇ ਸਰਕਾਰ ਵਿਰੁੱਧ ਧਰਨੇ : ਬਾਲੀ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)—ਪੰਜਾਬ ਲੋਕਲ ਬਾਡੀ ਸੈੱਲ ਭਾਜਪਾ ਦੇ ਮੀਤ ਪ੍ਰਧਾਨ ਅਤੇ ਜ਼ਿਲ੍ਹਾ ਸੰਘਰਸ਼ ਕਮੇਟੀ ਦੇ ਪ੍ਰਧਾਨ ਕਰਮਵੀਰ ਬਾਲੀ ਨੇ ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਪੰਜਾਬ ਦੀਆਂ 13 ਸੀਟਾਂ ਜਿੱਤਣ ਲਈ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਿਰਦੇਸ਼ ਦੇ ਰਹੇ ਹਨ। ਸ਼ਾਇਦ ਉਹ ਨਹੀਂ ਜਾਣਦੇ ਕਿ ਉਨ੍ਹਾਂ ਦੇ ਮੰਤਰੀ ਅਤੇ ਅਧਿਕਾਰੀ ਪੰਜਾਬ ਦੇ ਲੋਕਾਂ ਨਾਲ ਕਿਸ ਤਰ੍ਹਾਂ ਦਾ ਵਿਵਹਾਰ ਕਰਦੇ ਹਨ। ਮੰਤਰੀ ਨੂੰ ਮਿਲਣ 'ਤੇ ਜਨਤਾ ਤੋਂ ਸਾਰੀ ਗੱਲ ਸੁਣੇ ਬਿਨਾਂ ਹੀ ਜਨਤਾ ਨੂੰ ਇਹ ਕਿਹਾ ਜਾਂਦਾ ਹੈ ਕਿ ਤੁਹਾਨੂੰ ਇੱਥੇ ਕਿਸ ਨੇ ਬੁਲਾਇਆ ਹੈ, ਤੁਸੀਂ ਮੇਰੇ 'ਤੇ ਅਫਸਰ ਲੱਗੇ ਹੋ, ਧਮਕਾ ਕੇ ਚੁੱਪ ਰਹਿਣ ਲਈ ਕਿਹਾ ਜਾਂਦਾ ਹੈ ਅਤੇ ਲੋਕਾਂ ਦੇ ਸਾਹਮਣੇ ਸ਼ਬਦਾਂ ਦੇ ਬਾਣਾਂ ਨਾਲ ਜ਼ਖਮੀ ਕੀਤਾ ਜਾਂਦਾ ਹੈ। ਅਧਿਕਾਰੀਆਂ ਦੀ ਹਾਲਤ ਤਾਂ ਇਹ ਹੈ ਕਿ ਜਿੱਦਾਂ ਦਾ ਰਾਜਾ ਉਦਾਂ ਦੀ ਹੀ ਪਰਜਾ । ਆਪਣੇ ਮੰਤਰੀਆਂ ਦੇ ਹੁਕਮਾਂ ਦੀਆਂ ਧੱਜੀਆਂ ਉਡਾ ਕੇ ਉਹ ਜੂਨੀਅਰ ਬਿਨੈਕਾਰ ਨੂੰ ਆਪਣੇ ਕਮਰੇ ਵਿੱਚ ਬੁਲਾ ਕੇ ਦੁਰਵਿਵਹਾਰ ਕਰਦੇ ਹਨ ਆਪੇ ਤੋਂ ਬਾਹਰ ਹੋ ਕੇ ਬਿਨੈਕਾਰ ਨੂੰ ਗੇਟਆਊਟ ਇਸ ਤਰ੍ਹਾਂ ਕਹਿੰਦੇ ਹਨ ਜਿਵੇਂ ਕਿ ਇਹ ਉਸ ਅਧਿਕਾਰੀ ਦਾ ਦਫਤਰ ਨਹੀਂ ਬਲਕਿ ਨਿੱਜੀ ਜਾਇਦਾਦ ਹੋਵੇ। ਜਿਹੜੇ ਲੋਕਾਂ ਨੂੰ ਆਪਣੇ ਸ਼ਬਦਾਂ ਦੇ ਬਾਣਾਂ ਨਾਲ ਜ਼ਖਮੀ ਕੀਤਾ ਹੈ ਉਹ ਵੋਟਾਂ ਆਉਣ ਦਾ ਇੰਤਜ਼ਾਰ ਕਰ ਰਹੇ ਹਨ ਅਤੇ ਆਪਣੀਆਂ ਕੀਮਤੀ ਵੋਟਾਂ ਨਾਲ ਦੁਰਵਿਵਹਾਰ ਕਰਨ ਵਾਲਿਆਂ ਨੂੰ ਜਖਮੀ ਕਰਨ ਦੇ ਮੂਡ ਵਿੱਚ ਹਨ। ਕਰਮਵੀਰ ਬਾਲੀ ਨੇ ਕਿਹਾ ਕਿ ਕੋਈ ਵੀ ਵਿਭਾਗ ਅਜਿਹਾ ਨਹੀਂ ਹੈ ਜੋ ਸਰਕਾਰ ਵਿਰੁੱਧ ਧਰਨੇ ਨਾ ਦੇ ਰਿਹਾ ਹੋਵੇ, ਜਨਤਾ ਨਾਲ ਦੁਰਵਿਵਹਾਰ ਆਮ ਗੱਲ ਹੈ, ਜਿਸ ਕਾਰਨ ਲੋਕਾਂ ਵਿਚ ਗੁੱਸਾ ਹੈ। ਮੁੱਖ ਮੰਤਰੀ ਪੰਜਾਬ ਵਿੱਚ 13 ਸੀਟਾਂ ਜਿੱਤਣ ਦਾ ਦਾਅਵਾ ਕਿਵੇਂ ਕਰ ਰਹੇ ਹਨ। ਸਭ ਤੋਂ ਪਹਿਲਾਂ, ਅਧਿਕਾਰੀਆਂ ਅਤੇ ਆਪਣੇ ਮੰਤਰੀਆਂ 'ਤੇ ਲਗਾਮ ਲਗਾਓ ਅਤੇ ਕਾਨੂੰਨ ਵਿਵਸਥਾ ਨੂੰ ਸੁਧਾਰੋ। ਆਏ ਦਿਨ ਕਿਤੇ ਨਾ ਕਿਤੇ ਗੋਲੀ ਚਲ ਰਹੀ ਹੈ, ਕਤਲ ਹੋ ਰਹੇ ਹਨ, ਝਪਟਮਾਰੀ ਹੋ ਰਹੀ ਹੈ, ਚੋਰੀਆਂ ਹੋ ਰਹੀਆਂ ਹਨ, ਲੋਕ ਅਸੁਰੱਖਿਅਤ ਹਨ। ਇਸ ਮੌਕੇ ਵਲਵਿੰਦਰ ਕੁਮਾਰ, ਨਰਿੰਦਰ ਸਿੰਘ, ਨਿਰਮਲ ਸਿੰਘ, ਪ੍ਰਦੀਪ ਕੁਮਾਰ ਅਤੇ ਹੋਰ ਹਾਜ਼ਰ ਸਨ।

ਡਾ. ਮਾਹਲਾ ਦੀ ਰਿਸਰਚ ਚਾਵਲ ਦੀ ਛਿਲਕੇ/ਪਰਾਲੀ ਤੋਂ ਬਾਇਓ-ਡੀਜ਼ਲ ਉਤਪਾਦ ਨੂੰ ਪੇਟੈਂਟ ਮਿਲਿਆ

ਜਲੰਧਰ (ਸ਼ੈਲੀ ਐਲਬਰਟ):- ਅਕਾਦਮਿਕ ਉੱਤਮਤਾ ਵੱਲ ਕੰਮ ਕਰ ਰਹੀ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ. ਪੀ.ਟੀ.ਯੂ.) ਦੇ ਫੈਕਲਟੀ ਡਾ. ਐਸ. ਕੇ . ਮਾਹਲਾ ਦੀ ਖੋਜ ਨੂੰ ਭਾਰਤ ਸਰਕਾਰ ਨੇ ਪੇਟੈਂਟ ਕੀਤਾ ਹੈ । ਇਹ ਪੇਟੈਂਟ ਡਾ. ਮਾਹਲਾ ਦੀ ਚੌਲ ਦੇ ਬਰਨ ਤੋਂ ਬਾਇਓ-ਡੀਜ਼ਲ ਦੇ ਉਤਪਾਦਨ ਦੀ ਪ੍ਰਕਿਰਿਆ ਦੇ ਵਿਸ਼ੇ 'ਤੇ ਕੀਤੀ ਗਈ ਨਵੀਨਤਾਕਾਰੀ ਖੋਜ ਨੂੰ ਦਿੱਤਾ ਗਿਆ ਹੈ, ਯਾਨਿ ਚੌਲ ਦੇ ਬਰਨ/ਛਿਲਕੇ ਤੋਂ ਬਾਇਓ-ਡੀਜ਼ਲ ਉਤਪਾਦਨ ਹੋਵੇਗਾ । ਇਸ ਪ੍ਰੋਜੈਕਟ ਵਿੱਚ ਉਹਨਾਂ ਵੱਲੋਂ ਇਸ ਵਿਸ਼ੇ ਦੀਆਂ ਪ੍ਰਕਿਰਿਆਵਾਂ ਦੇ ਕ੍ਰਮ ਦੀ ਚੰਗੀ ਤਰ੍ਹਾਂ ਖੋਜ ਕੀਤੀ ਗਈ ਹੈ । ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਸੁਸ਼ੀਲ ਮਿੱਤਲ ਨੇ ਡਾ. ਮਾਹਲਾ ਦੀ ਇਸ ਪ੍ਰਾਪਤੀ ਨੂੰ ਯੂਨੀਵਰਸਿਟੀ ਲਈ ਮਾਣ ਵਾਲੀ ਗੱਲ ਦੱਸਿਆ ਹੈ। ਉਨ੍ਹਾਂ ਨੇ ਇਸ ਨੂੰ ਅਕਾਦਮਿਕ ਉੱਤਮਤਾ ਤੇ ਯੂਨੀਵਰਸਿਟੀ ਦੇ ਕੰਮ ਵਿੱਚ ਇੱਕ ਮੀਲ ਦਾ ਪੱਥਰ ਦੱਸਿਆ ਹੈ। ਉਪ-ਕੁਲਪਤੀ ਪ੍ਰੋ. (ਡਾ.) ਸੁਸ਼ੀਲ ਮਿੱਤਲ ਨੇ ਫੈਕਲਟੀ ਮੈਂਬਰ ਡਾ.ਐਸ.ਕੇ.ਮਾਹਲਾ ਨੂੰ ਉਨ੍ਹਾਂ ਦੀ ਪ੍ਰਾਪਤੀ ਲਈ ਸਨਮਾਨਿਤ ਕੀਤਾ ਅਤੇ ਹੋਰ ਫੈਕਲਟੀ ਮੈਂਬਰਾਂ ਨੂੰ ਵੀ ਖੋਜ ਦੇ ਖੇਤਰ ਵਿੱਚ ਅਜਿਹੇ ਹੋਰ ਕੰਮ ਕਰਨ ਲਈ ਪ੍ਰੇਰਿਤ ਕੀਤਾ । ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਐਸ.ਕੇ ਮਿਸ਼ਰਾ ਨੇ ਡਾ. ਮਾਹਲਾ ਨੂੰ ਇਸ ਪ੍ਰਾਪਤੀ ਤੇ ਵਧਾਈ ਦਿੱਤੀ ਹੈ ।

ਡੀਨ ਅਕਾਦਮਿਕ ਪ੍ਰੋ. (ਡਾ.) ਵਿਕਾਸ ਚਾਵਲਾ ਅਤੇ ਡੀਨ ਰਿਸਰਚ (ਆਰ.ਐਂਡ.ਡੀ.) ਡਾ. ਹਿਤੇਸ਼ ਸ਼ਰਮਾ ਨੇ ਕਿਸੇ ਵੀ ਖੋਜ ਨੂੰ ਪੇਟੈਂਟ ਕਰਵਾਉਣ ਨੂੰ ਅਕਾਦਮਿਕ ਖੇਤਰ ਵਿੱਚ ਵੱਡੀ ਪ੍ਰਾਪਤੀ ਦੱਸਿਆ ਅਤੇ ਉਪ-ਕੁਲਪਤੀ ਪ੍ਰੋ. (ਡਾ.) ਮਿੱਤਲ ਨੂੰ ਹੋਰ ਨਿਵੇਕਲਾ ਜਾਂ ਬਿਹਤਰ ਅਕਾਦਮਿਕ ਕੰਮ ਕਰਨ ਦਾ ਭਰੋਸਾ ਦਿੱਤਾ ਹੈ । ਇਸ ਕਾਢ ਦੀ ਅਗਵਾਈ ਡਾ. ਐਸ. ਕੇ. ਮਾਹਲਾ ਨੇ ਕੀਤੀ ਜਦਕਿ ਉਨ੍ਹਾਂ ਦੀ ਟੀਮ ਵਿੱਚ ਸਾਥੀ ਫੈਕਲਟੀ ਅਤੇ ਰਿਸਰਚ ਸਕਾਲਰ ਵੀ ਸ਼ਾਮਲ ਸਨ।। ਡਾ. ਮਾਹਲਾ ਆਈ.ਕੇ.ਜੀ. ਪੀ.ਟੀ.ਯੂ. ਹੁਸ਼ਿਆਰਪੁਰ ਕੈਂਪਸ ਵਿਖੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੇ ਸਹਾਇਕ ਪ੍ਰੋਫੈਸਰ ਵਜੋਂ ਤਾਇਨਾਤ ਹਨ। ਇਸ ਟੀਮ ਨੇ ਤੇਲ ਟਰਾਂਸਟੇਰੀਫਿਕੇਸ਼ਨ ਅਤੇ ਅਨੁਕੂਲਨ ਪ੍ਰਕਿਰਿਆ ਦੁਆਰਾ ਚੌਲਾਂ ਦੀ ਪਰਾਲੀ/ਛਿਲਕੇ ਤੋਂ ਬਾਇਓਡੀਜ਼ਲ ਬਣਾਉਣ ਲਈ ਇੱਕ ਸੁਧਾਰੀ ਪ੍ਰਕਿਰਿਆ ਪ੍ਰਦਾਨ ਕੀਤੀ ਹੈ।

ਇਹ ਵਿਸ਼ਾ ਭਵਿੱਖ ਲਈ ਬਹੁਤ ਲਾਭਦਾਇਕ ਹੈ । ਇਹ ਬੇਮਿਸਾਲ ਕਾਢ ਬਾਲਣ ਪ੍ਰਦਾਨ ਕਰਨ ਲਈ ਬਾਇਓਡੀਜ਼ਲ ਉਤਪਾਦਨ ਦੇ ਖੇਤਰ ਨਾਲ ਸਬੰਧਤ ਹੈ । ਡਾ. ਮਾਹਲਾ ਅੰਦਰੂਨੀ ਕੰਬਸ਼ਨ ਡੀਜ਼ਲ ਇੰਜਣ ਲਈ ਇਸ ਪੇਟੈਂਟ ਨੂੰ ਬਾਇਓਮਾਸ ਊਰਜਾ ਦੇ ਖੇਤਰ ਵਿੱਚ ਇੱਕ ਅਨਮੋਲ ਯੋਗਦਾਨ ਮੰਨਦੇ ਹਨ । ਉਹ ਇਸਨੂੰ ਨਵਿਆਉਣਯੋਗ ਈਂਧਨ ਦੇ ਖੇਤਰ ਵਿੱਚ ਇੱਕ ਸ਼ਾਨਦਾਰ ਪ੍ਰਾਪਤੀ ਕਹਿੰਦੇ ਹਨ ।

ਡਾ. ਮਾਹਲਾ ਨੂੰ ਸਨਮਾਨਿਤ ਕਰਨ ਮੌਕੇ ਪ੍ਰੋ. (ਡਾ.) ਬਲਕਾਰ ਸਿੰਘ ਮੁਖੀ ਵਿਭਾਗ (ਐਮ.ਈ.) ਤੇ ਡੀਨ ਕਾਲਜ ਵਿਕਾਸ, ਪ੍ਰੋ. (ਡਾ.) ਵਾਈ.ਐਸ. ਬਰਾੜ ਹੁਸ਼ਿਆਰਪੁਰ ਕੈਂਪਸ ਦੇ ਡਾਇਰੈਕਟਰ, ਡਿਪਟੀ ਰਜਿਸਟਰਾਰ ਗਗਨਜੋਤ ਸਿੰਘ ਵੀ ਉਪ ਕੁਲਪਤੀ ਦਫ਼ਤਰ ਵਿੱਚ ਮੌਜੂਦ ਸਨ।

ਟਰੇਡ ਯੂਨੀਅਨਾਂ ਵੱਲੋਂ ਸੁਪਰਵਾਈਜ਼ਰ ਨੂੰ ਨੌਕਰੀ ਤੋਂ ਟਰਮੀਨੇਟ ਕਰਨ ਦੀ ਸਖਤ ਨਿਖੇਧੀ

ਮੋਹਾਲੀ (ਗੁਰਜੀਤ ਬਿੱਲਾ)- ਵੱਖ ਵੱਖ ਟਰੇਡ ਯੂਨੀਅਨਾਂ ਦੇ ਆਗੂਆਂ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਵਿੱਚ ਆਊਟਸੋਰਸ ਤੋਂ ਪਿਛਲੇ 6 ਸਾਲ ਤੋਂ ਕੰਮ ਕਰ ਰਹੀ ਸੁਪਰਵਾਈਜ਼ਰ ਰਜਨੀ ਨੂੰ ਨੌਕਰੀ ਤੋਂ ਟਰਮੀਨੇਟ ਕਰਨ ਦੀ ਸਖਤ ਨਿਖੇਧੀ ਕੀਤੀ ਹੈ। ਪੰਜਾਬ ਸਕੂਲ ਸਿੱਖਿਆ ਬੋਰਡ ਵਿੱਚ 50 ਦੇ ਕਰੀਬ ਸਫਾਈ ਕਰਮਚਾਰੀ ਆਊਟਸੋਰਸ ਦੇ ਅਧਾਰ ਤੋਂ ਕੰਮ ਕਰ ਰਹੇ ਹਨ। ਇਹ ਕਰਮਚਾਰੀ ਲਗਭਗ 10 ਸਾਲ 'ਤੇ ਕੰਮ ਕਰ ਰਹੇ ਹਨ। ਪਰ ਇਨਾਂ ਤੇ ਕੋਈ ਵੀ ਕਿਰਤ ਕਾਨੂੰਨ ਲਾਗੂ ਨਹੀਂ। ਬੋਰਡ ਦਾ ਠੇਕੇਦਾਰ ਈ.ਪੀ.ਐਫ, ਈ.ਐਸ.ਆਈ ਆਦਿ ਦੀ ਸਹੂਲਤ ਦੇਣ ਲਈ ਪਾਬੰਦ ਹੈ ਪਰ ਸਫਾਈ ਕਰਮਚਾਰੀ ਨੂੰ ਨਾ ਤਾਂ ਈ.ਪੀ.ਐਫ ਖਾਤਾ ਨੰਬਰਾਂ ਦਾ ਪਤਾ ਹੈ ਤੇ ਨਾ ਹੀ ਉਨ੍ਹਾਂ ਦੇ ਈ.ਐਸ.ਆਈ ਕਾਰਡ ਬਣੇ ਹਨ। ਜਦੋਂ ਇਨ੍ਹਾਂ ਕਰਮਚਾਰੀਆਂ ਨੇ ਆਪਣੇ ਸ਼ੋਸ਼ਣ ਦੀ ਅਵਾਜ਼ ਉਠਾਈ ਤਾਂ ਬੋਰਡ ਠੇਕੇਦਾਰ ਵੱਲੋਂ ਇਨ੍ਹਾਂ ਨੂੰ ਟਰਮੀਨੇਟ ਕਰਨਾ ਸ਼ੁਰੂ ਕਰ ਦਿੱਤਾ ਹੈ ਤੇ ਇਨ੍ਹਾਂ ਦੀ ਥਾਂ ਨਵੀਂ ਭਰਤੀ ਸ਼ੁਰੂ ਕਰ ਦਿੱਤੀ ਗਈ ਹੈ। ਇਨ੍ਹਾਂ ਕਰਮਚਾਰੀਆਂ ਵਲੋਂ ਇਸ ਧੱਕੇਸ਼ਾਹੀ ਵਿਰੁੱਧ ਅਵਾਜ਼ ਉਠਾਉਣ ਲਈ ਆਪਣੀ ਜਥੇਬੰਦੀ ਪੰਜਾਬ ਸਕੂਲ ਸਿੱਖਿਆ ਬੋਰਡ ਸਫਾਈ ਸੇਵਕ ਯੂਨੀਅਨ ਦਾ ਗਠਨ ਕੀਤਾ ਗਿਆ ਹੈ ਤੇ ਆਪਣਾ ਮੰਗ ਪੱਤਰ ਬੋਰਡ ਦੇ ਸਕੱਤਰ ਤੇ ਸਫਾਈ ਕਰਮਚਾਰੀਆਂ ਦੇ ਠੇਕੇਦਾਰ ਅਤੇ ਹੋਰ ਉ

8-APR-PAGE-9.qxd 4/7/2024 10:35 PM Page 1

ਪ੍ਰੀਤ ਪੈਲੇਸ ਦੀ ਵੱਡੀ ਅਣਗਹਿਲੀ, ਰੱਬ ਆਸਰੇ ਛੱਡੇ ਬਰਾਤੀ ਤੇ ਰਾਹਗੀਰ

ਭੋਗਪੁਰ: (ਗੁਰਪ੍ਰੀਤ ਸਿੰਘ ਭੋਗਲ)-ਭੋਗਪੁਰ ਸ਼ਹਿਰ ਦੇ ਨਾਮੀ ਤੇ ਮਸ਼ਹੂਰ ਪ੍ਰੀਤ ਪੈਲੇਸ ਦੀ ਅਣਗਹਿਲੀ ਉਦੋਂ ਦੇਖਣ ਨੂੰ ਮਿਲੀ, ਜਦ ਪ੍ਰੀਤ ਪੈਲੇਸ ਦੇ ਬਾਹਰ ਲੱਗੇ 25 ਕਿਲੋਵਾਟ ਦੇ ਜਨਰੇਟਰ ਦੀਆਂ ਤਾਰਾਂ ਦੇ ਕੁਨੈਕਸ਼ਨ ਖੁੱਲ੍ਹੇ ਨਜ਼ਰ ਆਏ। ਇਸ ਨੂੰ ਲੈ ਕੇ ਇਲਾਕੇ ਦੇ ਲੋਕਾਂ 'ਚ ਭਾਰੀ ਨਿਰਾਸ਼ਾ ਪਾਈ ਜਾ ਰਹੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਨਾਲ ਕੋਈ ਵੱਡੀ ਦੁਰਘਟਨਾ ਵਾਪਰ ਸਕਦੀ ਹੈ।ਇਸ ਗੱਲ ਦੀ ਪੁਸ਼ਟੀ ਕਰਨ ਲਈ ਜਦੋਂ ਮੀਡੀਆ ਨੇ ਪੈਲੇਸ ਦੇ ਬਾਹਰ ਜਾ ਕੇ ਦੇਖਿਆ ਤਾਂ ਵਿਆਹ ਦੇ ਪ੍ਰੋਗਰਾਮ 'ਤੇ ਜਨਰੇਟਰ ਚੱਲ ਰਿਹਾ ਸੀ ਅਤੇ ਜਿਸ ਦੇ ਕੁਨੈਕਸ਼ਨ ਵੀ ਨੰਗੇ ਸਨ। ਇਸ ਤੋਂ ਇਹ ਅਨੁਮਾਨ ਲਗਾਇਆ ਜਾ ਸਕਦਾ ਹੈ ਕਿ ਪ੍ਰੀਤ ਪੈਲਸ ਵਾਲੇ ਬਰਾਤੀਆਂ ਅਤੇ ਰਾਹਗੀਰਾਂ ਦੇ ਨਾਲ ਕੋਈ ਅਣਸੁਖਾਵੀਂ ਘਟਨਾ ਦੀ ਉਡੀਕ ਕਰ ਰਹੇ ਹੋਣ। ਕੁੜੀ ਵਾਲੇ ਜਾਂ ਮੁੰਡੇ ਵਾਲਿਆਂ ਨੇ ਡੀ ਜੇ ਦੇ ਪ੍ਰਬੰਧ ਕੀਤੇ ਹੁੰਦੇ ਹਨ ਅਤੇ ਡੀ ਜੇ ਵਾਲੇ ਆਪਣੇ ਲੋਡ ਦੇ ਹਿਸਾਬ ਨਾਲ ਆਪਣੇ ਜਨਰੇਟਰ ਲੈ ਕੇ ਆਉਂਦੇ ਹਨ ਪਰ ਪੈਲੇਸ ਵਾਲੇ ਜਦ ਆਪਣਾ ਡੈਕੋਰੇਸ਼ਨ, ਕਰੋਕਰੀ, ਬਹਿਰੇ, ਕੈਟਰਿੰਗ ਅਤੇ ਪੈਲੇਸ ਆਦਿ ਦੇ ਸਾਰੇ ਕਿਰਾਏ ਵਸੂਲਦੇ ਹਨ ਤਾਂ ਉਨ੍ਹਾਂ ਦਾ ਫਰਜ਼ ਵੀ ਬਣਦਾ ਹੈ ਬਰਾਤੀਆਂ ਦੀ ਤੇ ਰਾਹਗੀਰਾਂ ਦੀ ਜਾਨ ਨਾਲ ਨਾ ਖੇਡਿਆ ਜਾਵੇ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਤਕਰੀਬਨ ਜਨਰੇਟਰ ਬਾਹਰ ਹੀ ਖੜ੍ਹਾ ਹੁੰਦਾ ਹੈ। ਪਰ ਪੈਲੇਸ ਵਲੋਂ ਜਿਵੇਂ ਕਾਰ ਪਾਰਕਿੰਗ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ, ਇਸ ਤਰ੍ਹਾਂ ਜਨਰੇਟਰਾਂ ਲਈ ਵਿਸ਼ੇਸ਼ ਕਮਰੇ ਦਾ ਪ੍ਰਬੰਧ ਕੀਤਾ ਜਾਵੇ, ਤਾਂ ਜੋ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।

ਚੰਨੀ ਤੇ ਗੁਰਪ੍ਰਤਾਪ ਸਿੰਘ ਪਡਿਆਲਾ ਰਾਮ ਮੰਦਰ ਅਯੋਧਿਆ ਵਿਖੇ ਹੋਏ ਨਤਮਸਤਕ

ਕੁਰਾਲੀ, (ਮੋਹਨ ਅੱਗਰਵਾਲ ਜੋਗਾ)-ਬੀਤੇ ਦਿਨ ਸਾਬਕਾ ਸੀ ਐਮ ਚਰਨਜੀਤ ਸਿੰਘ ਚੰਨੀ ਦੇ ਨਾਲ ਗੁਰਪ੍ਰਤਾਪ ਸਿੰਘ ਪਡਿਆਲਾ ਰਾਮ ਮੰਦਰ ਅਯੋਧਿਆ ਅਤੇ ਨਾਲ ਹੀ ਸਿੱਖਾਂ ਦੇ ਪਹਿਲੇ ਗੁਰੂ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਧਰਤੀ ਅਯੋਧਿਆ ਵਿਖੇ ਜਿੱਥੇ ਗੁਰੂ ਨਾਨਕ ਦੇਵ ਜੀ ਦਾ ਗੁਰਦੁਆਰਾ ਸਾਹਿਬ ਬਣਿਆ ਹੋਇਆ ਹੈ ਅਤੇ ਹਨੂੰਮਾਨਗੜ੍ਹੀ ਵਿਖੇ ਨਤਮਸਤਕ ਹੋ ਕੇ ਰਾਮ ਜੀ ਦਾ ਅਤੇ ਗੁਰੂ ਸਾਹਿਬਾਨ ਦਾ

ਅਸ਼ੀਰਵਾਦ ਪ੍ਰਾਪਤ ਕੀਤਾ। ਇਹ ਜਾਣਕਾਰੀ ਗੁਰਪ੍ਰਤਾਪ ਸਿੰਘ ਪਡਿਆਲਾ ਨੇ ਪੱਤਰਕਾਰਾਂ ਨਾਲ ਸਾਂਝੀ ਕੀਤੀ।

ਐੱਸ ਟੀ ਐੱਸ ਵਰਲਡ ਸਕੂਲ 'ਚ ਨਵੇਂ ਸਾਲ 2024-25 ਦਾ ਸ਼ੁੱਭ ਆਰੰਭ

ਗੁਰਾਇਆ (ਬਿੰਦਰ ਸੁਮਨ)- ਐੱਸ ਟੀ ਐਸ ਵਰਲਡ ਸਕੂਲ 'ਚ ਨਵੇਂ ਸਾਲ 2024-25 ਦਾ ਸ਼ੁੱਭ ਆਰੰਭ ਹੋਇਆ। ਇਸ ਮੌਕੇ ਸਕੂਲ ਦੇ ਚੇਅਰਪਰਸਨ ਮੈਡਮ ਮਾਲਤੀ, ਸਕੂਲ ਦੇ ਪ੍ਰਿੰਸੀਪਲ ਪ੍ਰਭਜੋਤ ਕੌਰ ਗਿੱਲ, ਸਕੂਲ ਦਾ ਸਟਾਫ ਤੇ ਹੋਰ ਮਹਿਮਾਨ ਹਾਜ਼ਰ ਸਨ। ਇਸ ਮੌਕੇ ਸਟਾਫ ਤੇ ਹੋਰ ਮੈਂਬਰਾਂ ਤੇ ਮਹਿਮਾਨਾਂ ਨੂੰ ਲੰਗਰ ਛਕਾਇਆ ਗਿਆ।

ਇਨੋਸੈਂਟ ਹਾਰਟਸ 'ਚ 'ਵਰਲਡ ਹੈੱਲਥ ਡੇ' 'ਤੇ ਕਰਵਾਈਆਂ ਗਤੀਵਿਧੀਆਂ

ਜਲੰਧਰ (ਸ਼ੈਲੀ ਐਲਬਰਟ) :-ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਏ ਜਾ ਰਹੇ 'ਦਿਸ਼ਾ-ਏਕ ਇਨੀਸ਼ੀਏਟਿਵ' ਤਹਿਤ ਇੰਨੋਸੈਂਟ ਹਾਰਟਸ (ਗਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ) ਦੇ ਪੰਜਾਂ ਸਕੂਲਾਂ ਵਿੱਚ 'ਵਰਲਡ ਹੈਲਥ ਡੇ' ਮਨਾਇਆ ਗਿਆ। ਇਸ ਮੌਕੇ ਤੀਸਰੀ ਅਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਨੂੰ ਭੋਜਨ ਸੁਰੱਖਿਆ ਬਾਰੇ ਜਾਗਰੂਕ ਕਰਦੇ ਹੋਏ ਇੱਕ ਜਾਗਰੂਕਤਾ ਲੈਕਚਰ ਦਿੱਤਾ ਗਿਆ। ਉਨ੍ਹਾਂ ਨੂੰ ਕਨੈਕਟਿੰਗ ਵਿਦ ਯੂਅਰ ਸੋਲ ਗਤੀਵਿਧੀ ਰਾਹੀਂ ਮੈਡੀਟੇਸ਼ਨ ਸਿਖਾਈ ਗਈ। ਸਪੋਰਟਸ ਕਲੱਬ ਵੱਲੋਂ ਛੇਵੀਂ ਜਮਾਤ ਦੇ ਵਿਦਿਆਰਥੀਆਂ ਨਾਲ 'ਯੋਗਾਲੇਟਸ' ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਉਨ੍ਹਾਂ ਨੂੰ ਅਧਿਆਤਮਿਕ ਪ੍ਰਕਿਰਿਆ ਰਾਹੀਂ ਮਨ ਨੂੰ ਕਾਬੂ ਕਰਨਾ ਸਿਖਾਇਆ ਗਿਆ। ਹੈਲਥ ਐਂਡ ਵੈਲਨੈੱਸ ਕਲੱਬ ਵੱਲੋਂ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਸਿਮਪੋਜ਼ੀਅਮ ਥ੍ਰੂ ਪੀਅਰਸ' ਗਤੀਵਿਧੀ ਕਰਵਾਈ ਗਈ ਜਿਸ ਵਿੱਚ ਵਰਲਡ ਹੈਲਥ ਓਰਗਨਾਈਜੇਸ਼ਨ ਬਾਰੇ ਚਰਚਾ ਕੀਤੀ ਗਈ। ਵਿਦਿਆਰਥੀਆਂ ਨੇ 'ਪਰਸਨਲ ਹਾਈਜੀਨ' ਅਤੇ ਨਿਊਟ੍ਰੀਸ਼ੀਅਸ ਫੂਡ ਬਾਰੇ ਪੇਸ਼ਕਾਰੀ ਦਿੱਤੀ। ਵਿਦਿਆਰਥੀਆਂ ਨੇ ਸਿਹਤਮੰਦ ਆਹਾਰ ਬਾਰੇ ਪ੍ਰਦਰਸ਼ਨੀ ਦਿੱਤੀ ਕਿ ਕਿਵੇਂ ਸਿਹਤਮੰਦ ਅਤੇ ਪੌਸ਼ਟਿਕ ਆਹਾਰ ਦੀ ਅਣਹੋਂਦ ਵਿੱਚ ਬਿਮਾਰੀਆਂ ਪੈਦਾ ਹੁੰਦੀਆਂ ਹਨ ਅਤੇ ਇਨ੍ਹਾਂ ਕਮੀਆਂ ਨੂੰ ਦੂਰ ਕਰਨ ਲਈ ਪੌਸ਼ਟਿਕ ਆਹਾਰ ਲੈਣਾ ਲਾਜ਼ਮੀ ਹੈ।ਬੱਚਿਆਂ ਨੂੰ ਪੌਸ਼ਟਿਕ ਆਹਾਰ, ਸਾਫ਼-ਸਫ਼ਾਈ ਅਤੇ ਖਾਣ-ਪੀਣ ਦੀਆਂ ਆਦਤਾਂ ਬਾਰੇ ਜਾਗਰੂਕ ਕੀਤਾ ਗਿਆ। ਹੈਲਥ ਐਂਡ ਵੈਲਨੈੱਸ ਅਤੇ ਆਰਟ ਕਲੱਬ ਵੱਲੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨਾਲ ਪੋਸਟਰ ਮੇਕਿੰਗ ਗਤੀਵਿਧੀ ਕਰਵਾਈ ਗਈ। ਕਲਾਸਾਂ ਵਿੱਚ ਅਧਿਆਪਕਾਂ ਵੱਲੋਂ ਸਿਹਤਮੰਦ ਖੁਰਾਕ ਬਾਰੇ ਕੁਝ ਨੁਕਤੇ ਸਾਂਝੇ ਕੀਤੇ ਗਏ। ਵਿਸ਼ੇਸ਼ ਪ੍ਰਾਰਥਨਾ ਸਭਾ ਵਿੱਚ ਪ੍ਰਿੰਸੀਪਲਾਂ ਨੇ ਬੱਚਿਆਂ ਨੂੰ ਕਿਹਾ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ 7 ਅਪ੍ਰੈਲ ਨੂੰ ਵਿਸ਼ਵ ਭਰ ਵਿੱਚ 'ਵਰਲਡ ਹੈਲਥ ਡੇ' ਮਨਾਇਆ ਜਾਂਦਾ ਹੈ।

ਫਾਲਕਨ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਵਿੱਦਿਅਕ ਟੂਰ ਲਗਾਇਆ

ਸੁਲਤਾਨਪੁਰ ਲੋਧੀ, (ਹਨੀ) ਫਾਲਕਨ ਇੰਟਰਨੈਸ਼ਨਲ ਸਕੂਲ ਵੱਲੋਂ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਤੇ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਦੀ ਅਗਵਾਈ 'ਚ ਵਿਦਿਆਰਥੀਆਂ ਨੂੰ ਨਵੇਂ ਵਿੱਦਿਅਕ ਸੈਸ਼ਨ ਦੀ ਆਰੰਭਤਾ ਮੌਕੇ ਵਿਦਿਅਕ ਟੂਰ 'ਤੇ ਲਿਜਾਇਆ ਗਿਆ । ਇਸ ਦੌਰਾਨ ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਸ਼ਿਰਕਤ ਕੀਤੀ । ਇਸ ਮੌਕੇ ਵਿਦਿਆਰਥੀਆਂ ਨੂੰ ਈਸਟ ਵੁੱਡ ਵਿਲਾ ਅਤੇ ਰੰਗਲਾ ਪੰਜਾਬ ਦਿਖਾਇਆ ਗਿਆ ਅਤੇ ਉਨ੍ਹਾਂ ਨੂੰ ਪੰਜਾਬੀ ਵਿਰਸੇ ਬਾਰੇ ਜਾਣਕਾਰੀ ਦਿੱਤੀ ਗਈ । ਕਰਨਲ ਅਜੀਤ ਸਿੰਘ ਢਿੱਲੋਂ ਤੇ ਨਵਦੀਪ ਕੌਰ ਢਿੱਲੋਂ ਨੇ ਬੱਚਿਆਂ ਨੂੰ ਨਵੀਆਂ ਕਲਾਸਾਂ ਵਿਚ ਆਉਣ ਦੀ ਵਧਾਈ ਦਿੱਤੀ । ਇਸ ਮੌਕੇ ਪ੍ਰਿੰਸੀਪਲ ਬਲਜੀਤ ਕੌਰ, ਗੁਰਬਚਨ ਸਿੰਘ, ਰੀਨਾ ਰਾਣੀ, ਸੁਭਕਿਰਨ ਕੌਰ, ਨਵਜੋਤ ਕੌਰ, ਰਮਨਦੀਪ ਕੌਰ, ਸ਼ਰਨਜੀਤ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ ।

ਸ੍ਰੀ ਹਨੂਮਤ ਇੰਸਟੀਚਿਊਟ 'ਚ ਸ਼ਿਮਟ ਡੀਲਿਕਸੀ ਕਾਰਨੀਵਾਲ-2024

ਗੁਰਾਇਆ (ਬਿੰਦਰ ਸੁਮਨ)-ਸ੍ਰੀ ਹਨੂਮਤ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ (ਆਈ.ਐਮ.ਟੀ.) ਵਿਖੇ ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਦੀ ਅਗਵਾਈ ਹੇਠ ਤੀਸਰਾ ਸ਼ਿਮਟ ਡੀ ਡੀਲਿਕਸੀ ਕਾਰਨੀਵਲ-2024 ਕਰਵਾਇਆ ਗਿਆ। ਇਸ ਦੌਰਾਨ ਅਕਾਦਮਿਕ ਡੀਨ ਅਤੇ ਐਚ.ਓ.ਡੀ. ਦੀਪਕ ਠਾਕੁਰ ਦੀ ਦੇਖ-ਰੇਖ ਹੇਠ ਹੋਟਲ ਮੈਨੇਜਮੈਂਟ ਦੇ ਵਿਦਿਆਰਥੀਆਂ ਨੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੁਆਦਲੇ ਪਕਵਾਨ ਤਿਆਰ ਕੀਤੇ। ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਹਰਾ ਸਲਾਦ, ਕੜ੍ਹੀ ਪਨੀਰ, ਮਟਰ ਮਸ਼ਰੂਮ, ਕਾਲੀ ਦਾਲ ਤੜਕਾ, ਚਨਾ ਮਸਾਲਾ, ਕੜ੍ਹਾਈ ਪਨੀਰ, ਮਿਕਸ ਵੈਜੀਟੇਬਲ, ਮਟਰ ਪੁਲਾਓ, ਬੂੰਦੀ ਰਾਇਤਾ, ਰੁਮਾਲੀ ਰੋਟੀ ਅਤੇ ਸਵੀਟ ਡਿਸ਼ ਵਜੋਂ ਗਾਜਰ ਦਾ ਹਲਵਾ ਸ਼ਾਮਲ ਸਨ। ਕਾਰਨੀਵਲ ਦੌਰਾਨ ਇਨ੍ਹਾਂ ਪਕਵਾਨਾਂ ਦੇ ਖੁੱਲ੍ਹੇ ਸਟਾਲ ਵੀ ਲਗਾਏ ਗਏ। ਜਿੱਥੇ ਕਾਲਜ ਪ੍ਰਬੰਧਕਾਂ, ਵਿਦਿਆਰਥੀਆਂ ਅਤੇ ਹੋਰ ਪਤਵੰਤਿਆਂ ਨੇ ਆਪਣੇ ਮਨਪਸੰਦ ਪਕਵਾਨਾਂ ਦਾ ਸਵਾਦ ਲਿਆ। ਇਸ ਤੋਂ ਇਲਾਵਾ ਵੱਖ-ਵੱਖ ਸਪਾਂਸਰਡ ਸਟਾਲ ਵੀ ਕਾਰਨੀਵਲ ਦੀ ਸੁੰਦਰਤਾ ਵਿਚ ਵਾਧਾ ਕਰ ਰਹੇ ਸਨ। ਇਸ ਦੌਰਾਨ ਗਾਇਕ ਜਿੰਮੀ ਗਰੇਵਾਲ ਅਤੇ ਗਾਇਕਾ ਅਰਨੂਰ ਕੰਗ ਤੋਂ ਇਲਾਵਾ ਮਿਊਜ਼ਿਕ ਬੈਂਡ ਟਿਊਨ ਆਫ ਜੱਏਂ ਨੇ ਵੱਖ-ਵੱਖ ਗੀਤਾਂ ਨਾਲ ਖੂਬ ਮਾਹੌਲ ਸਿਰਜਿਆ। ਇਸ ਤੋਂ ਇਲਾਵਾ ਕਾਰਨੀਵਲ ਵਿੱਚ ਪੈਂਡੂਲਮ ਰਾਈਡਸ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ। ਕਾਲਜ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਗਿਰੀਸ਼ ਗੁਪਤਾ, ਪ੍ਰਧਾਨ ਨਰੇਸ਼ ਗੁਪਤਾ ਅਤੇ ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ ਕੰਗ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਆਏ। ਡਾ. ਸ਼ੈਲੀ ਰੇਖੀ ਸ਼ਰਮਾ ਨੇ ਦੱਸਿਆ ਕਿ ਇਸ ਕਾਰਨੀਵਲ ਦੇ ਆਯੋਜਨ ਦਾ ਮੰਤਵ ਵਿਦਿਆਰਥੀਆਂ ਨੂੰ ਮਨੋਰੰਜਨ ਦੇ ਨਾਲ-ਨਾਲ ਹੁਨਰ ਦਿਖਾਉਣ ਦਾ ਮੌਕਾ ਪ੍ਰਦਾਨ ਕਰਨਾ ਸੀ।

ਸੀ ਐੱਚ ਸੀ ਬੜਾ ਪਿੰਡ ਨੇ ਵਿਸ਼ਵ ਸਿਹਤ ਦਿਵਸ ਮਨਾਇਆ

ਗੁਰਾਇਆ (ਬਿੰਦਰ ਸੁਮਨ)-ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਅੱਜ ਵਿਸ਼ਵ ਸਿਹਤ ਦਿਵਸ ਮੌਕੇ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਬਲਾਕ ਪੱਧਰੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਸੀਨੀਅਰ ਮੈਡੀਕਲ ਅਫ਼ਸਰ ਡਾ. ਅਮਿਤਾ ਲੂਨਾ ਦੀ ਅਗਵਾਈ ਹੇਠ ਕੀਤਾ। ਇਸ ਨਾਲ ਹੀ ਹੈਲਥ ਅਤੇ ਵੈਲਨੈਸ ਕੇਂਦਰਾਂ ਵਿੱਚ ਵੀ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਸਾਲ ਵਿਸ਼ਵ ਸਿਹਤ ਦਿਵਸ ਦਾ ਥੀਮ ਮੇਰੀ ਸਿਹਤ ਮੇਰਾ ਅਧਿਕਾਰ ਉਪਰ ਅਧਾਰਤ ਹੈ। ਵਿਸ਼ਵ ਸਿਹਤ ਸੰਗਠਨ ਦੁਆਰਾ ਵਿਸ਼ਵ ਸਿਹਤ ਦਿਵਸ ਮਨਾਉਣ ਦੀ ਸ਼ੁਰੂਆਤ 1950 'ਚ ਕੀਤੀ ਗਈ ਸੀ ਅਤੇ ਇਹ ਹਰ ਸਾਲ 7 ਅਪ੍ਰੈਲ ਨੂੰ ਵਿਸ਼ਵ ਭਰ ਵਿੱਚ ਮਨਾਇਆ ਜਾਂਦਾ ਹੈ । ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਤਨੂੰ ਬਾਬਰੇ ਨੇ ਦੱਸਿਆ ਕਿ ਇਸ ਦਿਨ ਦਾ ਮੁੱਖ ਉਦੇਸ਼ ਲੋਕਾਂ ਨੂੰ ਸਰੀਰਕ, ਮਾਨਸਿਕ ਅਤੇ ਸਮਾਜਿਕ ਤੌਰ 'ਤੇ ਤੰਦਰੁਸਤ ਬਣਾਉਣ ਲਈ ਵਿਸ਼ਵ ਭਰ ਵਿੱਚ ਜਾਗਰੂਕ ਕਰਨਾ ਹੈ ਤਾਂ ਜੋ ਬਿਮਾਰੀਆਂ ਨੂੰ ਹੋਣ ਤੋਂ ਪਹਿਲਾਂ ਹੀ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਚੰਗੀ ਸਿਹਤ ਲਈ ਸਾਫ਼ ਵਾਤਾਵਰਨ, ਭੋਜਨ ਦੀ ਸਾਰਿਆਂ ਨੂੰ ਉਪਲਬਧਤਾ, ਨਸ਼ਿਆਂ ਤੋਂ ਦੂਰੀ ਸਰੀਰਕ ਕਸਰਤ ਅਤੇ ਚੰਗੀਆਂ ਸਿਹਤ ਸਹੂਲਤਾਂ 'ਤੇ ਨਿਰਭਰ ਕਰਦੀ ਹੈ।ਇਸ ਮੌਕੇ ਬਲਾਕ ਐਜੂਕੇਟਰ ਪ੍ਰੀਤਇੰਦਰ ਸਿੰਘ, ਫਾਰਮਾਸਿਸਟ ਜਸਵੀਰ ਕੌਰ ਅਤੇ ਸਟਾਫ ਨਰਸ ਦਪਿੰਦਰ ਕੌਰ ਤੇ ਸਮੂਹ ਸਟਾਫ ਹਾਜ਼ਰ ਸੀ।

ਨਜਾਇਜ਼ ਸ਼ਰਾਬ ਸਮੇਤ ਕਾਬੂ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਾੜੇ ਅਨਸਰਾਂ ਅਤੇ ਨਸ਼ੇ ਦੇ ਤਸਕਰਾਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਮੁਹਿੰਮ ਚਾਲੂ ਕੀਤੀ ਗਈ ਹੈ। ਏ ਐਸ ਆਈ ਸੰਜੀਵ ਕੁਮਾਰ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ ਜਦੋਂ ਉਸ ਨੇ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਇੱਕ ਵਿਅਕਤੀ ਅਵਤਾਰ ਸਿੰਘ ਪੁੱਤਰ ਲਛਮਣ ਦਾਸ ਵਾਸੀ ਭੁੰਗਰਨੀ ਥਾਣਾ ਮੇਹਟੀਆਣਾ ਨੂੰ 30 ਬੋਤਲਾਂ ਸ਼ਰਾਬ ਮਾਰਕਾ ਪੰਜਾਬ ਕਲੱਬ ਗੋਲਡ ਵਿਸਕੀ ਸੇਲ ਇੰਨ ਪੰਜਾਬ ਬਰਾਮਦ ਕਰਕੇ ਕਾਬੂ ਕੀਤਾ। ਜਿਸ ਖਿਲਾਫ ਥਾਣਾ ਮੇਹਟੀਆਣਾ ਜ਼ਿਲ੍ਹਾ ਹੁਸ਼ਿਆਰਪੁਰ 'ਚ ਮਾਮਲਾ ਦਰਜ ਕੀਤਾ ਗਿਆ। ਦੋਸ਼ੀ ਅਵਤਾਰ ਸਿੰਘ ਉਕਤ ਕੋਲੋਂ ਬਰੀਕੀ ਨਾਲ ਪੁਛਗਿੱਛ ਕਰਕੇ ਉਸ ਨੂੰ ਅੱਜ ਅਦਾਲਤ ਵਿੱਚ ਪੇਸ਼ ਕੀਤਾ ਗਿਆ।

ਟਰਾਂਸਫਾਰਮਰਾਂ 'ਚੋਂ ਤੇਲ ਤੇ ਕਾਪਰ ਚੋਰੀ ਕਰਨ ਵਾਲੇ ਨੂੰ ਕੀਤਾ ਗ੍ਰਿਫ਼ਤਾਰ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਏ.ਐਸ.ਆਈ. ਸਤਨਾਮ ਸਿੰਘ ਚੌਕੀ ਇੰਚਾਰਜ ਚੌਕੀ ਅਜਨੌਹਾ, ਥਾਣਾ ਮੇਹਟੀਆਣਾ ਸਮੇਤ ਪੁਲਸ ਪਾਰਟੀ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਕਾਪਰ ਦੀਆਂ ਤਾਰਾਂ ਅਤੇ ਤੇਲ ਚੋਰੀ ਕਰਨ ਵਾਲੇ ਦੋਸ਼ੀ ਭੁਪਿੰਦਰ ਸਿੰਘ ਉਰਫ ਬਿੰਦਾ ਪੁੱਤਰ ਜਸਵੰਤ ਸਿੰਘ ਵਾਸੀ ਪਿੰਡ ਪੰਡੋਰੀ ਥਾਣਾ ਮੇਹਟੀਆਣਾ ਨੂੰ ਕਾਬੂ ਕਰਕੇ ਗ੍ਰਿਫ਼ਤਾਰ ਕੀਤਾ । ਉਕਤ ਦੋਸ਼ੀ ਨੇ ਇੱਕ ਸਾਥੀ ਨਾਲ ਰਲ ਕੇ ਕ੍ਰਮਵਾਰ ਪਿੰਡ ਪੰਜੋੜਾ ਅਤੇ ਪਿੰਡ ਹੁਕੜਾ ਥਾਣਾ ਮੇਹਟੀਆਣਾ ਤੋਂ ਟਰਾਂਸਫਾਰਮਰਾਂ 'ਚੋਂ ਤੇਲ ਤੇ ਕਾਪਰ ਚੋਰੀ ਕੀਤਾ ਸੀ।

ਗੁਰਮੁਖ ਦੋਆਬੀਆ ਦੇ ਨਵੇਂ ਗੀਤ 'ਜਸ਼ਨ' ਦਾ ਪੋਸਟਰ ਰਿਲੀਜ਼

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)-ਗਾਇਕੀ ਦੇ ਖੇਤਰ ਵਿਚ ਲੰਬੇ ਸਮੇਂ ਤੋਂ ਜੁੜੇ ਹੋਏ ਪੰਜਾਬੀ ਲੋਕ ਗਾਇਕ ਗੁਰਮੁਖ ਦੋਆਬੀਆ (ਜੀ ਡੀ ਸਿੰਘ) ਵੱਲੋਂ ਆਪਣਾ ਨਵਾਂ ਸਿੰਗਲ ਟਰੈਕ ਗੀਤ 'ਜਸ਼ਨ' ਪਿਆਰ ਕਰਨ ਵਾਲਿਆਂ ਸਰੋਤਿਆਂ ਦੀ ਮੰਗ 'ਤੇ ਨਾਗ ਰਿਕਾਰਡ ਕੰਪਨੀ ਦੇ ਬੈਨਰ ਅਤੇ ਹੈਪੀ ਬਾਬਾ ਦੀ ਦੇਖ-ਰ

8-APRIL-PAGE-10.qxd 4/7/2024 10:20 PM Page 1

ਬੀ ਕੇ ਯੂ ਕ੍ਰਾਂਤੀਕਾਰੀ ਵੱਲੋਂ ਚੋਣਾਂ 'ਚ ਭਾਜਪਾ ਦੇ ਵਿਰੋਧ ਦਾ ਸੱਦਾ

ਮੋਗਾ (ਇਕਬਾਲ ਸਿੰਘ ਖਹਿਰਾ)-ਬੀ.ਕੇ.ਯੂ. ਕ੍ਰਾਂਤੀਕਾਰੀ ਦੀ ਸੂਬਾ ਪੱਧਰੀ ਮੀਟਿੰਗ ਮੋਗਾ ਵਿਖੇ ਹੋਈ, ਜਿਸ ਵਿੱਚ ਮੋਰਚੇ ਦੀ ਸਥਿਤੀ ਬਾਰੇ ਵਿਸਥਾਰ ਨਾਲ ਚਰਚਾ ਹੋਈ। ਇਸ ਤੋਂ ਬਾਅਦ ਹਾੜ੍ਹੀ ਦੇ ਦਿਨਾਂ ਵਿੱਚ ਮੋਰਚੇ ਉੱਤੇ ਕਿਸਾਨਾਂ ਦੀ ਗਿਣਤੀ ਬਣਾ ਕੇ ਰੱਖਣ ਤੇ ਵਧਾਉਣ ਲਈ ਯੋਜਨਾਬੰਦੀ ਬਣਾਈ ਗਈ। ਚੇਅਰਮੈਨ ਸੁਰਜੀਤ ਸਿੰਘ ਫੂਲ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਮੋਦੀ ਸਰਕਾਰ ਕਾਰਪੋਰੇਟ ਪੱਖੀ ਨੀਤੀਆਂ ਦੇ ਨਾਲ ਲਗਾਤਾਰ ਤਾਨਾਸ਼ਾਹੀ ਵੱਲ ਵੱਧ ਰਹੀ ਹੈ, ਜਿਸ ਨੂੰ ਕਿਸਾਨ ਅੰਦੋਲਨ 2.0 ਟੱਕਰ ਦੇ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮੋਰਚੇ ਦੀਆਂ ਮੰਗਾਂ ਖਾਸਕਰ ਐੱਮ.ਐੱਸ.ਪੀ. ਦੀ ਕਾਨੂੰਨੀ ਗਰੰਟੀ, ਕਿਸਾਨਾਂ ਖੇਤ ਮਜ਼ਦੂਰਾਂ ਦੀ ਕਰਜ਼ ਮਾਫੀ, ਮਨਰੇਗਾ ਦੀ ਦਿਹਾੜੀ 200 ਦਿਨ ਤੇ 700 ਰੁਪਏ ਦੇਸ਼ ਦੀ ਅੱਧੀ ਆਬਾਦੀ ਨੂੰ ਤਾਂ ਸਿੱਧਾ ਹੀ ਅਸਰ ਕਰਦੀਆਂ ਹਨ ਅਤੇ ਦੇਸ਼ ਦੇ ਸਾਰੇ ਅਰਥਚਾਰੇ ਨੂੰ ਸੰਕਟ 'ਚੋਂ ਕੱਢ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਹਰਿਆਣੇ ਦੇ ਬਾਰਡਰਾਂ ਉੱਤੇ ਕਿਸਾਨਾਂ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਚੱਲ ਰਿਹਾ ਮੋਰਚਾ ਭਾਜਪਾ ਦੇ ਗਲੇ ਦੀ ਹੱਡੀ ਬਣ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਮੋਰਚੇ ਵੱਲੋਂ ਦਿੱਤੇ ਭਾਜਪਾ ਦੇ ਵਿਰੋਧ ਦੇ ਸੱਦੇ ਦਾ ਅਸਰ ਹੋਣ ਲੱਗ ਗਿਆ ਹੈ। ਪਹਿਲਾਂ ਪੰਜਾਬ ਦੇ ਪਿੰਡਾਂ 'ਚ ਭਾਜਪਾ ਦੇ ਵਿਰੋਧ ਵਾਲੇ ਬੈਨਰ ਲੱਗਣੇ ਸ਼ੁਰੂ ਹੋਏ ਤੇ ਇਸ ਤੋਂ ਬਾਅਦ ਹੁਣ ਹਰਿਆਣੇ 'ਚ ਭਾਜਪਾ ਉਮੀਦਵਾਰਾਂ ਨੂੰ ਸਵਾਲ ਕਰਨ ਦਾ ਸਿਲਸਿਲਾ ਸ਼ੁਰੂ ਹੋ ਗਿਆ ਹੈ। ਉਨ੍ਹਾ ਕਿਹਾ ਕਿ ਇਹ ਮੋਰਚੇ ਦਾ ਹੀ ਪ੍ਰਭਾਵ ਹੈ ਕਿ ਦੇਸ਼ ਦੀ ਮੁੱਖ ਵਿਰੋਧੀ ਧਿਰ ਕਾਂਗਰਸ ਨੇ ਆਪਣੇ ਚੋਣ ਮੈਨੀਫੈਸਟੋ 'ਚ ਐੱਮ.ਐੱਸ.ਪੀ. ਦਾ ਗਰੰਟੀ ਕਾਨੂੰਨੀ ਬਣਾਉਣ ਨੂੰ ਸ਼ਾਮਲ ਕਰ ਲਿਆ ਹੈ। ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਜਪਾ ਨੂੰ ਇਹ ਵਹਿਮ ਕੱਢ ਦੇਣਾ ਚਾਹੀਦਾ ਹੈ ਕਿ ਉਹ ਇੱਕ ਪਾਸੇ ਕਿਸਾਨਾਂ ਮਜ਼ਦੂਰਾਂ ਦੇ ਉੱਤੇ ਲਾਠੀਚਾਰਜ, ਅੱਥਰੂ ਗੈਸ, ਪੈਲੇਟ, ਰਬੜ ਗੋਲੀਆਂ ਤੇ ਸਿੱਧੀਆਂ ਗੋਲੀਆਂ ਨਾਲ ਜਬਰ ਢਾਹੇ ਤੇ ਦੂਜੇ ਪਾਸੇ ਆਰਾਮ ਨਾਲ ਪਿੰਡਾਂ 'ਚ ਚੋਣ ਪ੍ਰਚਾਰ ਕਰੀ ਜਾਵੇ। ਉਨ੍ਹਾਂ ਕਿਹਾ ਕਿ ਦਿੱਲੀ ਜਾ ਰਹੇ ਕਿਸਾਨਾਂ ਦੇ ਰਾਹਾਂ 'ਚ ਕਿੱਲ ਲਾਉਣ ਵਾਲਿਆਂ ਨੂੰ ਪਿੰਡਾਂ ਦੇ ਰਾਹਾਂ 'ਚ ਫੁੱਲਾਂ ਦੀ ਉਮੀਦ ਨਹੀਂ ਰੱਖਣੀ ਚਾਹੀਦੀ। ਭਾਜਪਾ ਨੂੰ ਕਿਸਾਨਾਂ ਦੇ ਭਾਰੀ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਲਈ ਆਖਿਆ। ਮੀਟਿੰਗ ਵਿੱਚ ਚੇਅਰਮੈਨ ਸੁਰਜੀਤ ਸਿੰਘ ਫੂਲ, ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ, ਜਨਰਲ ਸਕੱਤਰ ਸੁਖਵਿੰਦਰ ਕੌਰ, ਸੂਬਾ ਖਜ਼ਾਨਚੀ ਬਲਦੀਪ ਸਿੰਘ ਨੰਦਗੜ੍ਹ ਤੇ ਸੂਬਾ ਕਮੇਟੀ ਮੈਂਬਰ ਸ਼ਵਿੰਦਰ ਸਿੰਘ, ਹਰਮਨਦੀਪ ਸਿੰਘ ਰਾਏਸਰ ਸ਼ਾਮਲ ਹੋਏ।

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੁਰਜੀਤ ਸਿੰਘ ਫੂਲ, ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ, ਜਨਰਲ ਸਕੱਤਰ ਸੁਖਵਿੰਦਰ ਕੌਰ।

ਸਕੂਲ 'ਚ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਕਰਵਾਇਆ ਗੁਰਮਤਿ ਸਮਾਗਮ

ਨਾਭਾ (ਵਰਿੰਦਰ ਵਰਮਾ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਆਈ ਸੀ ਐੱਸ ਈ ਬੋਰਡ ਦੇ ਸਿਲੇਬਸ ਵਾਲੇ ਚਲਾਏ ਜਾ ਰਹੇ ਬਾਬਾ ਅਜਾਪਾਲ ਸਿੰਘ ਜੀ ਖਾਲਸਾ ਪਬਲਿਕ ਸਕੂਲ ਨਾਭਾ ਵਿਖੇ ਨਵੇਂ ਸੈਸ਼ਨ ਦੇ ਸ਼ੁਰੂਆਤ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਅੰਮ੍ਰਿਤਮਈ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ। ਭੋਗ ਉਪਰੰਤ ਗੁਰਦੁਆਰਾ ਘੋੜਿਆਂ ਵਾਲਾ ਸਾਹਿਬ ਨਾਭਾ ਦੇ ਹਜ਼ੂਰੀ ਰਾਗੀ ਜਥੇ ਵੱਲੋਂ ਸੰਗਤਾਂ ਨੂੰ ਇਲਾਹੀ ਬਾਣੀ ਦੇ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਬੋਲਦਿਆਂ ਕਿਹਾ ਕਿ ਬਾਬਾ ਅਜਾਪਾਲ ਸਿੰਘ ਖਾਲਸਾ ਪਬਲਿਕ ਸਕੂਲ ਪੰਜਾਬ ਦਾ ਇੱਕੋ ਇੱਕ ਐਸਾ ਸਕੂਲ ਹੈ, ਜਿੱਥੇ ਕਿ ਬਹੁਤ ਹੀ ਘੱਟ ਫੀਸਾਂ ਰਾਹੀਂ ਬੱਚਿਆਂ ਨੂੰ ਆਈ ਸੀ ਐੱਸ ਸੀ ਬੋਰਡ ਦੇ ਸਿਲੇਬਸ ਦੁਆਰਾ ਉੱਚ ਦਰਜੇ ਦੀ ਪੜ੍ਹਾਈ ਕਰਵਾਈ ਜਾ ਰਹੀ ਹੈ ਅਤੇ ਬੜੀ ਜਲਦੀ ਇਹ ਸਕੂਲ ਬੁਲੰਦੀਆਂ ਨੂੰ ਛੋਹੇਗਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਧਰਮਿੰਦਰ ਸਿੰਘ ਉੱਭਾ ਨੇ ਕਿਹਾ ਕਿ ਸਾਡੇ ਸਕੂਲ ਵੱਲੋਂ ਇੰਟਰਨੈਸ਼ਨਲ ਪੱਧਰ ਦੀ ਸਿੱਖਿਆ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ ਤੇ ਪੜ੍ਹਾਈ ਦੇ ਨਾਲ ਨਾਲ ਅਸੀਂ ਹੋਰ ਗਤੀਵਿਧੀਆਂ ਜਿਵੇਂ ਕਿ ਬੱਚਿਆਂ ਨੂੰ ਤੈਰਾਕੀ ਘੋੜ ਸਵਾਰੀ, ਗੱਤਕਾ ਖੇਡਾਂ ਤੇ ਹੋਰ ਵੱਖ ਵੱਖ ਖੇਤਰਾਂ ਵਿੱਚ ਮਾਹਰ ਹੋਣ ਲਈ ਤਿਆਰੀ ਕਰਵਾਈ ਜਾ ਰਹੀ ਹੈ। ਇਸ ਮੌਕੇ ਜਥੇਦਾਰ ਸਤਵਿੰਦਰ ਸਿੰਘ ਟੌਹੜਾ, ਚਰਨ ਸਿੰਘ ਐੱਮ ਡੀ ਮਲਕੀਤ ਗਰੁੱਪ, ਪ੍ਰੀਤ ਕੰਬਾਈਨ ਤੇ ਮੈਨੇਜਿੰਗ ਡਾਇਰੈਕਟਰ ਸ: ਹਰੀ ਸਿੰਘ, ਮੈਡਮ ਤੇਜਿੰਦਰ ਪਾਲ ਕੌਰ ਪ੍ਰਿੰਸੀਪਲ, ਜੀਵਨ ਪ੍ਰਕਾਸ਼ ਬਾਂਸਲ ਸਾਬਕਾ ਪ੍ਰਧਾਨ ਅਗਰਵਾਲ ਸਭਾ, ਬਲਤੇਜ ਸਿੰਘ ਖੋਖ, ਸਾਬਕਾ ਚੇਅਰਮੈਨ ਗੁਰਦਿਆਲ ਇੰਦਰ ਸਿੰਘ ਬਿੱਲੂ, ਹਰਮਿੰਦਰ ਸਿੰਘ ਨਾਭਾ ਸੁਪਰਵਾਈਜ਼ਰ, ਮੈਨੇਜਰ ਗੁਰਲਾਲ ਸਿੰਘ ਨਲੀਨੀਂ, ਗੁਰਮੀਤ ਸਿੰਘ ਕੋਟ ਧਰਮਿੰਦਰ ਸਿੰਘ ਭੋਜੋ ਮਾਜਰੀ, ਜਗਜੀਤ ਸਿੰਘ ਖੋਖ, ਧਰਮ ਸਿੰਘ ਧਾਰੋਂਕੀ, ਸਰਬਜੀਤ ਸਿੰਘ ਧੀਰੋ ਮਾਜਰਾ ਤੇ ਵੱਡੀ ਗਿਣਤੀ ਵਿੱਚ ਬੱਚਿਆਂ ਦੇ ਮਾਪੇ ਹਾਜ਼ਰ ਸਨ।

ਵਿਸ਼ਵ ਸਿਹਤ ਦਿਵਸ ਮੌਕੇ ਜਾਗਰੂਕਤਾ ਸੈਮੀਨਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਕਾਰਜਕਾਰੀ ਸਿਵਲ ਸਰਜਨ ਡਾ. ਮੀਨਾਕਸ਼ੀ ਅਬਰੋਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਥਾਨਕ ਸਕੂਲ ਆਫ ਐਮੀਨੈਂਸ ਫਿਰੋਜ਼ਪੁਰ ਵਿਖੇ ਵਿਸ਼ਵ ਸਿਹਤ ਦਿਵਸ ਮੌਕੇ ਜਾਗਰੂਕਤਾ ਸੈਮੀਨਾਰ ਕੀਤਾ ਗਿਆ।ਸੈਮੀਨਾਰ ਦੌਰਾਨ ਸਕੂਲੀ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਨੇ ਕਿਹਾ ਕਿ ਸਿਹਤ ਵਿਭਾਗ ਵਲੋਂ ਇਸ ਸਾਲ "ਮੇਰੀ ਸਿਹਤ ਮੇਰਾ ਅਧਿਕਾਰ" ਥੀਮ ਤਹਿਤ ਵਿਸ਼ਵ ਸਿਹਤ ਦਿਵਸ ਮਨਾਇਆ ਜਾ ਰਿਹਾ ਹੈ।ਸਾਨੂੰ ਆਪਣੇ ਆਲੇ ਦੁਆਲੇ ਨੂੰ ਸਾਫ ਰੱਖਣਾ ਚਾਹੀਦਾ ਹੈ, ਪੋਲੀਥੀਨ ਦੀਆਂ ਥੈਲੀਆਂ ਦੀ ਵਰਤੋਂ ਕਰਨ ਉਪਰੰਤ ਪਲਾਸਟਿਕ ਦੇ ਸਹੀ ਨਿਪਟਾਰੇ ਦਾ ਪ੍ਰਬੰਧ ਕਰਨਾ ਚਾਹੀਦਾ ਹੈ। ਮੌਸਮੀ ਫਲ ਤੇ ਸਬਜ਼ੀਆਂ ਖਾਣੀਆਂ ਚਾਹੀਦੀਆਂ ਹਨ।ਨਰੋਈ ਸਿਹਤ ਲਈ ਜੰਕ ਫੂਡ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ।ਇਸ ਤੋਂ ਇਲਾਵਾ ਚੰਗੀ ਸਿਹਤ ਲਈ ਰੋਜ਼ਾਨਾ ਕਸਰਤ ਕਰਨੀ ਚਾਹੀਦੀ ਹੈ ਤੇ ਸਮੇਂ ਸਮੇਂ 'ਤੇ ਆਪਣਾ ਬਲੱਡ ਪ੍ਰੈਸ਼ਰ ਦਾ ਲੈਵਲ ਤੇ ਸ਼ੂਗਰ ਲੈਵਲ ਚੈੱਕ ਕਰਵਾਉਣਾ ਚਾਹੀਦਾ ਹੈ।ਇਸ ਮੌਕੇ ਡਿਪਟੀ ਮਾਸ ਮੀਡੀਆ ਅਫ਼ਸਰ ਸੰਦੀਪ ਵਾਲੀਆ ਨੇ ਮਲੇਰੀਆ ਤੇ ਡੇਂਗੂ ਤੋਂ ਬਚਾਅ ਲਈ ਮੱਛਰਾਂ ਦੀ ਰੋਕਥਾਮ ਕਰਨ ਦੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ।ਜਾਗਰੂਕਤਾ ਸੈਮੀਨਾਰ ਨੂੰ ਸਫ਼ਲ ਬਣਾਉਣ ਲਈ ਸਕੂਲ ਪ੍ਰਿੰਸੀਪਲ ਰਾਜੇਸ਼ ਮਹਿਤਾ, ਸਕੂਲ ਅਧਿਆਪਕਾ ਮਧੂ ਨੰਦਾ ਤੇ ਸੀਮਾ ਗਰਗ ਦਾ ਵਿਸ਼ੇਸ਼ ਸਹਿਯੋਗ ਰਿਹਾ।ਇਸ ਮੌਕੇ ਅਸ਼ੀਸ਼ ਭੰਡਾਰੀ ਵੀ ਹਾਜ਼ਰ ਸਨ।

ਪੰਜਾਬ ਕਾਨਵੈਂਟ ਸਕੂਲ 'ਚ ਨਵੇਂ ਸੈਸ਼ਨ ਦਾ ਆਗਾਜ਼

ਬਾਘਾ ਪੁਰਾਣਾ (ਮਨੀ ਸਿੰਗਲਾ)-ਇਲਾਕੇ ਦੀ ਨਾਮਵਰ ਸੰਸਥਾ ਪੰਜਾਬ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿੱਚ ਅੱਜ ਨਵੇਂ ਸੈਸ਼ਨ 2024-25 ਦਾ ਅਗਾਜ਼ ਕਰਦਿਆਂ ਸਕੂਲ ਵਿੱਚ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ।ਇਸ ਸਮੇਂ ਕੀਰਤਨੀ ਜਥੇ ਨੇ ਬੜੇ ਪਿਆਰੇ ਲਹਿਜੇ ਵਿੱਚ 'ਸੁਖਮਨੀ ਸਾਹਿਬ' ਦੀ ਮਹੱਤਤਾ ਦੱਸਦਿਆਂ ਵਿਦਿਆਰਥੀਆਂ ਨੂੰ ਬਹੁਤ ਚੰਗੀ ਸਿੱਖਿਆ ਦਿੱਤੀ।ਅੰਤ ਵਿੱਚ ਬੱਚਿਆਂ ਦੀ ਉਚੇਰੀ ਵਿੱਦਿਆ, ਤੰਦਰੁਸਤੀ ਤੇ ਚੰਗੇ ਭਵਿੱਖ ਲਈ ਅਰਦਾਸ ਕੀਤੀ ਗਈ।ਇਸ ਸਮੇਂ ਸਕੂਲ ਦੇ ਚੇਅਰਮੈਨ ਆਰ ਕੇ ਗੁਪਤਾ, ਡਾਇਰੈਕਟਰ ਅਜੇਪਾਲ ਸਿੰਘ, ਵਾਈਸ ਚੇਅਰਮੈਨ ਰਮਨ ਮਿੱਤਲ, ਮੈਂਬਰ ਪਰਮਜੀਤ ਸਿੰਘ, ਬਲਵਿੰਦਰ ਸਿੰਘ, ਮੈਡਮ ਰਜਨੀਸ਼ ਕੌਰ, ਪ੍ਰਿੰਸੀਪਲ ਮੈਡਮ ਨੀਲਿਮਾ ਤੇ ਸਾਰਾ ਸਟਾਫ ਸ਼ਾਮਲ ਸੀ।

ਆੜ੍ਹਤੀ ਐਸੋਸੀਏਸ਼ਨ ਨੇ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਅਨਾਜ ਮੰਡੀ ਵਿੱਚ ਅੱਜ ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਵੱਲੋਂ ਸਰਬੱਤ, ਆੜ੍ਹਤੀਆ, ਕਿਸਾਨਾਂ ਤੇ ਮਜ਼ਦੂਰਾਂ ਦੇ ਭਲੇ ਲਈ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਵਾਏ ਗਏ। ਇਸ ਮੌਕੇ ਹਜ਼ੂਰੀ ਰਾਗੀ ਭਾਈ ਮਨਪ੍ਰੀਤ ਸਿੰਘ ਦੇ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਸਮੇਂ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਆਈਆਂ ਸੰਗਤਾਂ ਦਾ ਧੰਨਵਾਦ ਪ੍ਰਗਟਾਉਂਦਿਆਂ ਕਿਹਾ ਕਿ ਸਮੂਹ ਆੜ੍ਹਤੀ ਇੱਕਜੁਟ ਹੋ ਕੇ ਹਮੇਸ਼ਾ ਸਮਾਜ ਸੇਵੀ, ਧਾਰਮਿਕ ਕਾਰਜਾਂ ਤੋਂ ਇਲਾਵਾ ਕਿਸਾਨਾਂ ਦੇ ਹਿੱਤਾਂ ਲਈ ਕੰਮ ਕਰਨਗੇ। ਧਾਰਮਿਕ ਸਮਾਗਮ ਵਿੱਚ ਸਰਪ੍ਰਸਤ ਗੁਰਨਾਮ ਸਿੰਘ ਨਾਗਰਾ, ਟਹਿਲ ਸਿੰਘ ਔਜਲਾ, ਕਰਨੈਲ ਸਿੰਘ ਢਿੱਲੋਂ, ਪ੍ਰਧਾਨ ਮੋਹਿਤ ਕੁੰਦਰਾ, ਸੀਨੀਅਰ ਮੀਤ ਪ੍ਰਧਾਨ ਜੈਦੀਪ ਕਾਹਲੋਂ, ਸ਼ਸ਼ੀ ਭਾਟੀਆ, ਹਰਵਿੰਦਰ ਸਿੰਘ, ਮੀਤ ਪ੍ਰਧਾਨ ਰਾਜੀਵ ਕੌਸ਼ਲ, ਜਨਰਲ ਸਕੱਤਰ ਨਿਤਿਨ ਜੈਨ, ਜੁਆਇੰਟ ਸਕੱਤਰ ਬਲਵਿੰਦਰ ਸਿੰਘ ਮਾਨ, ਕੈਸ਼ੀਅਰ ਸੰਦੀਪ ਸੂਦ ਤੋਂ ਇਲਾਵਾ ਮਾਰਕੀਟ ਕਮੇਟੀ ਦੇ ਸਕੱਤਰ ਮਨਜਿੰਦਰ ਸਿੰਘ, ਸਾਬਕਾ ਚੇਅਰਮੈਨ ਦਰਸ਼ਨ ਕੁੰਦਰਾ, ਸਾਬਕਾ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ, ਆੜ੍ਹਤੀ ਐਸੋ. ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਅਰਵਿੰਦਰਪਾਲ ਸਿੰਘ ਵਿੱਕੀ, ਐਡਵੋਕੇਟ ਕਪਿਲ ਆਨੰਦ, ਗੁਰਜੀਤ ਸਿੰਘ ਮਿੱਠੇਵਾਲ, ਪਰਮਿੰਦਰ ਸਿੰਘ ਗੁਲਿਆਣੀ, ਰਾਜਵਿੰਦਰ ਸਿੰਘ ਸੈਣੀ, ਸੁਰਿੰਦਰ ਬਾਂਸਲ, ਅਸ਼ੋਕ ਸੂਦ, ਪ੍ਰਿੰਸ ਮਿੱਠੇਵਾਲ, ਤੇਜਿੰਦਰਪਾਲ ਡੀ ਸੀ, ਵਿਨੀਤ ਜੈਨ, ਅਸ਼ਵਨੀ ਸਿੰਗਲਾ, ਹਰਕੇਸ਼ ਨਹਿਰਾ, ਅਮਿਤ ਭਾਟੀਆ ਤੇ ਅਕਾਊਂਟੈਂਟ, ਮਜ਼ਦੂਰ ਤੇ ਮੁਲਾਜ਼ਮ ਮੌਜੂਦ ਸਨ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਮਾਡਰਨ ਕਾਲਜ 'ਚ ਵਿਸ਼ਵ ਸਿਹਤ ਦਿਵਸ ਮਨਾਇਆ

ਚੀਮਾ ਮੰਡੀ (ਰਵਿੰਦਰ ਚੀਮਾ)-ਮਾਡਰਨ ਕਾਲਜ ਬੀਰ ਕਲਾਂ (ਸੰਗਰੂਰ) ਵਿਖੇ ਪ੍ਰਿੰਸੀਪਲ ਡਾ. ਵੀ. ਕੇ. ਰਾਏ ਤੇ ਸਮੂਹ ਸਟਾਫ ਦੀ ਅਗਵਾਈ ਹੇਠ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ।ਕਾਲਜ ਦੇ ਪ੍ਰਿੰਸੀਪਲ ਨੇ ਵਿਸ਼ਵ ਸਿਹਤ ਦਿਵਸ ਮੌਕੇ ਵਿੱਦਿਆਰਥੀਆਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਿਸੇ ਵਿਅਕਤੀ ਦੇ ਜੀਵਨ ਦਾ ਸਭ ਤੋਂ ਮਹੱਤਵਪੂਰਨ ਪਹਿਲੂ ਉਸ ਦੀ ਸਿਹਤ ਹੈ, ਜੋ ਉਸ ਦੇ ਜੀਵਨ ਦੀ ਗੁਣਵੱਤਾ ਨੂੰ ਨਿਰਧਾਰਤ ਕਰਦੀ ਹੈ।ਵਿਸ਼ਵ ਸਿਹਤ ਦਿਵਸ ਹਰ ਸਾਲ 7 ਅਪ੍ਰੈਲ ਨੂੰ ਦੁਨੀਆ ਭਰ ਵਿੱਚ ਤੰਦਰੁਸਤੀ ਤੇ ਸਿਹਤਮੰਦ ਜੀਵਨ ਨੂੰ ਉਤਸ਼ਾਹਤ ਕਰਨ ਲਈ ਮਨਾਇਆ ਜਾਂਦਾ ਹੈ।ਵਿਸ਼ਵ ਸਿਹਤ ਦਿਵਸ ਲੋਕਾਂ ਨੂੰ ਮਿਆਰੀ ਜੀਵਨ ਜਿਊਣ ਲਈ ਆਪਣੀ ਸਿਹਤ ਦਾ ਧਿਆਨ ਰੱਖਣ ਬਾਰੇ ਜਾਣਕਾਰੀ ਦੇਣ ਲਈ ਮਨਾਇਆ ਜਾਂਦਾ ਹੈ।ਇਹ ਵਿਸ਼ਵ ਸਿਹਤ ਦਿਵਸ ਦੀ ਸਥਾਪਨਾ ਦੀ ਨਿਸ਼ਾਨਦੇਹੀ ਕਰਦਾ ਹੈ ਤੇ ਵਿਸ਼ਵਵਿਆਪੀ ਸਿਹਤ ਦਾ ਪ੍ਰਚਾਰ ਕਰਨ ਲਈ ਵਿਸ਼ਵਵਿਆਪੀ ਧਿਆਨ ਖਿੱਚਣ ਦੇ ਮੌਕੇ ਵਜੋਂ ਕੰਮ ਕਰਦਾ ਹੈ।ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਸਲ ਨੇ ਦੱਸਿਆ ਕਿ ਸਿਹਤ ਸਭ ਤੋਂ ਮਹੱਤਵਪੂਰਨ ਚੀਜ਼ ਹੈ ਤੇ ਸਾਨੂੰ ਉਦੋਂ ਤੱਕ ਇਸ ਦਾ ਅਹਿਸਾਸ ਨਹੀਂ ਹੁੰਦਾ, ਜਦੋਂ ਤੱਕ ਅਸੀਂ ਇਸ ਨੂੰ ਗੁਆ ਨਹੀਂ ਦਿੰਦੇ।ਆਓ ਅਸੀਂ ਇਸ ਦੀ ਚੰਗੀ ਦੇਖਭਾਲ ਕਰੀਏ।

ਸਾਢੂਵਾਲਾ ਦੇ ਪ੍ਰਾਇਮਰੀ ਸਕੂਲ 'ਚ ਬੱਚਿਆਂ ਨੂੰ ਬੈਗ ਤੇ ਟਿਫਨ ਦਿੱਤੇ

ਮੋਗਾ (ਇਕਬਾਲ ਸਿੰਘ ਖਹਿਰਾ)-ਸਰਕਾਰੀ ਪ੍ਰਾਇਮਰੀ ਸਕੂਲ ਸਾਢੂਵਾਲਾ ਵਿੱਚ ਪੜ੍ਹਦੇ ਸਾਰੇ ਐੱਲ.ਕੇ.ਜੀ. ਤੇ ਨਰਸਰੀ ਅਤੇ ਪਹਿਲੀ ਕਲਾਸ ਤੋਂ ਲੈ ਕੇ ਪੰਜਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਨੂੰ ਨਵਾਂ ਸੈਸ਼ਨ ਸ਼ੁਰੂ ਹੁੰਦਿਆਂ ਹੀ ਸਮਾਜ ਸੇਵੀ ਗੁਰਮੀਤ ਸਿੰਘ ਸਰਪੰਚ ਸਾਢੂਵਾਲਾ, ਜਸਪ੍ਰੀਤ ਕੌਰ ਨੇ ਸਕੂਲ ਬੈਗ ਆਪਣੇ ਪਰਵਾਰ ਵੱਲੋਂ ਵੰਡੇ। ਨਾਲ ਹੀ ਸਕੂਲ ਦੇ ਬੱਚਿਆਂ ਲਈ ਖਾਣੇ ਲਈ ਟਿਫਨ ਵੀ ਤਕਸੀਮ ਕੀਤੇ, ਤਾਂ ਕਿ ਬੱਚਿਆਂ ਦਾ ਉਤਸ਼ਾਹ ਚੰਗੀ ਵਿੱਦਿਆ ਵੱਲ ਵਧੇ ਤੇ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ 'ਚ ਵਾਧਾ ਹੋਵੇ ਅਤੇ ਵਧੀਆ ਸਿੱਖਿਆ ਲੈ ਪ

5-Aril-PAGE-11-Majha-24.qxd 4/7/2024 10:29 PM Page 1

30 ਲੱਖ ਰੁਪਏ ਦੀ ਭਾਰਤੀ ਜਾਅਲੀ ਕਰੰਸੀ ਸਮੇਤ ਪਤੀ-ਪਤਨੀ ਕਾਬੂ

* ਪ੍ਰਿੰਟਰ, ਲੈਮੀਨੇਸ਼ਨ ਮਸ਼ੀਨ ਤੇ ਕਰੰਸੀ ਬਣਾਉਣ ਵਾਲੇ ਪੇਪਰਾਂ ਦੇ ਬੰਡਲ ਵੀ ਕੀਤੇ ਬਰਾਮਦ

ਬਟਾਲਾ, (ਡਾ. ਮਲਵਿੰਦਰ ਸਿੰਘ)- ਐੱਸਐੱਸਪੀ ਬਟਾਲਾ ਮੈਡਮ ਅਸ਼ਵਨੀ ਗੁਟਿਆਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਲੋਕ ਸਭਾ ਚੋਣਾਂ 2024 ਨੂੰ ਮੁੱਖ ਰੱਖਦਿਆਂ ਮਾੜੇ ਅਨਸਰਾਂ ਖਿਲਾਫ ਸਖ਼ਤ ਮੁਹਿੰਮ ਵਿੱਢੀ ਗਈ ਹੈ, ਜਿਸ ਦੇ ਚੱਲਦਿਆਂ ਪੁਲਸ ਜਿਲ੍ਹਾ ਬਟਾਲਾ ਨੂੰ ਵੱਡੀ ਕਾਮਯਾਬੀ ਮਿਲੀ ਹੈ।ਪੁਲਸ ਲਾਈਨ ਬਟਾਲਾ ਵਿਖੇ ਕੀਤੀ ਪ੍ਰੈੱਸ ਕਾਨਫਰੰਸ ਵਿੱਚ ਮੈਡਮ ਅਸ਼ਵਨੀ ਗੋਟਿਆਲ, ਐੱਸਐੱਸਪੀ ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਅੱਜ ਬਲਜਿੰਦਰ ਸਿੰਘ ਡੀ. ਐੱਸ. ਪੀ. (ਡੀ) ਬਟਾਲਾ ਦੀ ਅਗਵਾਈ ਵਿੱਚ ਇੰਚਾਰਜ ਸੀਆਈਏ ਸਟਾਫ ਬਟਾਲਾ ਅਤੇ ਮੁੱਖ ਅਫਸਰ ਥਾਣਾ ਸਦਰ ਬਟਾਲਾ ਦੀਆਂ ਟੀਮਾਂ ਵੱਲੋਂ ਪਿੰਡ ਸੈਦ ਮੁਬਾਰਕ ਨਾਕਾਬੰਦੀ ਦੌਰਾਨ ਸੁਖਬੀਰ ਸਿੰਘ ਉਰਵ ਸੁੱਖਾ ਪੁੱਤਰ ਤਾਰਾ ਸਿੰਘ ਵਾਸੀ ਪਿੰਡ ਭੱਟੀ ਕੇ ਥਾਣਾ ਤਰਸਿੱਕਾ ਅੰਮ੍ਰਿਤਸਰ ਅਤੇ ਗੁਰਿੰਦਰ ਕੌਰ ਉਰਫ ਸੋਨੀਆ ਪਤਨੀ ਸੁਖਬੀਰ ਸਿੰਘ ਵਾਸੀ ਪਿੰਡ ਭੱਟੀ ਕੇ ਥਾਣਾ ਤਰਸਿੱਕਾ ਅੰਮ੍ਰਿਤਸਰ ਨੂੰ ਗੱਡੀ ਨੰਬਰ 2 02 02 4➡ 3808 ਰੰਗ ਕਾਲਾ ਮਾਰਕਾ ਵਰਨਾ ਨੂੰ ਕਾਬੂ ਕੀਤਾ ਗਿਆ। ਐੱਸਐੱਸਪੀ ਬਟਾਲਾ ਨੇ ਅੱਗੇ ਦੱਸਿਆ ਕਿ ਉਨ੍ਹਾਂ ਦੇ ਕਬਜ਼ੇ ਵਿੱਚੋਂ 30 ਲੱਖ ਰੁਪਏ ਦੀ ਭਾਰਤੀ ਜਾਅਲੀ ਕਾਰੰਸੀ, ਪ੍ਰਿੰਟਰ, ਲੈਮੀਨੇਸ਼ਨ ਮਸ਼ੀਨ, ਜਾਅਲੀ ਕਾਰੰਸੀ ਬਣਾਉਣ ਵਾਲੇ ਪੇਪਰਾਂ ਦੇ ਬੰਡਲ, ਜਾਅਲੀ ਕਾਰੰਸੀ ਵਿਚ ਪਾਉਣ ਵਾਲੇ ਤਾਰ ਦੇ ਰੋਲ, ਸਟਾਰਚ ਪਾਊਡਰ ਕਾਰੰਸੀ ਨੂੰ ਮੁਲਾਇਮ ਕਰਨ ਵਾਸਤੇ ਅਤੇ ਗੱਡੀ ਨੰਬਰ 2 02 02 4W 3808 ਰੰਗ ਕਾਲਾ ਮਾਰਕਾ ਵਰਨਾ ਅਤੇ ਇੱਕ ਗੱਡੀ ਅਲਕਾਜਾਰ ਨੰਬਰੀ 2 89 8711 ਆਦਿ ਬਰਾਮਦ ਕੀਤੀ ਗਈ। ਦੋਸ਼ੀਆਂ ਦੇ ਖਿਲਾਫ ਮੁਕੱਦਮਾ ਨੰਬਰ 39 ਮਿਤੀ 04-04-2024 ਜੁਰਮ 489 1 , 489 2, 489 3 9P3 ਥਾਣਾ ਸਦਰ ਬਟਾਲਾ ਦਰਜ ਕੀਤਾ ਗਿਆ ਹੈ।ਦੋਸ਼ੀਆਂ ਦਾ ਪੁਲਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਜਿਸ ਨਾਲ ਹੋਰ ਵੀ ਖੁਲਾਸੇ ਹੋ ਸਕਦੇ ਹਨ।ਸੁਖਬੀਰ ਸਿੰਘ ਉਰਫ ਸੁੱਖਾ ਅਤੇ ਗੁਰਿੰਦਰ ਕੌਰ ਉਰਫ ਸੋਨੀਆ ਦੇ ਖਿਲਾਫ ਪਹਿਲਾਂ ਤੋਂ ਵੀ ਵੱਖ-ਵੱਖ ਮੁਕੱਦਮੇ ਦਰਜ ਹਨ ।

ਸ੍ਰੀ ਗੁਰੂ ਹਰਿਰਾਇ ਸਾਹਿਬ ਦਾ ਗੁਰਗੱਦੀ ਦਿਵਸ ਮਨਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ।ਇਸ ਸਬੰਧ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਭੁਪਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਦਾ ਰਸ-ਭਿੰਨਾ ਕੀਰਤਨ ਕੀਤਾ।ਅਰਦਾਸ ਭਾਈ ਸਰਵਣ ਸਿੰਘ ਨੇ ਅਰਦਾਸ ਕੀਤੀ ਅਤੇ ਪਾਵਨ ਹੁਕਮਨਾਮਾ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਸਰਵਣ ਕਰਵਾਇਆ।ਉਨ੍ਹਾਂ ਸੰਗਤ ਨਾਲ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਜੀਵਨ ਇਤਿਹਾਸ ਵਿਚਾਰ ਕਰਦਿਆਂ ਗੁਰੂ ਸਾਹਿਬ ਜੀ ਦੇ ਗੁਰਗੱਦੀ ਦਿਵਸ ਦੀ ਵਧਾਈ ਦਿੱਤੀ।ਭਾਈ ਹਰਮਿੱਤਰ ਸਿੰਘ ਨੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਣਾ ਕਰਦਿਆਂ ਕਿਹਾ ਕਿ ਕੁਦਰਤੀ ਵਾਤਾਵਰਨ ਨੂੰ ਉਤਸ਼ਾਹਤ ਕਰਨ ਲਈ ਗੁਰੂ ਸਾਹਿਬ ਦਾ ਜੀਵਨ ਪ੍ਰੇਰਣਾ ਸਰੋਤ ਹੈ, ਜਿਸ ਤੋਂ ਸੇਧ ਪ੍ਰਾਪਤ ਕਰਕੇ ਸਾਨੂੰ ਆਪਣੇ ਚੌਗਿਰਦੇ ਅੰਦਰ ਹਰਿਆਵਲ ਪੈਦਾ ਕਰਨ ਲਈ ਯਤਨ ਕਰਨੇ ਚਾਹੀਦੇ ਹਨ।ਇਸ ਮੌਕੇ ਮੈਨੇਜਰ ਜਗਤਾਰ ਸਿੰਘ ਸ਼ਹੂਰਾ, ਮੀਤ ਮੈਨੇਜਰ ਗੁਰਤਿੰਦਰਪਾਲ ਸਿੰਘ ਅਤੇ ਸੰਗਤਾਂ ਮੌਜੂਦ ਸਨ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ 49ਵੀਂ ਸਾਲਾਨਾ ਕਾਨਵੋਕੇਸ਼ਨ

* ਸਮੱਸਿਆਵਾਂ ਦੀ ਜੜ੍ਹ ਚਰਿੱਤਰ ਦਾ ਸੰਕਟ: ਬਨਵਾਰੀਲਾਲ ਪੁਰੋਹਿਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਪੰਜਾਬ ਦੇ ਰਾਜਪਾਲ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕੁਲਪਤੀ ਬਨਵਾਰੀਲਾਲ ਪੁਰੋਹਿਤ ਨੇ ਕਿਹਾ ਹੈ ਕਿ ਵਿਦਿਆਰਥੀਆਂ ਨੂੰ ਸਮਰਪਣ ਨਾਲ ਆਪਣਾ ਫਰਜ਼ ਨਿਭਾਉਂਦੇ ਹੋਏ ਚੰਗੇ ਪੇਸ਼ੇਵਰ ਅਤੇ ਮਨੁੱਖ ਬਣਨਾ ਚਾਹੀਦਾ ਹੈ।ਭਾਰਤੀ ਸਿੱਖਿਆ ਦੇ ਇਸ ਮੰਤਰ ਨੂੰ ਕਿ 'ਸਿੱਖਿਆ ਲਈ ਆਓ ਸੇਵਾ ਲਈ ਜਾਓ', ਨੂੰ ਦੁਹਰਾਉਂਦਿਆਂ ਕਿਹਾ ਕਿ ਤੁਸੀਂ ਵਿੰਦਿਆ ਪ੍ਰਾਪਤ ਕਰਨ ਲਈ ਯੂਨੀਵਰਸਿਟੀ 'ਚ ਆਏ ਸੀ ਹੁਣ ਤੁਸਾਂ ਯੂਨੀਵਰਸਿਟੀ ਤੋਂ ਪ੍ਰਾਪਤ ਕੀਤੇ ਗਏ ਗਿਆਨ ਨੂੰ ਸਮਾਜ ਅਤੇ ਦੇਸ਼ ਦੀ ਸੇਵਾ ਲਈ ਵਰਤਣਾ ਹੈ।ਉਹ ਅੱਜ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਆਯੋਜਿਤ 49ਵੀਂ ਸਾਲਾਨਾ ਕਾਨਵੋਕੇਸ਼ਨ ਮੌਕੇ ਮੁੱਖ ਮਹਿਮਾਨ ਦੇ ਤੌਰ 'ਤੇ ਇਥੇ ਪੁੱਜੇ ਸਨ।ਉਨ੍ਹਾਂ ਨੇ ਯੂਨੀਵਰਸਿਟੀ ਦੇ ਗੋਲਡਨ ਜੁਬਲੀ ਕਨਵੈਨਸ਼ਨ ਹਾਲ ਵਿਖੇ ਡਿਗਰੀਆਂ ਪ੍ਰਾਪਤ ਕਰਨ ਆਏ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਨੈਤਿਕ ਕਦਰਾਂ-ਕੀਮਤਾਂ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਤੁਸੀਂ ਜੋ ਵੀ ਕਰੋ, ਤੁਸੀਂ ਜਿੱਥੇ ਵੀ ਜਾਓ, ਹਮੇਸ਼ਾ ਸੱਚ ਦੇ ਮਾਰਗ ਉੱਤੇ ਚੱਲਣ ਦਾ ਪ੍ਰਣ ਕਰਨਾ ਹੈ। ਇਸ ਮੌਕੇ ਪੀਐੱਚ. ਡੀ., ਪੋਸਟ ਗਰੈਜੂਏਟ ਅਤੇ ਅੰਡਰ ਗਰੈਜੂਏਟ ਦੀਆਂ 370 ਡਿਗਰੀਆਂ ਅਤੇ 171 ਮੈਡਲ ਵੱਖ ਵੱਖ ਫੈਕਲਟੀ ਦੇ ਵਿਦਿਆਰਥੀਆਂ-ਖੋਜਾਰਥੀਆਂ ਨੂੰ ਪ੍ਰਦਾਨ ਕੀਤੇ ਗਏ।ਪ੍ਰਸਿੱਧ ਗੀਤਕਾਰ, ਕਵੀ, ਲੇਖਕ, ਪਟਕਥਾ ਲੇਖਕ, ਫਿਲਮ ਨਿਰਦੇਸ਼ਕ ਅਤੇ ਨਿਰਮਾਤਾ ਵਜੋਂ ਆਪਣੇ ਯੋਗਦਾਨ ਲਈ ਜਾਣੇ ਜਾਂਦੇ ਨਾਮਵਰ ਬਾਲੀਵੁੱਡ ਸ਼ਖਸੀਅਤ, ਗੁਲਜ਼ਾਰ (ਸ. ਸੰਪੂਰਨ ਸਿੰਘ ਕਾਲੜਾ) ਨੂੰ ਭਾਸ਼ਾਵਾਂ ਫੈਕਲਟੀ ਵਿੱਚ ਆਨਰਜ਼ ਕਾਜ਼ਾ ਡਾਕਟਰੇਟ ਡਿਗਰੀ ਆਫ ਲਿਟਰੇਚਰ ਨਾਲ ਸਨਮਾਨਿਤ (ਆਨਲਾਈਨ) ਕੀਤਾ ਗਿਆ।ਪ੍ਰੋ. ਯੋਗੇਸ਼ ਕੇ. ਚਾਵਲਾ, ਸਾਬਕਾ ਡਾਇਰੈਕਟਰ ਅਤੇ ਐਮਰੀਟਸ ਪ੍ਰੋਫੈਸਰ, ਅਤੇ ਪੀਜੀਆਈਐਮਈਆਰ, ਚੰਡੀਗੜ੍ਹ ਵਿਖੇ ਹੈਪੇਟੋਲੋਜੀ ਵਿਭਾਗ ਦੇ ਸਾਬਕਾ ਪ੍ਰੋਫੈਸਰ ਅਤੇ ਮੁਖੀ ਨੂੰ ਮੈਡੀਕਲ ਸਾਇੰਸਜ਼ ਫੈਕਲਟੀ ਵਿੱਚ ਸਾਇੰਸ ਦੀ ਆਨਰਜ਼ ਕਾਜ਼ਾ ਡਾਕਟਰੇਟ ਡਿਗਰੀ ਨਾਲ ਸਨਮਾਨਿਤ ਕੀਤਾ ਗਿਆ।ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼, ਫਰੀਦਕੋਟ ਦੇ ਵਾਈਸ ਚਾਂਸਲਰ, ਪ੍ਰੋ. ਰਾਜੀਵ ਸੂਦ ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਸਨ। ਇਸ ਤੋਂ ਪਹਿਲਾਂ ਵਾਈਸ-ਚਾਂਸਲਰ, ਪ੍ਰੋਫੈਸਰ ਜਸਪਾਲ ਸਿੰਘ ਸੰਧੂ ਨੇ ਪੰਜਾਬ ਦੇ ਮਾਨਯੋਗ ਰਾਜਪਾਲ ਬਨਵਾਰੀਲਾਲ ਪੁਰੋਹਿਤ ਦਾ ਇੱਥੇ ਪੁੱਜਣ 'ਤੇ ਨਿੱਘਾ ਸਵਾਗਤ ਕੀਤਾ ਅਤੇ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ।

ਭਾਰਤ ਵਿਕਾਸ ਪ੍ਰੀਸ਼ਦ ਦੀਨਾਨਗਰ ਵੱਲੋਂ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਲਗਾਇਆ ਗਿਆ

ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਭਾਰਤ ਵਿਕਾਸ ਪ੍ਰੀਸ਼ਦ, ਦੀਨਾਨਗਰ ਨੇ ਟੈਗੋਰ ਹਸਪਤਾਲ ਅਤੇ ਹਾਰਟ ਕੇਅਰ ਸੈਂਟਰ ਦੇ ਸਹਿਯੋਗ ਨਾਲ ਮਹੋਤਰਾ ਬਿਰਾਦਰੀ ਮੇਲੇ ਵਾਲੀ ਥਾਂ 'ਤੇ ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ।ਕੈਂਪ ਦੀ ਸ਼ੁਰੂਆਤ ਪਹਿਲੀ ਜੋਤ ਜਗਾ ਕੇ ਕੀਤੀ ਗਈ।

ਕੌਂਸਲ ਵੱਲੋਂ ਦੱਸਿਆ ਗਿਆ ਕਿ ਕੈਂਪ ਵਿੱਚ ਦਿਲ ਦੇ ਰੋਗਾਂ ਦੇ ਮਾਹਿਰ ਡਾ: ਰਾਹੁਲ ਗੰਡੋਤਰਾ, ਦਿਮਾਗ਼ੀ ਬਿਮਾਰੀਆਂ ਦੇ ਮਾਹਿਰ ਡਾ: ਮਨਵਿੰਦਰ ਸੱਪਲ, ਹੱਡੀਆਂ ਅਤੇ ਜੋੜਾਂ ਦੇ ਰੋਗਾਂ ਦੇ ਮਾਹਿਰ ਡਾ: ਸੌਰਵ ਕੋਹਲੀ, ਡਾ: ਰਾਜੇਸ਼ ਗੋਇਲ, ਰੋਗਾਂ ਦੇ ਮਾਹਿਰ ਡਾ. ਪੇਟ ਅਤੇ ਜਿਗਰ ਦੇ ਰੋਗਾਂ ਦੇ ਮਾਹਿਰ ਡਾ: ਅਮਿਤ ਵਰਮਾ, ਪੱਥਰੀ ਅਤੇ ਪਿਸ਼ਾਬ ਰੋਗਾਂ ਦੇ ਮਾਹਿਰ ਡਾ: ਰੁਬਲ ਧਨੁਕਾ, ਲੇਜ਼ਰ ਅਤੇ ਚਮੜੀ ਰੋਗਾਂ ਦੇ ਮਾਹਿਰ, ਸੀਨੀਅਰ ਮੈਡੀਕਲ ਅਫ਼ਸਰ ਡਾ: ਇਕਬਾਲ ਸ਼ਰਮਾ, ਮੈਡੀਕਲ ਅਫ਼ਸਰ ਡਾ: ਪ੍ਰਿਆ, ਮੈਡੀਕਲ ਅਫ਼ਸਰ ਡਾ: ਉਰਸ਼ਿਤਾ ਅਤੇ ਮੈਡੀਕਲ ਡਾ. ਅਧਿਕਾਰੀ ਡਾ: ਸ਼ਾਲਿਨੀ ਮਰੀਜ਼ਾਂ ਦੀ ਦੇਖਭਾਲ ਕਰ ਰਹੇ ਹਨ। ਇਸ ਤੋਂ ਇਲਾਵਾ ਕੈਂਪ ਵਿੱਚ ਈਸੀਜੀ., ਬਲੱਡ ਸ਼ੂਗਰ ਟੈਸਟ, ਨਰਵ ਟੈਸਟ, ਬੋਨ ਡੈਨਸਿਟੀ ਟੈਸਟ, ਬਲੱਡ ਪ੍ਰੈਸ਼ਰ ਟੈਸਟ ਕੀਤਾ ਜਾਵੇਗਾ, ਜਦਕਿ ਲੋੜ ਅਨੁਸਾਰ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਇਸ ਕੈਂਪ ਵਿੱਚ 375 ਮਰੀਜ਼ਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਪ੍ਰੋਜੈਕਟ ਇੰਚਾਰਜ ਰਾਧੇ ਸ਼ਿਆਮ ਮਹਾਜਨ ਨੇ ਕਿਹਾ ਕਿ ਅਜਿਹੇ ਕੈਂਪ ਲਗਾ ਕੇ ਲੋਕਾਂ ਨੂੰ ਕਾਫੀ ਲਾਭ ਮਿਲਦਾ ਹੈ।ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ।ਡਾ: ਹਰੀਦੇਵ ਅਗਨੀਹੋਤਰੀ ਨੇ ਕਿਹਾ ਕਿ ਭਾਰਤ ਵਿਕਾਸ ਪ੍ਰੀਸ਼ਦ ਬਹੁਤ ਵਧੀਆ ਕੰਮ ਕਰ ਰਹੀ ਹੈ, ਜਿਸ ਦੀ ਸ਼ਲਾਘਾ ਕੀਤੀ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਮਾਨਵ ਸੇਵਾ ਤੋਂ ਵੱਡੀ ਹੋਰ ਕੋਈ ਸੇਵਾ ਨਹੀਂ ਹੈ। ਸਾਰਿਆਂ ਨੂੰ ਇਸ ਵਿੱਚ ਹਿੱਸਾ ਲੈਣਾ ਚਾਹੀਦਾ ਹੈ।

ਡਾ: ਕੇਵਲ ਕ੍ਰਿਸ਼ਨ ਨੇ ਕਿਹਾ ਕਿ ਪ੍ਰੀਸ਼ਦ ਅਜਿਹੇ ਨੇਕ ਕਾਰਜਾਂ ਵਿੱਚ ਹਮੇਸ਼ਾ ਯੋਗਦਾਨ ਪਾਉਂਦੀ ਹੈ।ਕੌਂਸਲ ਪਿਛਲੇ ਕਈ ਸਾਲਾਂ ਤੋਂ ਇਸ ਨੇਕ ਕਾਰਜ ਵਿੱਚ ਯੋਗਦਾਨ ਪਾ ਰਹੀ ਹੈ।ਇਸ ਕੈਂਪ ਵਿੱਚ ਭੋਜਨ, ਪਾਣੀ ਅਤੇ ਟੈਂਟ ਦਾ ਸਾਰਾ ਪ੍ਰਬੰਧ ਮਹੋਤਰਾ ਸਮਾਜ ਦੇ ਮੁਖੀ ਵਿਜੇ ਮਹਾਜਨ ਵੱਲੋਂ ਕੀਤਾ ਗਿਆ

।ਇਸ ਉਪਰੰਤ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਨੋਦ ਸ਼ਰਮਾ, ਮੋਹਿਤ ਅਗਰਵਾਲ, ਨਵਨੀਤ ਸ਼ਰਮਾ ਜਨਰਲ ਸਕੱਤਰ ਪੰਜਾਬ, ਰਾਜੇਸ਼ ਸ਼ਰਮਾ, ਇੰਦਰਜੀਤ ਸਿੰਘ ਬਾਜਵਾ, ਵਿਜੇ ਕਾਂਸਰਾ, ਜਤਿੰਦਰ ਮਹਾਜਨ, ਨਿਪਿਨ ਮਹਾਜਨ, ਅਸ਼ੋਕ ਮਹਾਜਨ, ਮਾਨਵ ਮਹਾਜਨ ਸੰਜੀਵ ਕੁਮਾਰ, ਮਹਿੰਦਰ ਪਾਲ ਟਾਪ, ਡਾ: ਰਾਜੇਸ਼ ਤ੍ਰਿਖਾ, ਯਸ਼ੂਦੀਪ ਅਗਰਵਾਲ, ਸਾਬਕਾ ਪ੍ਰਧਾਨ ਰਾਕੇਸ਼ ਮਹਾਜਨ, ਵਿਜੇ ਕਾਂਸਰਾ, ਭਾਰਤ ਭੂਸ਼ਣ ਜੁਗੀਆਣਾ, ਨਵੀਨ ਮਹਾਜਨ, ਨਰੋਤਮ ਗੋਇਲ, ਡਾ: ਸਤਨਾਮ ਸਿੰਘ, ਰਮੇਸ਼ ਮਹਾਜਨ ਆਦਿ ਹਾਜ਼ਰ ਸਨ ।

ਸ਼ਿਵ ਮੰਦਰ 'ਚ ਮਾਤਾ ਵੈਸ਼ਨੋ ਦੇਵੀ ਦੇ ਨਵਰਾਤਰੇ ਭਲਕ ਤੋਂ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸਥਾਨਕ ਸ਼ਹਿਰ ਅਜਨਾਲਾ ਦੇ ਸ਼ਿਵ ਮੰਦਰ ਵਿਖੇ 9 ਅਪ੍ਰੈਲ ਮੰਗਲਵਾਰ ਤੋਂ ਸ਼ੁਰੂ ਹੋ ਰਹੇ ਮਾਤਾ ਵੈਸ਼ਨੋ ਦੇਵੀ ਜੀ ਦੇ ਨਵਰਾਤਰੇ 17 ਤਰੀਕ ਤੱਕ ਬੜੀ ਸ਼ਰਧਾ ਭਾਵਨਾ ਨਾਲ ਮਨਾਏ ਜਾਣਗ। 9 ਤਰੀਕ ਤੋਂ ਲੈ ਕੇ 17 ਤਰੀਕ ਤੱਕ ਸ਼ਿਵ ਮੰਦਰ ਵਿਖੇ ਸਵੇਰੇ 4 ਵਜੇ ਤੋਂ ਲੈ ਕੇ 6 ਵਜੇ ਤੱਕ ਦੁਰਗਾ ਸਤੁਤੀ ਦੇ ਪਾਠ ਹੋਣਗੇ।ਰਾਮ ਨੌਮੀ ਵਾਲੇ ਦਿਨ ਸਵੇਰੇ ਹਮਨ ਯੱਗ ਕਰਵਾਇਆ ਜਾਵੇਗਾ ਅਤੇ ਦੁਪਹਿਰ ਦੇ 12 ਵਜੇ ਪ੍ਰਭੂ ਸ਼੍ਰੀ ਰਾਮ ਚੰਦਰ ਮਹਾਰਾਜ ਜੀ ਦਾ ਜਨਮ ਦਿਹਾੜਾ ਮਨਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਸ਼ਿਵ ਮੰਦਰ ਦੇ ਪੰਡਿਤ ਮੋਹਣ ਸ਼ਾਮ ਵਿਆਸ ਨੇ ਸਾਂਝੀ ਕੀਤੀ।ਉਨ੍ਹਾਂ ਕਿਹਾ ਕੀ 23 ਅਪ੍ਰੈਲ ਨੂੰ ਸ਼੍ਰੀ ਹਨੂੰਮਾਨ ਜੀ ਦਾ ਜਨਮ ਦਿਹਾੜਾ ਵੀ ਬੜੀ ਧੂਮਧਾਮ ਦੇ ਨਾਲ ਮਨਾਇਆ ਜਾਵੇਗਾ। ਸ਼ਾਮ ਅੱਠ ਤੋਂ ਲੈ ਕੇ ਰਾਤ 10 ਵਜੇ ਤੱਕ ਪਾਠ ਦੇ ਜਾਪ ਹੋਣਗੇ।ਉਪਰੰਤ ਲੰਗਰ ਭੰਡਾਰਾ ਵੀ ਅਤੁਟ ਵਰਤਾਇਆ ਜਾਵੇਗਾ।

ਰਾਮ ਤੀਰਥ ਮੰਦਰ ਖਾਨਮਲੱਕ ਵਿਖੇ ਸਾਲਾਨਾ ਜੋੜ ਮੇਲੇ 'ਤੇ ਧਾਰਮਿਕ ਸਮਾਗਮ ਕਰਵਾਇਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਿੰਡ ਖਾਨਮਲੱਕ ਦੇ ਬਾਹਰਵਾਰ ਸਥਿਤ ਇਤਿਹਾਸਕ ਮੰਦਿਰ ਛੋਟਾ ਰਾਮ ਤੀਰਥ ਵਿਖੇ ਸਲਾਨਾ ਜੋੜ ਮੇਲਾ ਪਿੰਡ ਨਿਵਾਸੀਆਂ ਅਤੇ ਇਲਾਕੇ ਦੀਆਂ ਸੰਗਤਾਂ ਸ਼ੁਰੂ ਹੋਇਆ।ਇਸ ਸਬੰਧੀ ਮੰਦਿਰ ਵਿੱਚ ਪਵਿੱਤਰ ਰਮਾਇਣ ਦੇ ਪਾਠ ਦੇ ਭੋਗ ਪਾਏ ਗਏ। ਮੰਦਿਰ ਕੋਲ ਸਥਿਤ ਗੁਰਦੁਆਰਾ ਰਾਮ ਤੀਰਥ ਸਾਹਿਬ ਵਿੱਚ ਰੱਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਬਾਬਾ ਜੋਗਾ ਸਿੰਘ ਜੀ ਕਾਰਸੇਵਾ ਵਾਲਿਆਂ ਦੇ ਪ੍ਰਬੰਧਾਂ ਵਿੱਚ ਧਾਰਮਿਕ ਸਮਾਗਮ ਕਰਵਾਇਆ ਗਿਆ।

ਸਮਾਗਮ ਵਿੱਚ ਨਿਸ਼ਕਾਮ ਕੀਰਤਨੀ ਜਥਾ ਭਾਈ ਅਮਰਜੀਤ ਸਿੰਘ ਖੁੰਡਾ ਵਾਲੇ, ਕਵੀਸ਼ਰੀ ਜਥਾ ਸੁਖਵਿੰਦਰ ਸਿੰਘ ਮਝੈਲ ਤੇ ਸਾਥੀ ਕਿਰਨਦੀਪ ਕੌਰ, ਦਮਨਪ੍ਰੀਤ ਕੌਰ, ਅਮਨਪ੍ਰੀਤ ਕੌਰ, ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਦੇ ਵਿਦਿਆਰਥੀਆਂ ਦਾ ਕਵੀਸ਼ਰੀ ਜਥਾ ਬਿਕਰਮਜੀਤ ਸਿੰਘ, ਦਮਨਪ੍ਰੀਤ ਸਿੰਘ ਤੇ ਪ੍ਰਭਜੋਤ ਸਿੰਘ, ਕਵੀਸ਼ਰੀ ਜਥਾ ਭਾਈ ਸ਼ਮਸ਼ੇਰ ਸਿੰਘ ਖੁੰਡਾ, ਕਥਾਵਾਚਕ ਭਾਈ ਸਤਨਾਮ ਸਿੰਘ ਜਫਰਵਾਲ ਆਦਿ ਜਥਿਆਂ ਨੇ ਗੁਰਬਾਣੀ ਕੀਰਤਨ, ਕਵੀਸ਼ਰੀਆਂ ਅਤੇ ਗ

8-APR-PAGE-12.qxd 4/7/2024 10:28 PM Page 1

ਕੇਜਰੀਵਾਲ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਡੀ ਸੀ ਦਫ਼ਤਰ ਅੱਗੇ ਕੀਤੀ ਇੱਕ ਦਿਨਾ ਭੁੱਖ ਹੜਤਾਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਦਿੱਲੀ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਕੇਜਰੀਵਾਲ ਦੀ ਨਜਾਇਜ਼ ਗ੍ਰਿਫ਼ਤਾਰੀ ਦੇ ਵਿਰੋਧ ਵਿਚ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਵਿਖੇ ਚੇਅਰਮੈਨ ਜ਼ਿਲ੍ਹਾ ਪਲੈਨਿੰਗ ਬੋਰਡ ਹੁਸ਼ਿਆਰਪੁਰ ਅਤੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਕਰਮਜੀਤ ਕੌਰ ਅਤੇ ਗੁਰਵਿੰਦਰ ਸਿੰਘ ਪਾਵਲਾ ਰੂਰਲ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ ਇੱਕ ਦਿਨਾ ਭੁੱਖ ਹੜਤਾਲ ਕੀਤੀ।ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਕੇਂਦਰ ਸਰਕਾਰ ਵੱਲੋਂ ਸੰਵਿਧਾਨ ਅਤੇ ਲੋਕਤੰਤਰ ਦੀ ਹੱਤਿਆ ਕਰਨ ਦੇ ਗੰਭੀਰ ਦੋਸ਼ ਲਾਏ ਅਤੇ ਲੋਕ ਮਾਰੂ ਨੀਤੀਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਲੋਕਾਂ ਨੂੰ ਲੋਕ ਸਭਾ ਦੀਆਂ ਹੋਣ ਜਾ ਰਹੀਆਂ ਚੋਣਾਂ ਵਿੱਚ ਬੀ ਜੇ ਪੀ ਦੇ ਉਮੀਦਵਾਰਾਂ ਨੂੰ ਹਰਾ ਕੇ ਸੰਵਿਧਾਨ, ਲੋਕਤੰਤਰ ਅਤੇ ਦੇਸ਼ ਨੂੰ ਬਚਾਉਣ ਦਾ ਸੱਦਾ ਦਿੱਤਾ। ਆਗੂਆਂ ਕਿਹਾ ਕਿ ਕੇਜਰੀਵਾਲ ਦੀ ਲੋਕਾਂ ਵਿੱਚ ਇਮਾਨਦਾਰ ਛਵੀ ਨਾਲੇ ਲੋਕਾਂ ਅਤੇ ਦੇਸ਼ ਦੇ ਹਿੱਤਾਂ ਲਈ ਕੀਤੇ ਕੰਮਾਂ ਕਰਕੇ ਵਧ ਰਹੀ ਲੋਕਪ੍ਰਿਯਤਾ ਮੋਦੀ ਅਤੇ ਭਾਜਪਾ ਦੇ ਆਗੂਆਂ ਤੋਂ ਸਹਾਰੀ ਨਹੀਂ ਜਾ ਰਹੀ। ਜਿਸ ਤੋਂ ਦੁਖੀ ਹੋ ਕੇ ਉਨ੍ਹਾਂ ਬਿਨਾਂ ਕਿਸੇ ਦੋਸ਼ ਦੇ ਨਜਾਇਜ਼ ਅਤੇ ਝੂਠੇ ਕੇਸ ਵਿੱਚ ਉਨ੍ਹਾਂ ਦੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਨੂੰ ਅਦਾਲਤ ਵਿੱਚ ਭੇਜ ਦਿੱਤਾ ਗਿਆ ਹੈ ਜਿਸ ਦਾ ਵਿਦੇਸ਼ਾਂ ਦੀਆਂ ਸਰਕਾਰਾਂ ਨੇ ਵੀ ਵਿਰੋਧ ਦਰਜ ਕਰਵਾਇਆ ਹੈ। ਉਨ੍ਹਾਂ ਕੇਂਦਰ ਦੀ ਮੋਦੀ ਸਰਕਾਰ ਅਤੇ ਈ.ਡੀ. ਦੇ ਅਧਿਕਾਰੀਆਂ 'ਤੇ ਤਾਨਾਸ਼ਾਹੀ ਦਾ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਅਸੀਂ ਇਸੇ ਤਰ੍ਹਾਂ ਇਕਜੁੱਟ ਹੋ ਕੇ ਆਪਣੇ ਨੇਤਾ, ਆਪਣੀ ਪਾਰਟੀ ਅਤੇ ਚੰਗੀ ਰਾਜਨੀਤੀ ਲਈ ਇਸੇ ਤਰ੍ਹਾਂ ਸੰਘਰਸ਼ ਕਰਦੇ ਰਹੀਏ ਤਾਂ ਉਹ ਦਿਨ ਦੂਰ ਨਹੀ ਜਦੋਂ ਸਮੁੱਚੇ ਭਾਰਤ ਵਿੱਚ ਆਮ ਅਦਮੀ ਪਾਰਟੀ ਦਾ ਰਾਜ ਸਥਾਪਤ ਹੋਵੇਗਾ। ਇਸ ਮੌਕੇ ਡਾਕਟਰ ਰਾਜ ਕੁਮਾਰ ਚੱਬੇਵਾਲ ਸਾਬਕਾ ਐਮ ਐਲ ਏ, ਹਰਮਿੰਦਰ ਸਿੰਘ ਬਖਸ਼ੀ ਲੋਕ ਸਭਾ ਪ੍ਰਭਾਰੀ ਅਤੇ ਵਾਈਸ ਚੇਅਰਮੈਨ ਇੰਡਸਟਰੀ ਬੋਰਡ, ਕਰਮਜੀਤ ਕੌਰ ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਜ਼ਿਲ੍ਹਾ ਪਲੈਨਿੰਗ ਬੋਰਡ ਹੁਸ਼ਿਆਰਪੁਰ, ਹਰਮੀਤ ਸਿੰਘ ਔਲਖ ਚੇਅਰਮੈਨ ਇੰਪਰੂਵਮੈਂਟ ਟਰੱਸਟ ਜ਼ਿਲ੍ਹਾ ਹੁਸ਼ਿਆਰਪੁਰ, ਸੰਦੀਪ ਸੈਣੀ ਚੇਅਰਮੈਨ, ਪੰਜਾਬ ਪਛੜੀਆਂ ਸ਼੍ਰੇਣੀਆਂ ਭੂਮੀ ਵਿਕਾਸ ਅਤੇ ਵਿੱਤ ਨਿਗਮ, ਜਸਬੀਰ ਸਿੰਘ ਜੱਲੋਵਾਲ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਹੁਸ਼ਿਆਰਪੁਰ, ਖੁਸ਼ੀ ਰਾਮ ਧੀਮਾਨ, ਸੁਰਿੰਦਰ ਕੁਮਾਰ ਛਿੰਦਾ ਮੇਅਰ ਨਗਰ ਨਿਗਮ ਹੁਸ਼ਿਆਰਪੁਰ, ਜਸਪਾਲ ਸਿੰਘ ਚੇਚੀ ਜ਼ਿਲ੍ਹਾ ਜਨਰਲ ਸਕੱਤਰ ਆਮ ਆਦਮੀ ਪਾਰਟੀ, ਕਰਿਸ਼ਨਜੀਤ ਰਾਓ ਕੈਂਡੋਵਾਲ, ਕੈਪਟਨ ਹਰਭਜਨ ਸਿੰਘ, ਮਨਦੀਪ ਕੌਰ, ਮਨਜੋਤ ਕੌਰ ਜਿਲ੍ਹਾ ਪ੍ਰਧਾਨ ਵੂਮੈਨ ਸੈੱਲ, ਐਸੀ ਵਿੰਗ ਜਿਲ੍ਹਾ ਪ੍ਰਧਾਨ ਰੌਕੀ ਮੌਲਾ, ਟ੍ਰਾਂਸਪੋਰਟ ਵਿੰਗ ਜ਼ਿਲ੍ਹਾ ਪ੍ਰਧਾਨ ਗੁਰਮੁਖ ਸਿੰਘ, ਸੀਨੀਅਰ ਆਗੂ ਦਵਿੰਦਰ ਸਿੰਘ ਬਡੇਸਰੋਂ, ਦਵਿੰਦਰ ਸਿੰਘ ਸੈਣੀ ਜ਼ਿਲ੍ਹਾ ਵਾਈਸ ਪ੍ਰਧਾਨ ਯੂਥ ਵਿੰਗ, ਤਰੁਨ ਗੁਪਤਾ, ਅਜੈ ਵਰਮਾ, ਰਣਜੀਤ ਸਹੋਤਾ, ਜਸਵੀਰ ਸਿੰਘ ਖਾਲਸਾ, ਆਦਿ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

ਸੇਵਾ ਮੁਕਤੀ 'ਤੇ ਐਡੀਸ਼ਨਲ ਐਕਸੀਅਨ ਕੁਲਦੀਪ ਕੁਮਾਰ ਸਿਰਫ ਅਫਸਰ ਹੀ ਨਹੀਂ, ਆਪਣੇ ਮੁਲਾਜ਼ਮਾਂ ਦੇ ਹਮਸਾਏ ਵੀ

ਛੇਹਰਟਾ : ਐਡੀਸ਼ਨਲ ਐਕਸੀਅਨ ਕੁਲਦੀਪ ਕੁਮਾਰ ਸਿਰਫ ਅਫਸਰ ਹੀ ਨਹੀਂ ਸੀ ਉਹ ਆਪਣੇ ਮੁਲਾਜ਼ਮਾਂ ਦੇ ਹਮਸਾਏ ਵੀ ਸਨ। ਅਫ਼ਸਰ ਹੁੰਦਿਆਂ ਵੀ ਉਨ੍ਹਾਂ ਨੇ ਮੁਲਾਜ਼ਮਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ। ਇਹ ਵਿਚਾਰ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਟੀ ਐਸ ਯੂ ਦੇ ਸਿਰਮੌਰ ਆਗੂ ਮੁਖਤਾਰ ਸਿੰਘ ਮਾਹਵਾ ਨੇ ਕੁਲਦੀਪ ਕੁਮਾਰ ਦੇ ਰਿਟਾਇਰਮੈਂਟ ਸਮਾਰੋਹ ਸਮੇਂ ਬੋਲਦਿਆਂ ਪੇਸ਼ ਕਹੇ। ਆਗੂਆਂ ਨੇ ਕਿਹਾ ਕਿ ਕੁਲਦੀਪ ਕੁਮਾਰ ਆਪ ਭਾਵੇਂ ਟੀ ਐਸ ਯੂ ਦਾ ਆਗੂ ਰਿਹਾ ਪਰ ਉਨ੍ਹਾਂ ਦਾ ਪਿਆਰ ਮੁਲਾਜ਼ਮਾਂ ਦੀਆਂ ਸਾਰੀਆਂ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਨਾਲ ਪੂਰਾ ਸੀ। ਉਹ ਆਪਣੇ ਮਹਿਕਮੇ ਦੇ ਕੰਮ ਵਿੱਚ ਵੀ ਨਿਪੁੰਨ ਸਨ। ਉਹ ਆਪਣੇ ਇਲਾਕੇ ਵਿੱਚ ਕਰਨ ਵਾਲੇ ਕੰਮਾਂ ਨੂੰ ਪਹਿਲਾਂ ਹੀ ਭਾਂਪ ਲੈਂਦੇ ਤੇ ਫਿਰ ਉਹ ਕੰਮ ਕਰਾ ਕੇ ਲੋਕਾਂ ਨੂੰ ਉਸ ਕੰਮ ਦਾ ਫਾਇਦੇ ਦੱਸਦੇ ਸਨ। ਉਹ ਡਿਊਟੀ ਦੇ ਇੰਨੇ ਪਾਬੰਦ ਸਨ ਕਿ ਗੈਰਹਾਜ਼ਰ ਤਾਂ ਹੋ ਨਹੀਂ ਸਨ ਸਕਦੇ । ਉਨ੍ਹਾਂ ਦੀ ਆਪਣੇ ਕੰਮਾਂ ਪ੍ਰਤੀ ਇੰਨੀ ਦਿਲਚਸਪੀ ਸੀ ਕਿ ਜੇ ਉਨ੍ਹਾਂ ਨੇ ਕਿਤੇ ਘਰੇਲੂ ਕੰਮ ਲਈ ਛੁੱਟੀ ਲਈ ਵੀ ਹੋਵੇ ਤੇ ਜੇ ਕੰਮ ਜਲਦੀ ਹੋ ਗਿਆ ਤੇ ਉਨ੍ਹਾਂ ਨੇ ਮੁੜ ਦਫ਼ਤਰ ਪਹੁੰਚ ਜਾਣਾ। ਹਕੀਕਤ ਇਹ ਸੀ ਕਿ ਉਨ੍ਹਾਂ ਕਦੀ ਕੰਮ ਪੈਂਡਿੰਗ ਰਹਿਣ ਹੀ ਨਹੀਂ ਸੀ ਦਿੱਤਾ। ਬਿਜਲੀ ਬੋਰਡ ਵਿੱਚ ਉਹ 20 ਸਤੰਬਰ 86 ਨੂੰ ਲਾਈਨਮੈਨ ਮੋਗਾ ਵਿਖੇ ਲੱਗੇ ਸਨ ਤੇ ਜਲਦੀ ਹੀ ਜੇ ਈ ਬਣ ਗਏ। ਫਿਰ ਜੇ ਈ ਵਨ, ਐਸ ਡੀ ਓ ਦੀ ਪਦਵੀ ਤੱਕ ਪਹੁੰਚ ਗਏ। ਕੁਲਦੀਪ ਕੁਮਾਰ ਹੁਣ ਮੋਗਾ ਤੋਂ ਬਤੌਰ ਐਡੀਸ਼ਨਲ ਐਕਸੀਅਨ 31 ਜਨਵਰੀ 24 ਨੂੰ ਰਿਟਾਇਰ ਹੋਏ ਹਨ। ਆਗੂਆਂ ਕਿਹਾ ਕਿ ਉਹ ਲਾਲ ਝੰਡੇ ਦੇ ਪ੍ਰਣਾਏ ਹੋਏ ਸਾਥੀ ਹਨ ਅਤੇ ਹਮੇਸ਼ਾ ਹੀ ਮੁਲਾਜ਼ਮਾਂ ਦੇ ਹੱਕਾਂ ਵਾਸਤੇ ਜੂਝਦੇ ਰਹੇ। ਆਸ ਹੈ ਕਿ ਉਹ ਅੱਗੇ ਵੀ ਲਾਲ ਝੰਡੇ ਦੀ ਲਹਿਰ ਦੀ ਛਤਰ ਛਾਇਆ ਹੇਠ ਕਿਰਤੀ- ਕਿਸਾਨਾਂ ਦੇ ਹੱਕ ਪ੍ਰਾਪਤ ਕਰਨ ਲਈ ਲੋਕਾਂ ਨੂੰ ਲਾਮਬੰਦ ਕਰਦੇ ਰਹਿਣਗੇ। ਕੁਲਦੀਪ ਕੁਮਾਰ ਦੀ ਜਨਮ ਭੂਮੀ ਪਿੰਡ ਤਲਵੰਡੀ ਰਾਮਾਂ ਜ਼ਿਲ੍ਹਾ ਗੁਰਦਾਸਪੁਰ ਹੈ ਤੇ ਇਸ ਵੇਲੇ ਗੁਰੂਆਂ ਦੀ ਧਰਤੀ 'ਤੇ ਛੇਹਰਟਾ ਰਹਿ ਰਿਹਾ ਹੈ। ਉਨ੍ਹਾਂ ਦੀ ਪਤਨੀ ਨੀਲਮ ਸ਼ਰਮਾ, ਪੁੱਤਰ ਵਿਨੋਦ ਸ਼ਰਮਾ ਤੇ ਉਸ ਦੀ ਪਤਨੀ ਪਰਿਤਭਾ ਹੈ। ਇੱਕ ਪੁੱਤਰ ਮਨੋਜ ਕੁਮਾਰ ਤੇ ਉਸ ਦੀ ਪਤਨੀ ਪਲਕ ਤੇ ਉਨ੍ਹਾਂ ਦੀ ਧੀ ਵਰਧਾ ਹੈ। ਕੁਲਦੀਪ ਕੁਮਾਰ ਦੇ ਬਾਪ ਦਾ ਨਾਮ ਲਾਲ ਚੰਦ ਤੇ ਮਾਤਾ ਇੰਦਰਾਵਤੀ ਸੀ। ਸਮਾਰੋਹ ਨੂੰ ਪੱਛਮ ਡਵੀਜ਼ਨ ਦੇ ਹੈਡ ਡਰਾਫਟਸਮੈਨ ਕੁਲਦੀਪ ਕੁਮਾਰ, ਏਟਕ ਦੇ ਸੂਬਾ ਆਗੂ ਮਨਜੀਤ ਸਿੰਘ ਬਾਸਰਕੇ, ਜੇ ਪੀ ਸਿੰਘ, ਲਖਨਪਾਲ, ਦਲਜੀਤ ਕੁਮਾਰ, ਜਸਪਾਲ ਸਿੰਘ ਜੇ ਈ ਮੋਗਾ, ਮੋਹਿਤ ਸ਼ਰਮਾ ਮੋਗਾ, ਇਕਬਾਲ ਸਿੰਘ, ਨਰੇਸ਼ ਕੁਮਾਰ, ਅਮਰਬੀਰ ਸਿੰਘ, ਇੰਜੀਨੀਅਰ ਹਰਜੀਤ ਸਿੰਘ, ਸਰਪੰਚ ਸਹਿਬੀਰ ਸਿੰਘ ਬੋਪਾਰਾਏ ਕਲਾਂ ਨੇ ਵੀ ਸੰਬੋਧਨ ਕੀਤਾ।

ਡੀ ਏ ਵੀ ਸਕੂਲ 'ਚ ਨਵੇਂ ਵਿੱਦਿਅਕ ਸੈਸ਼ਨ 2024-25 ਦਾ ਸ਼ਾਨਦਾਰ ਸਆਗਤ

ਫਿਲੌਰ (ਬੀ ਐਸ ਕੈਨੇਡੀ)- ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਹਮੇਸ਼ਾ ਹੀ ਇੱਕ ਮਹੱਤਵਪੂਰਨ ਮੌਕਾ ਹੁੰਦਾ ਹੈ, ਜੋ ਕਿ ਨਵੀਂ ਸ਼ੁਰੂਆਤ, ਇੱਛਾਵਾਂ ਅਤੇ ਮੌਕਿਆਂ ਦਾ ਪ੍ਰਤੀਕ ਹੁੰਦਾ ਹੈ। ਡੀ.ਆਰ.ਵੀ. ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ, ਫਿਲੌਰ ਨੇ ਨਵੇਂ ਵਿੱਦਿਅਕ ਸੈਸ਼ਨ 2024-25 ਦਾ ਸ਼ਾਨਦਾਰ ਸੁਆਗਤ ਕਰਨ ਲਈ ਸ਼ਾਨਦਾਰ ਅਤੇ ਸ਼ੁੱਭ ਸਮਾਗਮਾਂ ਦੀ ਇੱਕ ਲੜੀ ਦੇ ਨਾਲ ਮਾਣ ਨਾਲ ਉਦਘਾਟਨ ਕੀਤਾ।ਉਦਘਾਟਨ ਦੀ ਸ਼ੁਰੂਆਤ ਵਿਦਿਆਰਥੀਆਂ ਦੇ ਸਕੂਲ ਵਿੱਚ ਦਾਖਲ ਹੋਣ 'ਤੇ ਨਿੱਘੇ ਸੁਆਗਤ ਨਾਲ ਹੋਈ।ਜਿਵੇਂ ਹੀ ਉਹ ਗੇਟਾਂ ਵਿੱਚੋਂ ਲੰਘਦੇ ਸਨ, ਉਨ੍ਹਾਂ ਦਾ ਖੁਸ਼ਬੂਦਾਰ ਫੁੱਲਾਂ ਦੀਆਂ ਪੱਤੀਆਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ। ਵਿਦਿਆਰਥੀ ਫਿਰ ਅਸੈਂਬਲੀ ਵਿੱਚ ਇਕੱਠੇ ਹੋਏ, ਜਿੱਥੇ ਪ੍ਰਿੰਸੀਪਲ ਅਤੇ ਫੈਕਲਟੀ ਮੈਂਬਰਾਂ ਨੇ ਉਨ੍ਹਾਂ ਦਾ ਸਵਾਗਤ ਕੀਤਾ ।ਅਸੈਂਬਲੀ ਦੀ ਸ਼ੁਰੂਆਤ ਪ੍ਰੇਰਨਾਦਾਇਕ ਕਵਿਤਾਵਾਂ ਅਤੇ ਭਾਸ਼ਣਾਂ ਨਾਲ ਹੋਈ, ਜਿਸ ਨੇ ਵਿਦਿਆਰਥੀਆਂ ਨੂੰ ਉਤਸ਼ਾਹ, ਸਮਰਪਣ ਅਤੇ ਦ੍ਰਿੜ੍ਹਤਾ ਨਾਲ ਆਪਣੇ ਅਕਾਦਮਿਕ ਯਤਨਾਂ ਨੂੰ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ।ਅਗਾਮੀ ਵਿੱਦਿਅਕ ਵਰ੍ਹੇ ਦੀ ਸਫ਼ਲਤਾ ਅਤੇ ਖੁਸ਼ਹਾਲੀ ਲਈ ਹਵਨ ਸਮਾਗਮ ਕਰਵਾਇਆ ਗਿਆ।ਵਿਦਿਆਰਥੀਆਂ ਨੂੰ ਉਨ੍ਹਾਂ ਦੀ ਪੜ੍ਹਾਈ ਅਤੇ ਯਤਨਾਂ ਵਿੱਚ ਸਕਾਰਾਤਮਕ ਊਰਜਾ ਅਤੇ ਚੰਗੇ ਭਾਗਾਂ ਦਾ ਸੱਦਾ ਦੇਣ ਲਈ ਅਧਿਆਪਕਾਂ ਵੱਲੋਂ ਹਰ ਕਲਾਸ ਰੂਮ ਵਿੱਚ ਤਿਲਕ ਦੀ ਰਸਮ ਅਦਾ ਕੀਤੀ ਗਈ ।ਇਸ ਮੌਕੇ ਦੀ ਮਿਠਾਸ ਵਧਾਉਣ ਲਈ ਵਿਦਿਆਰਥੀਆਂ ਨੂੰ ਨਵੇਂ ਵਿਦਿਅਕ ਸੈਸ਼ਨ ਦੀ ਖੁਸ਼ੀ ਅਤੇ ਜਸ਼ਨ ਦਾ ਪ੍ਰਤੀਕ ਬਣਾਉਂਦੇ ਹੋਏ ਮਠਿਆਈਆਂ ਵੰਡੀਆਂ ਗਈਆਂ।ਉਦਘਾਟਨ ਦੀਆਂ ਮੁੱਖ ਗੱਲਾਂ ਵਿੱਚੋਂ ਇੱਕ ਲਿਟਲ ਹੈਂਡਸ ਮਾਰਕਿੰਗ ਸੈਰੇਮਨੀ ਸੀ, ਜਿੱਥੇ ਮਿੰਨੀ ਮਾਵਰਿਕਸ ਨੇ ਖੁਸ਼ੀ ਨਾਲ ਆਪਣੇ ਹੱਥਾਂ ਦੇ ਨਿਸ਼ਾਨ ਚਾਰਟ ਪੇਪਰ ਤੇ ਰੱਖੇ, ਜੋ ਸਕੂਲ ਵਿੱਚ ਆਪਣੇ ਪਹਿਲੇ ਨਿਸ਼ਾਨ ਨੂੰ ਦਰਸਾਉਂਦਾ ਹੈ।ਪ੍ਰਿੰਸੀਪਲ ਡਾ. ਯੋਗੇਸ਼ ਗੰਭੀਰ ਨੇ ਅਕਾਦਮਿਕ ਸਫ਼ਰ ਦੇ ਨਵੇਂ ਅਧਿਆਏ ਵਿੱਚ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਕਿ ਉਨ੍ਹਾਂ ਦੀ ਸਮਰੱਥਾ ਅਸੀਮ ਹੈ ਅਤੇ ਦ੍ਰਿੜ੍ਹ ਇਰਾਦੇ, ਲਚਕੀਲੇਪਣ ਅਤੇ ਸਮਰਪਣ ਨਾਲ, ਉਹ ਕੁਝ ਵੀ ਪ੍ਰਾਪਤ ਕਰ ਸਕਦੇ ਹਨ।

ਰਣਜੀਤ ਸਿੰਘ ਖੁਰਾਣਾ ਤੇ ਰਜਿੰਦਰ ਸਿੰਘ ਚੰਦੀ ਨੇ ਡਾ. ਦਲਜੀਤ ਸਿੰਘ ਚੀਮਾ ਨਾਲ ਕੀਤੀ ਮੁਲਾਕਾਤ

ਫਗਵਾੜਾ (ਢੱਡਾ)- ਵਿਧਾਨ ਸਭਾ ਹਲਕਾ ਫਗਵਾੜਾ ਸ਼ਹਿਰੀ ਤੋਂ ਸ਼੍ਰੋਮਣੀ ਅਕਾਲੀ ਦਲ (ਬ) ਦੇ ਨਵਨਿਯੁਕਤ ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਰਜਿੰਦਰ ਸਿੰਘ ਚੰਦੀ ਨੇ ਸਾਬਕਾ ਕੈਬਨਿਟ ਮੰਤਰੀ ਅਤੇ ਪਾਰਟੀ ਦੇ ਸਪੋਕਸ ਪਰਸਨ ਡਾ. ਦਲਜੀਤ ਸਿੰਘ ਚੀਮਾ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਦੋਵੇਂ ਨਵਨਿਯੁਕਤ ਹਲਕਾ ਇੰਚਾਰਜਾਂ ਨੇ ਆਪਣੀ ਨਿਯੁਕਤੀ ਲਈ ਡਾ. ਚੀਮਾ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਭਰੋਸਾ ਦੁਆਇਆ ਕਿ ਲੋਕ ਸਭਾ ਚੋਣਾਂ ਵਿਚ ਫਗਵਾੜਾ ਵਿਧਾਨ ਸਭਾ ਹਲਕੇ ਤੋਂ ਪਾਰਟੀ ਦੇ ਉਮੀਦਵਾਰ ਨੂੰ ਭਾਰੀ ਲੀਡ ਦੁਆ ਕੇ ਜਿੱਤ ਯਕੀਨੀ ਬਣਾਈ ਜਾਵੇਗੀ। ਮੁਲਾਕਾਤ ਸਬੰਧੀ ਜਾਣਕਾਰੀ ਦਿੰਦਿਆਂ ਖੁਰਾਣਾ ਅਤੇ ਚੰਦੀ ਨੇ ਦੱਸਿਆ ਕਿ ਡਾ. ਚੀਮਾ ਨਾਲ ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਪਾਰਟੀ ਦੇ ਸੰਭਾਵਿਤ ਉਮੀਦਵਾਰ ਅਤੇ ਫਗਵਾੜਾ ਦੇ ਸਿਆਸੀ ਹਾਲਾਤ ਬਾਰੇ ਵੀ ਚਰਚਾ ਹੋਈ।

ਡਾ. ਚੀਮਾ ਨੇ ਭਰੋਸਾ ਦਿੱਤਾ ਹੈ ਕਿ ਬਹੁਤ ਜਲਦੀ ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਦੇ ਨਾਂਅ ਦਾ ਐਲਾਨ ਕੀਤਾ ਜਾਵੇਗਾ। ਉਨ੍ਹਾਂ ਨੇ ਵਰਕਰਾਂ ਵਿਚ ਜੋਸ਼ ਭਰਨ ਅਤੇ ਲੋਕ ਸਭਾ ਚੋਣਾਂ ਦੀ ਤਿਆਰੀ ਸ਼ੁਰੂ ਕਰਨ ਦੀ ਹਦਾਇਤ ਕੀਤੀ ਹੈ। ਖੁਰਾਨਾ ਨੇ ਕਿਹਾ ਕਿ ਬਹੁਤ ਜਲਦੀ ਸਮੂਹ ਵਰਕਰਾਂ ਦੇ ਸਹਿਯੋਗ ਸਦਕਾ ਵੋਟਰਾਂ ਨਾਲ ਸਿੱਧੇ ਤੌਰ 'ਤੇ ਰਾਬਤਾ ਕਰਕੇ ਸ਼੍ਰੋਮਣੀ ਅਕਾਲੀ ਦਲ ਦੀਆਂ ਪੰਜਾਬ ਤੇ ਪੰਥ ਪੱਖੀ ਨੀਤੀਆਂ ਨਾਲ ਜਾਣੂ ਕਰਵਾਇਆ ਜਾਵੇਗਾ।

ਅਰਵਿੰਦ ਕੇਜਰੀਵਾਲ ਦੇ ਹੱਕ 'ਚ ਸਮੂਹਿਕ ਵਰਤ

ਜਲੰਧਰ (ਰਾਜੇਸ਼ ਥਾਪਾ)-ਅੱਜ ਆਮ ਆਦਮੀ ਪਾਰਟੀ ਜ਼ਿਲ੍ਹਾ ਇਕਾਈ ਜਲੰਧਰ ਵੱਲੋਂ ਅਰਵਿੰਦ ਕੇਜਰੀਵਾਲ ਕੌਮੀ ਕਨਵੀਨਰ ਆਮ ਆਦਮੀ ਪਾਰਟੀ ਦੇ ਹੱਕ 'ਚ ਸਮੂਹਿਕ ਵਰਤ ਰੱਖਿਆ ਗਿਆ ਜਿਸ ਵਿਚ ਮੋਦੀ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਇਹ ਵਰਤ ਸਵੇਰੇ 10:00 ਵਜੇ ਤੋਂ ਸ਼ੁਰੂ ਕੀਤਾ ਗਿਆ ਸੀ ਤੇ ਸ਼ਾਮ 4:00 ਵਜੇ ਸਮਾਪਤ ਹੋਇਆ।ਇਸ ਮੌਕੇ ਬਲਕਾਰ ਸਿੰਘ ਲੋਕਲ ਬਾਡੀ ਮੰਤਰੀ ਸਥਾਨਕ ਸਰਕਾਰਾਂ ਪੰਜਾਬ, ਚੰਦਨ ਗਰੇਵਾਲ ਚੇਅਰਮੈਨ ਸਫਾਈ ਕਮਿਸ਼ਨ ਪੰਜਾਬ, ਰਮਨ ਅਰੋੜਾ ਐੱਮ ਐਲ ਏ ਜਲੰਧਰ ਸੈਂਟਰਲ, ਅੰਮ੍ਰਿਤ ਪਾਲ ਸਿੰਘ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਤੇ ਜ਼ਿਲ੍ਹਾ ਪ੍ਰਧਾਨ ਜਲੰਧਰ ਸ਼ਹਿਰੀ, ਸਟੀਫਨ ਕਲੇਰ ਜ਼ਿਲ੍ਹਾ ਪ੍ਰਧਾਨ ਜਲੰਧਰ ਦਿਹਾਤੀ, ਅਸ਼ਵਨੀ ਅਗਰਵਾਲ ਲੋਕ ਸਭਾ ਇੰਚਾਰਜ ਜਲੰਧਰ, ਦਿਨੇਸ਼ ਢੱਲ ਹਲਕਾ ਇੰਚਾਰਜ ਜਲੰਧਰ ਦੱਖਣੀ, ਗੁਰਿੰਦਰ ਸਿੰਘ ਜਮਸ਼ੇਰ ਜ਼ਿਲ੍ਹਾ ਸਕੱਤਰ ਜਲੰਧਰ ਸ਼ਹਿਰੀ, ਰਾਜਵਿੰਦਰ ਕੌਰ ਥਿਆੜਾ, ਸੰਜੀਵ ਭਗਤ ਜ਼ਿਲ੍ਹਾ ਮੀਡੀਆ ਇੰਚਾਰਜ ਜਲੰਧਰ, ਕਸ਼ਮੀਰ ਸਿੰਘ ਮੱਲ੍ਹੀ ਚੇਅਰਮੈਨ, ਸੁਭਾਸ਼ ਭਗਤ ਚੇਅਰਮੈਨ, ਇੰਦਰਵੰਸ਼ ਚੱਢਾ, ਆਤਮ ਪ੍ਰਕਾਸ਼ ਸਿੰਘ ਬੱਬਲੂ ਸੂਬਾ ਜੁਆਇੰਟ ਸਕੱਤਰ, ਗੁਰਪ੍ਰੀਤ ਕੌਰ ਮਹਿਲਾ ਵਿੰਗ ਪ੍ਰਧਾਨ, ਸੁਭਾਸ਼ ਸ਼ਰਮਾ, ਜਸਕਰਨ ਸਿੰਘ ਸੋਸ਼ਲ ਮੀਡੀਆ ਇੰਚਾਰਜ, ਬਲਬੀਰ ਸਿੰਘ ਬਲਾਕ ਪ੍ਰਧਾਨ, ਗੁਰਨਾਮ ਸਿੰਘ ਜ਼ਿਲ੍ਹਾ ਵਾਈਸ ਪ੍ਰਧਾਨ ਐਸੀ ਵ